ਸੂਚਨਾ
ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।
ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)
ਮੋ: 86995-69067

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

ਆਜ਼ਾਦ ਸੋਚ ™

www.facebook.com/Azadsoch www.youtube.com/AzadSoch

ਪਟਿਆਲਾ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website :
www.azadsoch.in
Mail Us at :
azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 34 | ਅੰਕ (Vol.) 148 | ਮੁੱਲ (Rate) 01.00 ਰੁਪਏ | Thursday 18 June,2026 | ਵੀਰਵਾਰ 18 ਜੂਨ 2026

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ

ਬੀਤੇ ਸਮੇਂ ਦੀਆਂ ਬੇਅਦਬੀ ਦੀਆਂ ਘਟਨਾਵਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਦੋਸ਼ੀ ਜੇਲ੍ਹ ਜਾਣਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਆ ਜ਼ਾਦ ਸੋਚ
ਆਜ਼ਾਦ ਸੋਚ ਬਿਊਰੋ
ਟਾਂਡਾ(ਹੁਸ਼ਿਆਰਪੁਰ) , 17 ਜੂਨ

ਪੰਜਾਬ ਦੇ ਭਵਿੱਖ ਨੂੰ ਹੁਣ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਅਤੇ ਮਾੜੇ ਕੰਮਾਂ ਦਾ ਸ਼ਿਕਾਰ ਨਾ ਬਣਨ ਦੇਣ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸੂਬੇ ਨੇ ਪਿਛਲੇ ਦਹਾਕਿਆਂ ਦੌਰਾਨ ਬਹੁਤ ਸੰਤਾਪ ਹੰਢਾਇਆ ਹੈ, ਪਰ ਹੁਣ ਇਹ ਵਿਕਾਸ, ਮੌਕਿਆਂ ਅਤੇ ਖੁਸ਼ਹਾਲੀ ਦੇ ਨਵੇਂ ਯੁੱਗ ਵੱਲ ਲਗਾਤਾਰ ਵਧ ਰਿਹਾ ਹੈ। ਟਾਂਡਾ ਹਲਕੇ ਦੇ ਪਿੰਡ ਭੱਟਲਾਂ ਵਿਖੇ 'ਲੋਕ ਮਿਲਣੀ' ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਉਪਜਾਊ ਜਮੀਨ, ਭਰਪੂਰ ਪਾਣੀ ਦੇ ਸਰੋਤਾਂ, ਅਨੁਕੂਲ ਮੌਸਮ ਅਤੇ ਮਿਹਨਤੀ ਲੋਕਾਂ ਦੀ ਬਖਸ਼ਿਸ਼ ਹੋਣ ਦੇ ਬਾਵਜੂਦ ਪੰਜਾਬ ਨੂੰ ਉਨ੍ਹਾਂ ਪਿਛਲੀਆਂ ਸਰਕਾਰਾਂ ਕਾਰਨ ਆਪਣੀ ਪੂਰੀ ਸਮਰੱਥਾ ਮੁਤਾਬਕ ਵਧਣ-ਫੁੱਲਣ ਦਾ ਮੌਕਾ ਨਹੀਂ ਮਿਲਿਆ, ਜੋ ਸੂਬੇ ਦੇ ਹਿੱਤਾਂ ਨੂੰ ਸਭ ਤੋਂ ਅੱਗੇ ਰੱਖਣ ਵਿੱਚ ਨਾਕਾਮ ਰਹੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਲਈ ਮੌਕੇ ਪੈਦਾ ਕਰਨ, ਸਿੱਖਿਆ ਅਤੇ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਇੱਕ ਅਜਿਹਾ 'ਰੰਗਲਾ ਪੰਜਾਬ' ਸਿਰਜਣ ਲਈ ਵਚਨਬੱਧ ਹੈ, ਜਿੱਥੇ ਕਿਸੇ ਵੀ ਨੌਜਵਾਨ ਨੂੰ ਬਿਹਤਰ ਭਵਿੱਖ ਦੀ ਭਾਲ ਵਿੱਚ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਨਾ ਹੋਣਾ ਪਵੇ।

ਇਨਸਾਫ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਬੀਤੇ ਸਮੇਂ ਦੀਆਂ ਬੇਅਦਬੀ ਦੀਆਂ ਘਟਨਾਵਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਜ਼ਿੰਮੇਵਾਰ ਲੋਕਾਂ ਨੂੰ ਜੇਲ੍ਹ ਭੇਜਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਵੱਲੋਂ ਬਣਾਇਆ ਗਿਆ ਸਖਤ ਕਾਨੂੰਨ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਇੱਕ ਮਜ਼ਬੂਤ ਢਾਲ ਵਜੋਂ ਕੰਮ ਕਰੇਗਾ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਬਰਗਾੜੀ ਵਿਖੇ ਹੋਈ ਬੇਅਦਬੀ ਦੀਆਂ ਘਟਨਾਵਾਂ ਅਤੇ ਬਹਿਬਲ ਕਲਾਂ ਤੇ ਕੋਟਕਪੂਰਾ ਵਿਖੇ ਹੋਏ ਗੋਲੀ ਕਾਂਡ ਨੇ ਹਰ ਪੰਜਾਬੀ, ਖਾਸ ਕਰਕੇ ਸਿੱਖ ਸੰਗਤ ਦੀ ਆਤਮਾ ਨੂੰ ਵਲੂੰਧਰ ਕੇ ਰੱਖ ਦਿੱਤਾ ਸੀ। ਇਹ ਜਖਮ ਅੱਜ ਵੀ ਲੋਕਾਂ ਦੇ ਮਨਾਂ ਵਿੱਚ ਤਾਜਾ ਹਨ। ਮੈਂ ਹਰ ਪੰਜਾਬੀ ਨੂੰ ਭਰੋਸਾ ਦਿਵਾਉਣਾ ਚਾਹੁੰਦਾ ਹਾਂ ਕਿ ਇਨਸਾਫ ਜਰੂਰ ਹੋਵੇਗਾ ਅਤੇ ਇਨ੍ਹਾਂ ਘਿਨਾਉਣੇ ਅਪਰਾਧਾਂ ਦੇ ਜ਼ਿੰਮੇਵਾਰ ਲੋਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ।"

ਮੁੱਖ ਮੰਤਰੀ ਨੇ ਕਿਹਾ, "ਸਾਡੀ ਸਰਕਾਰ ਇਨਸਾਫ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਇਨ੍ਹਾਂ ਅਪਰਾਧਾਂ ਦੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕੀਤਾ ਜਾਵੇਗਾ ਅਤੇ ਸਲਾਖਾਂ ਪਿੱਛੇ ਭੇਜਿਆ ਜਾਵੇਗਾ। ਅਸੀਂ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਲਾਗੂ ਕੀਤਾ ਹੈ, ਜੋ ਬੇਅਦਬੀ ਲਈ ਸਖਤ ਸਜਾ ਦਾ ਪ੍ਰਬੰਧ ਕਰਦਾ ਹੈ। ਇਹ ਕਾਨੂੰਨ ਇਹ ਯਕੀਨੀ ਬਣਾਏਗਾ ਕਿ ਭਵਿੱਖ ਵਿੱਚ ਕੋਈ ਵੀ ਅਜਿਹਾ ਨਾ-ਮਾਫੀਯੋਗ ਗੁਨਾਹ ਕਰਨ ਦੀ ਹਿੰਮਤ ਨਾ ਕਰੇ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ "ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਲਈ ਪਿਤਾ ਸਮਾਨ ਹਨ। ਇਸ ਦੀ ਪਵਿੱਤਰਤਾ ਅਤੇ ਸਤਿਕਾਰ ਬਣਾਈ ਰੱਖਣਾ ਸਾਡਾ ਸਾਰਿਆਂ ਦਾ ਸਾਂਝਾ ਫਰਜ ਹੈ। ਜੇਕਰ ਕੋਈ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਾਨ ਦੀ ਰੱਖਿਆ ਨਹੀਂ ਕਰ ਸਕਦੀ ਤਾਂ ਉਹ ਸਮਾਜ ਪ੍ਰਤੀ ਆਪਣੀ ਸਭ ਤੋਂ ਬੁਨਿਆਦੀ ਜ਼ਿੰਮੇਵਾਰੀ ਵਿੱਚ ਫੇਲ੍ਹ ਸਾਬਤ ਹੁੰਦੀ ਹੈ।"

ਅਕਾਲੀ ਲੀਡਰਸ਼ਿਪ 'ਤੇ ਨਿਸਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ, "ਜਿਨ੍ਹਾਂ ਨੇ ਗੁਰਬਾਣੀ ਦੇ ਨਾਂ 'ਤੇ ਵੋਟਾਂ ਮੰਗੀਆਂ, ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰੱਖਿਆ ਕਰਨ ਵਿੱਚ ਨਾਕਾਮ ਰਹੇ। ਉਨ੍ਹਾਂ ਨੇ ਸਿਆਸੀ ਲਾਹੇ ਲਈ ਧਰਮ ਦੀ ਵਰਤੋਂ ਕੀਤੀ ਅਤੇ ਪੰਜਾਬ ਦੇ ਲੋਕ ਉਨ੍ਹਾਂ ਦੇ ਰਾਜ ਦੌਰਾਨ ਵਾਪਰੀਆਂ ਘਟਨਾਵਾਂ ਦੇ ਦਰਦ ਨੂੰ ਭੁੱਲੇ ਨਹੀਂ ਹਨ।"

ਉਨ੍ਹਾਂ ਨੇ ਇਸਾਰਾ ਕਰਦਿਆਂ ਕਿਹਾ, "ਕੁਝ ਆਗੂ ਆਪਣੇ ਕਾਰਜਕਾਲ ਦੌਰਾਨ ਹੋਏ ਵਿਕਾਸ ਦੀਆਂ ਗੱਲਾਂ ਕਰਦੇ ਹਨ, ਪਰ ਉਹ ਬਰਗਾੜੀ, ਬਹਿਬਲ ਕਲਾਂ ਅਤੇ ਕੋਟਕਪੂਰਾ ਨੂੰ ਆਸਾਨੀ ਨਾਲ ਭੁੱਲ ਜਾਂਦੇ ਹਨ। ਪੰਜਾਬ ਉਨ੍ਹਾਂ ਦਰਦਨਾਕ ਪਲਾਂ ਨੂੰ ਕਦੇ ਨਹੀਂ ਭੁੱਲ ਸਕਦਾ। ਲੋਕਾਂ ਅਤੇ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਦੇ ਖ਼ਿਲਾਫ ਕੀਤੇ ਗਏ ਪਾਪਾਂ ਨੂੰ ਕਦੇ ਵੀ ਮਿਟਾਇਆ ਨਹੀਂ ਜਾ ਸਕਦਾ।"

ਪੰਜਾਬ ਦੇ ਸਫਰ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਨੇ ਬਹੁਤ ਸੰਤਾਪ ਹੰਢਾਇਆ ਹੈ। ਇਹ 1947 ਵਿੱਚ ਵੰਡ ਦੌਰਾਨ ਉੱਜੜਿਆ, 1984 ਵਿੱਚ ਫਿਰ ਦੁੱਖ ਝੱਲਿਆ ਅਤੇ ਫਿਰ ਪਿਛਲੀਆਂ ਸਰਕਾਰਾਂ ਦੇ ਰਾਜ ਵਿੱਚ ਸਾਲਾਂ ਬੱਧੀ ਲੁੱਟ-ਖਸੁੱਟ ਅਤੇ ਸੋਸਣ ਦਾ ਸ਼ਿਕਾਰ ਹੋਇਆ। ਅਸੀਂ ਹੁਣ ਪੰਜਾਬ ਦੀ ਤਰੱਕੀ ਨੂੰ ਹੋਰ ਰੁਕਣ ਨਹੀਂ ਦੇ ਸਕਦੇ।"

ਉਨ੍ਹਾਂ ਅੱਗੇ ਕਿਹਾ, "ਪਰਮਾਤਮਾ ਨੇ ਪੰਜਾਬ ਨੂੰ ਉਪਜਾਊ ਜਮੀਨ, ਭਰਪੂਰ ਪਾਣੀ, ਅਨੁਕੂਲ ਮੌਸਮ ਅਤੇ ਮਿਹਨਤੀ ਲੋਕਾਂ ਦੀ ਬਖਸ਼ਿਸ਼ ਕੀਤੀ ਹੈ। ਪੰਜਾਬ ਵਿੱਚ ਸਾਧਨਾਂ ਦੀ ਕੋਈ ਕਮੀ ਨਹੀਂ ਹੈ। ਪੰਜਾਬ ਕੋਲ ਸਾਲਾਂ ਤੋਂ ਜਿਸ ਚੀਜ ਦੀ ਕਮੀ ਸੀ, ਉਹ ਸੀ ਅਜਿਹੀ ਲੀਡਰਸ਼ਿਪ ਜੋ ਨਿੱਜੀ ਅਤੇ ਸਿਆਸੀ ਹਿੱਤਾਂ ਤੋਂ ਉੱਪਰ ਉੱਠ ਕੇ ਸੂਬੇ ਦੇ ਹਿੱਤਾਂ ਨੂੰ ਮੁੱਖ ਰੱਖੇ।"

ਨੌਜਵਾਨਾਂ ਨੂੰ ਭਾਵੁਕ ਅਪੀਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਿਸੇ ਵੀ ਨੌਜਵਾਨ ਨੂੰ ਸਿਰਫ ਕੈਨੇਡਾ, ਅਮਰੀਕਾ ਜਾਂ ਹੋਰ ਵਿਦੇਸ਼ਾਂ ਦੇ ਸੁਪਨੇ ਦੇਖਣ ਲਈ ਮਜਬੂਰ ਨਹੀਂ ਹੋਣਾ ਚਾਹੀਦਾ। ਅਸੀਂ ਇੱਥੇ ਪੰਜਾਬ ਵਿੱਚ ਹੀ ਮੌਕੇ ਪੈਦਾ ਕਰ ਰਹੇ ਹਾਂ। ਅਸੀਂ ਸਾਰੇ ਮਿਲ ਕੇ ਇੱਕ ਅਜਿਹਾ ਰੰਗਲਾ ਪੰਜਾਬ ਬਣਾਵਾਂਗੇ ਜਿੱਥੇ ਸਾਡੇ ਨੌਜਵਾਨ ਆਪਣੇ ਪਰਿਵਾਰਾਂ ਅਤੇ ਜੜ੍ਹਾਂ ਦੇ ਨੇੜੇ ਰਹਿ ਕੇ ਆਪਣੀਆਂ ਇੱਛਾਵਾਂ ਨੂੰ ਪੂਰਾ ਕਰ ਸਕਣਗੇ।"

ਮੁੱਖ ਮੰਤਰੀ ਨੇ ਕਿਹਾ, "ਸਾਲਾਂਬੱਧੀ, ਪਰਿਵਾਰਾਂ ਨੂੰ ਮੁਸਕਲ ਹਾਲਾਤਾਂ ਵਿੱਚ ਧੱਕਿਆ ਗਿਆ। ਮਾਪੇ ਪਿੱਛੇ ਰਹਿ ਗਏ ਜਦੋਂ ਕਿ ਉਨ੍ਹਾਂ ਦੇ ਬੱਚੇ ਮੌਕਿਆਂ ਦੀ ਭਾਲ ਵਿੱਚ ਮਜਬੂਰਨ ਵਿਦੇਸ ਚਲੇ ਗਏ। ਅਸੀਂ ਸਿੱਖਿਆ, ਸਿਹਤ ਸੰਭਾਲ, ਰੁਜਗਾਰ ਦੇ ਮੌਕੇ ਪੈਦਾ ਕਰਕੇ ਅਤੇ ਬਨਿਆਦੀ ਢਾਂਚੇ ਨੂੰ ਮਜਬੂਤ ਕਰਕੇ ਉਸ ਹਕੀਕਤ ਨੂੰ ਬਦਲ ਰਹੇ ਹਾਂ।"

ਅੱਜ ਦੇ ਵਿਸ਼ਾਲ ਇਕੱਠ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਇੱਥੇ ਇੰਨੀ ਵੱਡੀ ਗਿਣਤੀ ਵਿੱਚ ਮਾਵਾਂ, ਭੈਣਾਂ, ਬਜੁਰਗਾਂ ਅਤੇ ਨੌਜਵਾਨਾਂ ਦਾ ਇਕੱਠੇ ਹੋਣਾ ਲੋਕਾਂ ਅਤੇ ਇਸ ਸਰਕਾਰ ਵਿਚਕਾਰ ਗੂੜੀ ਸਾਂਝ ਨੂੰ ਦਰਸਾਉਂਦਾ ਹੈ। ਇਹ ਮਹਿਜ ਇੱਕ ਸਿਆਸੀ ਪ੍ਰੋਗਰਾਮ ਨਹੀਂ ਹੈ; ਇਹ ਮੇਰੀ ਮੇਰੇ ਆਪਣੇ ਪਰਿਵਾਰ ਨਾਲ ਇੱਕ ਮਿਲਣੀ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਰਾ ਪੰਜਾਬ ਮੇਰਾ ਪਰਿਵਾਰ ਹੈ। ਨੌਜਵਾਨਾਂ ਲਈ ਨੌਕਰੀਆਂ, ਬੱਚਿਆਂ ਲਈ ਮਿਆਰੀ ਸਿੱਖਿਆ ਅਤੇ ਹਰ ਘਰ ਲਈ ਵਧੀਆ ਸਿਹਤ ਸਹੂਲਤਾਂ ਯਕੀਨੀ ਬਣਾਉਣਾ ਮੇਰੀ ਜ਼ਿੰਮੇਵਾਰੀ ਹੈ। ਲੋਕਾਂ ਵੱਲੋਂ ਦਿਖਾਇਆ ਗਿਆ ਪਿਆਰ ਅਤੇ ਵਿਸਵਾਸ ਮੈਨੂੰ ਹੋਰ ਵੀ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ।"

ਮਹਿਲਾ ਕਰਮਚਾਰੀਆਂ ਲਈ ਵੱਡੀ ਰਾਹ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਗਰੁੱਪ-ਸੀ ਅਤੇ ਗਰੁੱਪ-ਡੀ ਦੀਆਂ ਮਹਿਲਾ ਕਰਮਚਾਰੀਆਂ ਨੂੰ ਉਨ੍ਹਾਂ ਦੇ ਘਰਾਂ ਦੇ 40 ਕਿਲੋਮੀਟਰ ਦੇ ਘੇਰੇ ਵਿੱਚ ਤਾਇਨਾਤ ਕੀਤਾ ਜਾਵੇਗਾ। ਮੈਂ ਅਧਿਕਾਰੀਆਂ ਨੂੰ ਇਸ ਉਪਰਾਲੇ ਨੂੰ ਛੇਤੀ ਤੋਂ ਛੇਤੀ ਲਾਗੂ ਕਰਨ ਲਈ ਰੂਪ-ਰੇਖਾ ਤਿਆਰ ਕਰਨ ਦੇ ਨਿਰਦੇਸ ਦਿੱਤੇ ਹਨ। ਸਟਾਫ ਨਰਸਾਂ, ਅਧਿਆਪਕਾਂ ਅਤੇ ਮਹਿਲਾ ਪੁਲਿਸ ਕਰਮਚਾਰੀਆਂ ਸਮੇਤ ਹਜਾਰਾਂ ਮਹਿਲਾ ਕਰਮਚਾਰੀਆਂ ਨੂੰ ਇਸ ਫੈਸਲੇ ਦਾ ਲਾਭ ਮਿਲੇਗਾ। ਅਸੀਂ ਪ੍ਰਸਾਸਨ ਨੂੰ ਔਰਤਾਂ ਦੀਆਂ ਲੋੜਾਂ ਪ੍ਰਤੀ ਵਧੇਰੇ ਸੰਵੇਦਨਸੀਲ ਅਤੇ ਜਵਾਬਦੇਹ ਬਣਾਉਣ ਲਈ ਵਚਨਬੱਧ ਹਾਂ।"

ਇੱਕ ਹੋਰ ਪਹਿਲਕਦਮੀ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਪੰਜਾਬ ਨੇ ਹਾਈ-ਟੈਂਸ਼ਨ ਬਿਜਲੀ ਦੀਆਂ ਤਾਰਾਂ ਨੂੰ ਜਮੀਨਦੋਜ (ਅੰਡਰਗਰਾਊਂਡ) ਕਰਨ ਲਈ ਦੇਸ ਦਾ ਪਹਿਲਾ ਪ੍ਰੋਜੈਕਟ ਸੁਰੂ ਕੀਤਾ ਹੈ। ਇਹ ਪ੍ਰੋਜੈਕਟ ਪਿੰਡਾਂ ਨੂੰ ਉਪਰੋਂ ਲੰਘਦੀਆਂ ਤਾਰਾਂ ਅਤੇ ਖੰਭਿਆਂ ਤੋਂ ਮੁਕਤ ਕਰੇਗਾ। ਉੱਪਰਲੀਆਂ ਤਾਰਾਂ ਲੋਕਾਂ, ਪਸੂਆਂ ਅਤੇ ਖੇਤੀਬਾੜੀ ਮਸੀਨਰੀ ਲਈ ਖਤਰਾ ਬਣੀਆਂ ਰਹਿੰਦੀਆਂ ਹਨ। ਫਸਲਾਂ ਨੂੰ ਅੱਗ ਲੱਗਣ, ਤੂਫਾਨ ਅਤੇ ਹਾਦਸਿਆਂ ਕਾਰਨ ਅਕਸਰ ਬਿਜਲੀ ਦੇ ਢਾਂਚੇ ਨੂੰ ਨੁਕਸਾਨ ਪਹੁੰਚਦਾ ਹੈ। ਇਹ ਪ੍ਰੋਜੈਕਟ ਲੋਕਾਂ ਨੂੰ ਲੰਬੇ ਸਮੇਂ ਦੀ ਰਾਹਤ ਦੇਵੇਗਾ ਅਤੇ ਪਿੰਡਾਂ ਵਿੱਚ ਸੁਰੱਖਿਆ ਨੂੰ ਬਿਹਤਰ ਬਣਾਏਗਾ।"

ਮੁੱਖ ਮੰਤਰੀ ਨੇ ਕਿਹਾ, "ਅੱਜ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ। ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜਿਸ ਨੂੰ ਕਦੇ ਅਸੰਭਵ ਮੰਨਿਆ ਜਾਂਦਾ ਸੀ। ਇਸ ਨਾਲ ਕਿਸਾਨਾਂ ਨੂੰ ਹਜਾਰਾਂ ਰੁਪਏ ਬਚਾਉਣ ਵਿੱਚ ਮਦਦ ਮਿਲੀ ਹੈ ਜੋ ਪਹਿਲਾਂ ਜਨਰੇਟਰਾਂ ਲਈ ਡੀਜਲ 'ਤੇ ਖਰਚ ਹੁੰਦੇ ਸਨ।"

ਉਨ੍ਹਾਂ ਅੱਗੇ ਕਿਹਾ, "ਆਪ ਸਰਕਾਰ ਨੇ ਸੂਬੇ ਵਿੱਚ ਸਿੰਚਾਈ ਨੂੰ ਮਜਬੂਤ ਕਰਨ ਲਈ 14,000 ਕਿਲੋਮੀਟਰ ਤੋਂ ਵੱਧ ਪਾਈਪਲਾਈਨਾਂ ਅਤੇ ਖਾਲੇ ਵਿਛਾਏ ਹਨ ਅਤੇ 21,000 ਕਿਊਸਿਕ ਪਾਣੀ ਛੱਡਿਆ ਹੈ। ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਸੁਧਾਰਨ ਅਤੇ ਟਿਕਾਊ ਪਾਣੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਰੀਚਾਰਜ ਪੁਆਇੰਟ ਵੀ ਬਣਾਏ ਗਏ ਹਨ।"

ਭਲਾਈ ਸਕੀਮਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸਾਰੇ ਵਰਗਾਂ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਮਿਲਣਗੇ, ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ। ਇਹ ਸਹਾਇਤਾ ਸਾਡੀਆਂ ਮਾਵਾਂ ਅਤੇ ਧੀਆਂ ਦੇ ਸਤਿਕਾਰ ਦਾ ਪ੍ਰਤੀਕ ਹੈ।"

ਮੁੱਖ ਮੰਤਰੀ ਨੇ ਕਿਹਾ, "ਇਸ ਸਕ ਮ ਦਾ ਲਾਭ ਲੈਣ ਵਾਲੀਆਂ ਔਰਤਾਂ ਦੇ ਚਿਹਰਿਆਂ 'ਤੇ ਮੁਸਕਰਾਹਟ ਮੇਰੇ ਮਨ ਨੂੰ ਸਕੂਨ ਦਿੰਦੀ ਹੈ। ਸਰਕਾਰ ਪੰਜਾਬ ਦੇ ਹਰ ਪਰਿਵਾਰ ਅਤੇ ਹਰ ਮਹਿਲਾ ਦੇ ਨਾਲ ਮਜਬੂਤੀ ਨਾਲ ਖੜ੍ਹੀ ਹੈ।"

ਸਿਹਤ ਸੰਭਾਲ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਸਿਹਤ ਸੰਭਾਲ ਵੱਲ ਕ੍ਰਾਂਤੀਕਾਰੀ ਕਦਮ ਹੈ। ਪੰਜਾਬ ਦਾ ਹਰ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦੇ ਕੈਸਲੈੱਸ ਇਲਾਜ ਦਾ ਹੱਕਦਾਰ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਅਜਿਹੀ ਵਿਆਪਕ ਯੋਜਨਾ ਦੀ ਸਹੂਲਤ ਪ੍ਰਦਾਨ ਕਰਨ ਵਾਲਾ ਦੇਸ ਦਾ ਪਹਿਲਾ ਸੂਬਾ ਬਣ ਗਿਆ ਹੈ। ਹੁਣ ਤੱਕ ਲੋਕ ਇਸ ਸਕੀਮ ਤਹਿਤ 650 ਕਰੋੜ ਰੁਪਏ ਤੋਂ ਵੱਧ ਦਾ ਇਲਾਜ ਕਰਵਾ ਚੁੱਕੇ ਹਨ। ਇਸ ਪਹਿਲਕਦਮੀ ਨੇ ਪਰਿਵਾਰਾਂ 'ਤੇ ਵਿੱਤੀ ਬੋਝ ਨੂੰ ਕਾਫੀ ਘੱਟ ਕੀਤਾ ਹੈ ਅਤੇ ਮਿਆਰੀ ਸਿਹਤ ਸਹੂਲਤਾਂ ਤੱਕ ਪਹੁੰਚ ਯਕੀਨੀ ਬਣਾਈ ਹੈ।"

ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਵਿਧਾਇਕ ਜਸਬੀਰ ਸਿੰਘ ਰਾਜਾ ਗਿੱਲ ਅਤੇ ਕਰਮਬੀਰ ਸਿੰਘ ਘੁੰਮਣ ਸਮੇਤ ਕਈ ਹੋਰ ਪਤਵੰਤੇ ਵੀ ਹਾਜਰ ਸਨ।

ਐਕਸ 'ਤੇ ਇਸ ਲੋਕ ਮਿਲਣੀ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: "ਮੈਂ ਅੱਜ ਹੁਸ਼ਿਆਰਪੁਰ ਦੇ ਪਿੰਡ ਭੱਟਲਾਂ ਵਿਖੇ ਲੋਕ ਮਿਲਣੀ ਵਿੱਚ ਪਹੁੰਚੇ ਲੋਕਾਂ, ਖਾਸ ਕਰਕੇ ਮਾਵਾਂ ਅਤੇ ਭੈਣਾਂ ਵੱਲੋਂ ਮੈਨੂੰ ਦਿੱਤੇ ਗਏ ਅਥਾਹ ਪਿਆਰ ਅਤੇ ਅਸੀਸਾਂ ਲਈ ਦਿਲੋਂ ਧੰਨਵਾਦੀ ਹਾਂ। ਤੁਹਾਡਾ ਸਮਰਥਨ ਸਾਡੀਆਂ ਨੀਤੀਆਂ ਅਤੇ ਸਾਸਨ ਵਿੱਚ ਤੁਹਾਡੇ ਅਟੁੱਟ ਵਿਸਵਾਸ ਨੂੰ ਦਰਸਾਉਂਦਾ ਹੈ। ਪਿੰਡ ਭੱਟਲਾਂ ਅਤੇ ਇਲਾਕੇ ਦੀਆਂ ਕਈ ਹੋਰ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟ ਦੇ ਚੈੱਕ ਸੌਂਪੇ ਗਏ। ਇਸ ਦੇ ਨਾਲ ਹੀ ਪੁਲਿਸ ਕਾਂਸਟੇਬਲਾਂ, ਕਲਰਕਾਂ ਅਤੇ ਆਸਾ ਵਰਕਰਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਮਹਿਜ 40 ਕਿਲੋਮੀਟਰ ਦੇ ਘੇਰੇ ਵਿੱਚ ਤਾਇਨਾਤ ਕਰਨ ਦਾ ਵੱਡਾ ਫੈਸਲਾ ਲਿਆ ਗਿਆ ਹੈ। ਆਪ ਸਰਕਾਰ ਪੰਜਾਬ ਦੇ ਰੌਸ਼ਨ ਅਤੇ ਖੁਸਹਾਲ ਭਵਿੱਖ ਲਈ ਦਿਨ-ਰਾਤ ਕੰਮ ਕਰਦੀ ਰਹੇਗੀ।"

• ਪੰਜਾਬ ਕਈ ਵਾਰ ਉੱਜੜਿਆ ਹੈ; ਹੁਣ ਇਸ ਦੀ ਤਰੱਕੀ ਦੀ ਰਫਤਾਰ ਨੂੰ ਮੱਠੀ ਨਾ ਪੈਣ ਦਿਓ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਪੰਜਾਬ ਪਹਿਲਾਂ 1947 ਵਿੱਚ ਉੱਜੜਿਆ, ਫਿਰ 1984 ਦੇ ਦੰਗਿਆਂ ਦੌਰਾਨ ਦੁਬਾਰਾ ਸੰਤਾਪ ਹੰਢਾਇਆ ਅਤੇ ਬਾਅਦ ਵਿੱਚ ਇਹਨਾਂ ਆਗੂਆਂ ਦੁਆਰਾ ਸਾਲਾਂ ਬੱਧੀ ਕੀਤੀ ਲੁੱਟ-ਖਸੁੱਟ ਕਾਰਨ ਬਰਬਾਦ ਹੋਇਆ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਪਰਮਾਤਮਾ ਨੇ ਪੰਜਾਬ ਨੂੰ ਪਾਣੀ, ਉਪਜਾਊ ਜਮੀਨ, ਹਰ ਤਰ੍ਹਾਂ ਦੇ ਮੌਸਮ ਅਤੇ ਮਿਹਨਤੀ ਲੋਕਾਂ ਦੀ ਬਖਸ਼ਿਸ਼ ਕੀਤੀ, ਪਰ ਇਸ ਨੂੰ ਚੰਗੇ ਆਗੂ ਨਹੀਂ ਮਿਲੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਕਿਸੇ ਵੀ ਨੌਜਵਾਨ ਨੂੰ ਕੈਨੇਡਾ ਜਾਂ ਅਮਰੀਕਾ ਜਾਣ ਦਾ ਸੁਪਨਾ ਦੇਖਣ ਲਈ ਮਜਬੂਰ ਨਹੀਂ ਹੋਣਾ ਪਵੇਗਾ; ਅਸੀਂ ਸਾਰੇ ਮਿਲ ਕੇ 'ਰੰਗਲਾ ਪੰਜਾਬ' ਬਣਾਵਾਂਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਸਮੁੱਚਾ ਪੰਜਾਬ ਮੇਰਾ ਪਰਿਵਾਰ ਹੈ; ਹਰ ਇੱਕ ਲਈ ਰੁਜਗਾਰ, ਮਿਆਰੀ ਸਿੱਖਿਆ ਅਤੇ ਚੰਗੀਆਂ ਸਿਹਤ ਸਹੂਲਤਾਂ ਯਕੀਨੀ ਬਣਾਉਣਾ ਮੇਰੀ ਜ਼ਿੰਮੇਵਾਰੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਇਹਨਾਂ ਆਗੂਆਂ ਨੇ ਕਦੇ ਵੀ ਪੰਜਾਬ ਬਾਰੇ ਨਹੀਂ ਸੋਚਿਆ; ਹੁਣ ਅਸੀਂ ਪੰਜਾਬ ਦੀ ਤਰੱਕੀ ਨੂੰ ਰੁਕਣ ਨਹੀਂ ਦੇਵਾਂਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਅਸੀਂ ਸਖਤ ਕਾਨੂੰਨ ਬਣਾਇਆ ਹੈ; ਹੁਣ ਕੋਈ ਵੀ ਸ੍ਰੀ ਗੁਰੂ ਸਾਹਿਬ ਦੀ ਬੇਅਦਬੀ ਕਰਨ ਦੀ ਹਿੰਮਤ ਨਹੀਂ ਕਰੇਗਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ • ਬਰਗਾੜੀ, ਬਹਿਬਲ ਕਲਾਂ ਅਤੇ ਕੋਟਕਪੂਰਾ ਦੀਆਂ ਘਟਨਾਵਾਂ ਨੇ ਪੰਜਾਬ ਦੀ ਆਤਮਾ ਨੂੰ ਡੂੰਘੀ ਸੱਟ ਮਾਰੀ ਹੈ; ਦੋਸੀ ਕਾਨੂੰਨ ਤੋਂ ਬਚ ਨਹੀਂ ਸਕਣਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਹਰਪਾਲ ਸਿੰਘ ਚੀਮਾ ਵੱਲੋਂ ਮੈਥਾਨੌਲ ਨੂੰ ਨਿਯਮਤ ਕਰਨ ਅਤੇ ਜ਼ਹਿਰੀਲੀ ਸ਼ਰਾਬ ਦੇ ਦੁਖਾਂਤਾਂ ਨੂੰ ਰੋਕਣ ਲਈ ਤੁਰੰਤ ਕੇਂਦਰੀ ਕਾਨੂੰਨ ਬਣਾਉਣ ਦੀ ਮੰਗ

ਆਜ਼ਾਦ ਸੋਚ ਬਿਊਰੋ
ਚੰਡੀਗੜ੍ਹ, 17 ਜੂਨ

ਪੰਜਾਬ ਦੇ ਵਿੱਤ ਅਤੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕੇਂਦਰ ਸਰਕਾਰ ਨੂੰ ਮਿਥਾਈਲ ਅਲਕੋਹਲ (ਮੈਥਾਨੌਲ) ਨੂੰ ਨਿਯਮਤ ਅਤੇ ਨਿਗਰਾਨੀ ਕਰਨ ਲਈ ਤੁਰੰਤ ਅਤੇ ਫੈਸਲਾਕੁੰਨ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਕੀਮਤੀ ਮਨੁੱਖੀ ਜਾਨਾਂ ਬਚਾਉਣ ਅਤੇ ਭਵਿੱਖ ਵਿੱਚ ਜ਼ਹਿਰੀਲੀ ਸ਼ਰਾਬ ਦੇ ਦੁਖਾਂਤ ਨੂੰ ਰੋਕਣ ਲਈ ਇੱਕ ਵਿਸ਼ੇਸ਼ ਕੇਂਦਰੀ ਕਾਨੂੰਨ ਬਣਾਉਣ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਵਿੱਤ ਮੰਤਰੀ ਨੇ ਅੱਜ ਇੱਥੇ ਇਹ ਵਿਚਾਰ ਆਬਕਾਰੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਿਤੇਂਦਰ ਜੋਰਵਾਲ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪ੍ਰਗਟ ਕੀਤੇ।

ਮੈਥਾਨੌਲ ਦੀ ਢੋਆ ਢੋਆਈ ਅਤੇ ਪ੍ਰਬੰਧਕੀ ਮੁਸ਼ਕਲਾਂ ਬਾਰੇ ਵਿਸਥਾਰ ਵਿੱਚ ਦੱਸਦਿਆਂ, ਆਬਕਾਰੀ ਮੰਤਰੀ ਚੀਮਾ ਨੇ ਕਿਹਾ ਕਿ ਭਾਰਤ ਵਿੱਚ ਵਰਤੀ ਜਾਣ ਵਾਲੀ ਲਗਭਗ 90 ਪ੍ਰਤੀਸ਼ਤ ਮੈਥਾਨੌਲ ਵਿਦੇਸ਼ਾਂ ਤੋਂ ਦਰਾਮਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਬੰਦਰਗਾਹਾਂ ਅਤੇ ਕਸਟਮ ਪੁਆਇੰਟਾਂ ਰਾਹੀਂ ਦੇਸ਼ ਵਿੱਚ ਦਾਖਲ ਹੋਣ ਤੋਂ ਬਾਅਦ, ਇਹ ਖ਼ਤਰਨਾਕ ਰਸਾਇਣ ਆਪਣੇ ਨਿਰਧਾਰਤ ਉਦਯੋਗਿਕ ਖਪਤਕਾਰਾਂ ਤੱਕ ਪਹੁੰਚਣ ਤੋਂ ਪਹਿਲਾਂ ਕਈ ਰਾਜਾਂ ਦੀਆਂ ਸਰਹੱਦਾਂ ਨੂੰ ਪਾਰ ਕਰਦਾ ਹੈ। ਆਬਕਾਰੀ ਮੰਤਰੀ ਨੇ ਅੱਗੇ ਕਿਹਾ, ÷ਕਿਉਂਕਿ ਮੈਥਾਨੌਲ ਆਪਣੀ ਯਾਤਰਾ ਦੌਰਾਨ ਕਈ ਅੰਤਰ-ਰਾਜ ਸਰਹੱਦਾਂ ਨੂੰ ਪਾਰ ਕਰਦਾ ਹੈ, ਇਸ ਲਈ ਇਸਦੀ ਆਵਾਜਾਈ ਸਿੱਧੇ ਤੌਰ 'ਤੇ ਭਾਰਤ ਦੇ ਸੰਵਿਧਾਨ ਦੀ ਸੱਤਵੀਂ ਅਨੁਸੂਚੀ ਦੀ ਸੂਚੀ-1 ਦੀ ਐਂਟਰੀ 41 ਦੇ ਅਧੀਨ ਆਉਂਦੀ ਹੈ, ਜੋ ਵਿਦੇਸ਼ਾਂ ਨਾਲ ਵਪਾਰ ਅਤੇ ਅੰਤਰ-ਰਾਜ ਵਪਾਰ ਨੂੰ ਨਿਯੰਤ੍ਰਿਤ ਕਰਦੀ ਹੈ। ਨਤੀਜੇ ਵਜੋਂ, ਕੋਈ ਵੀ ਇੱਕ ਰਾਜ ਸਰਕਾਰ, ਇਕੱਲੇ ਤੌਰ 'ਤੇ ਕੰਮ ਕਰਦਿਆਂ, ਇਸ ਦੇਸ਼ ਵਿਆਪੀ ਸਪਲਾਈ ਚੇਨ ਨੂੰ ਸੁਤੰਤਰ ਤੌਰ 'ਤੇ ਟਰੈਕ ਜਾਂ ਨਿਯੰਤ੍ਰਿਤ ਕਰਨ ਦਾ ਕਾਨੂੰਨੀ ਅਧਿਕਾਰ ਖੇਤਰ ਜਾਂ ਤਕਨੀਕੀ ਬੁਨਿਆਦੀ ਢਾਂਚਾ ਨਹੀਂ ਰੱਖਦੀ। ਇਹ ਪ੍ਰਭਾਵਸ਼ਾਲੀ ਨਿਗਰਾਨੀ ਲਈ ਇੱਕ ਕੇਂਦਰੀ ਕਾਨੂੰਨੀ ਢਾਂਚੇ ਨੂੰ ਸੰਵਿਧਾਨਕ ਤੌਰ 'ਤੇ ਜ਼ਰੂਰੀ ਬਣਾਉਂਦਾ ਹੈ।÷

ਇਸ ਰੈਗੂਲੇਟਰੀ ਚੁਣੌਤੀ ਦੇ ਇੱਕ ਚਿੰਤਾਜਨਕ ਪਹਿਲੂ 'ਤੇ ਜ਼ੋਰ ਦਿੰਦਿਆਂ, ਆਬਕਾਰੀ ਮੰਤਰੀ ਚੀਮਾ ਨੇ ਇਸ ਰਸਾਇਣ ਦੀ ਆਨਲਾਈਨ ਬੇਰੋਕ ਉਪਲਬਧਤਾ ਵੱਲ ਇਸ਼ਾਰਾ ਕੀਤਾ। ਉਨ੍ਹਾਂ ਕਿਹਾ, ÷ਮੈਥਾਨੌਲ ਪ੍ਰਮੁੱਖ ਈ-ਕਾਮਰਸ ਪਲੇਟਫਾਰਮਾਂ 'ਤੇ ਆਸਾਨੀ ਨਾਲ ਉਪਲਬਧ ਹੈ। ਵਰਤਮਾਨ ਵਿੱਚ, ਇਸ ਨੂੰ ਇੱਕ ਆਮ ਰਸਾਇਣਕ ਵਸਤੂ ਵਜੋਂ ਦੇਖਿਆ ਜਾਂਦਾ ਹੈ, ਜਿਸ ਕਾਰਨ ਇਸਦੀ ਆਨਲਾਈਨ ਲਿਸਟਿੰਗ ਅਤੇ ਵਿਕਰੀ ਪੂਰੀ ਤਰ੍ਹਾਂ ਅਨਿਯਮਤ ਰਹਿੰਦੀ ਹੈ। ਇਹ ਕਿਸੇ ਵੀ ਵਿਅਕਤੀ ਨੂੰ ਬਿਨਾਂ ਪਛਾਣ ਦੀ ਪੁਸ਼ਟੀ, ਦਸਤਾਵੇਜ਼ਾਂ ਜਾਂ ਕਿਸੇ ਐਲਾਨੇ ਉਦੇਸ਼ ਦੇ ਇਸ ਜ਼ਹਿਰੀਲੇ ਪਦਾਰਥ ਨੂੰ ਖਰੀਦਣ ਦੀ ਇਜਾਜ਼ਤ ਦਿੰਦਾ ਹੈ।÷

ਵਿੱਤ ਮੰਤਰੀ ਨੇ ਕਿਹਾ ਕਿ ਪ੍ਰਚੂਨ ਪਹੁੰਚ ਦੀ ਇਹ ਸੌਖ ਰਾਜ ਦੀਆਂ ਇਨਫੋਰਸਮੈਂਟ ਏਜੰਸੀਆਂ ਦੀ ਇਸ ਰਸਾਇਣ ਦੀ ਨਾਜਾਇਜ਼ ਵਰਤੋਂ ਨੂੰ ਰੋਕਣ, ਨਿਗਰਾਨੀ ਕਰਨ ਜਾਂ ਫੜਨ ਦੀ ਸਮਰੱਥਾ ਨੂੰ ਗੰਭੀਰਤਾ ਨਾਲ ਪ੍ਰਭਾਵਿਤ ਕਰਦੀ ਹੈ। ਵਿੱਤ ਮੰਤਰੀ ਚੀਮਾ ਨੇ ਕਿਹਾ, ÷ਕਿਉਂਕਿ ਕੌਮੀ ਈ-ਕਾਮਰਸ ਚੈਨਲ ਵਿਸ਼ੇਸ਼ ਤੌਰ 'ਤੇ ਕੇਂਦਰੀ ਕਾਨੂੰਨਾਂ ਦੁਆਰਾ ਚਲਾਏ ਜਾਂਦੇ ਹਨ, ਇਸ ਲਈ ਆਨਲਾਈਨ ਸਪਲਾਈ ਚੇਨਾਂ ਵਿੱਚ ਸ਼ੁਰੂ ਤੋਂ ਅੰਤ ਤੱਕ ਜਵਾਬਦੇਹੀ ਲਾਜ਼ਮੀ ਕਰਨ ਲਈ ਇੱਕ ਕੇਂਦਰੀ ਕਾਨੂੰਨ ਹੀ ਇੱਕਮਾਤਰ ਪ੍ਰਭਾਵਸ਼ਾਲੀ ਤੰਤਰ ਹੈ।÷

ਵਿੱਤ ਮੰਤਰੀ ਨੇ ਅੱਗੇ ਕਿਹਾ ਕਿ ਮੌਜੂਦਾ ਰੈਗੂਲੇਟਰੀ ਪ੍ਰਣਾਲੀ ਕਾਫੀ ਖਿੰਡੀ ਹੋਈ ਹੈ ਅਤੇ ਕਈ ਪੁਰਾਣੇ ਕਾਨੂੰਨਾਂ ਵਿੱਚ ਵੰਡੀ ਹੋਈ ਹੈ, ਜਿਸ ਵਿੱਚ ਪੋਇਜ਼ਨਜ਼ ਐਕਟ 1919, ਪੈਟਰੋਲੀਅਮ ਐਕਟ 1934, ਅਤੇ ਜਲਣਸ਼ੀਲ ਪਦਾਰਥ ਐਕਟ 1952 ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਕੋਈ ਵੀ ਕਾਨੂੰਨ ਵਿਸ਼ੇਸ਼ ਤੌਰ 'ਤੇ ਮੈਥਾਨੌਲ ਦੇ ਗਲਤ ਇਸਤੇਮਾਲ ਦੇ ਵਿਲੱਖਣ ਖ਼ਤਰਿਆਂ ਨਾਲ ਨਜਿੱਠਣ ਲਈ ਨਹੀਂ ਬਣਾਇਆ ਗਿਆ ਸੀ। ਉਨ੍ਹਾਂ ਕਿਹਾ, ÷ਇਹ ਮੌਜੂਦਾ ਕਾਨੂੰਨ ਮੈਥਾਨੌਲ ਨੂੰ ਸਿਰਫ਼ ਇੱਕ ਜ਼ਹਿਰੀਲੇ, ਜਲਣਸ਼ੀਲ ਜਾਂ ਖ਼ਤਰਨਾਕ ਰਸਾਇਣ ਵਜੋਂ ਸੰਬੋਧਿਤ ਕਰਦੇ ਹਨ, ਅਤੇ ਇੱਕ ਸਮਰਪਿਤ ਟ ?ਰੈਕਿੰਗ ਪ੍ਰਣਾਲੀ, ਖਰੀਦਦਾਰ ਦੀ ਰਜਿਸਟ ?ਰੇਸ਼ਨ, ਜਾਂ ਤਾਲਮੇਲ ਵਾਲੀ ਅੰਤਰ-ਰਾਜ ਟ ?ਰੈਕਿੰਗ ਸਥਾਪਤ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹਿੰਦੇ ਹਨ।÷

ਇਹ ਉਜਾਗਰ ਕਰਦਿਆਂ ਕਿ ਰਾਜ ਦੇ ਆਬਕਾਰੀ ਕਾਨੂੰਨ ਗੈਰ-ਕਾਨੂੰਨੀ ਉਦੇਸ਼ਾਂ ਲਈ ਮੈਥਾਨੌਲ ਦੀ ਵਿਕਰੀ ਨੂੰ ਰੋਕਣ ਲਈ ਨਾਕਾਫ਼ੀ ਹਨ, ਆਬਕਾਰੀ ਮੰਤਰੀ ਚੀਮਾ ਨੇ ਕਿਹਾ, ÷ਸੂਬਿਆਂ ਦੇ ਰਵਾਇਤੀ ਆਬਕਾਰੀ ਕਾਨੂੰਨ ਸੰਰਚਨਾਤਮਕ ਤੌਰ 'ਤੇ ਸਖ਼ਤ ਰਾਜ ਲਾਇਸੈਂਸ ਦੇ ਤਹਿਤ ਸਥਾਨਕ ਤੌਰ 'ਤੇ ਫਰਮੈਂਟੇਸ਼ਨ ਦੁਆਰਾ ਤਿਆਰ ਕੀਤੇ ਗਏ ਐਥਾਈਲ ਅਲਕੋਹਲ ਨੂੰ ਨਿਯਮਤ ਕਰਨ ਲਈ ਤਿਆਰ ਕੀਤੇ ਗਏ ਹਨ। ਹਾਲਾਂਕਿ, ਮੈਥਾਨੌਲ ਇੱਕ ਪੈਟਰੋਲੀਅਮ-ਅਧਾਰਤ ਉਪ-ਉਤਪਾਦ ਹੈ ਜੋ ਪੈਟਰੋ ਕੈਮੀਕਲ ਪ੍ਰਕਿਰਿਆਵਾਂ ਦੁਆਰਾ ਤਿਆਰ ਹੁੰਦਾ ਹੈ ਅਤੇ ਅੰਤਰ-ਰਾਜ ਹਾਈਵੇਅ ਰਾਹੀਂ ਰਾਜਾਂ ਵਿੱਚ ਦਾਖਲ ਹੁੰਦਾ ਹੈ।÷

ਉਨ੍ਹਾਂ ਨੇ ਕਿਹਾ ਕਿ ਇਹ ਰੈਗੂਲੇਟਰੀ ਪਾੜਾ ਤੇਜ਼ੀ ਨਾਲ ਨਾਜ਼ੁਕ ਹੁੰਦਾ ਜਾ ਰਿਹਾ ਹੈ ਕਿਉਂਕਿ ਨੀਤੀ ਆਯੋਗ ਦਾ ਰਣਨੀਤਕ ਰੋਡਮੈਪ ਭਾਰਤ ਦੀ ਮੈਥਾਨੌਲ ਉਤਪਾਦਨ ਸਮਰੱਥਾ ਨੂੰ ਵਧਾ ਰਿਹਾ ਹੈ।

ਫ਼ਿਰੋਜ਼ਪੁਰ ਵਿੱਚ 5.7 ਕਿੱਲੋ ਹੈਰੋਇਨ, 1.33 ਲੱਖ ਨਸ਼ੀਲੀਆਂ ਗੋਲੀਆਂ, 39 ਜ਼ਿੰਦਾ ਕਾਰਤੂਸਾਂ ਨਾਲ ਤਿੰਨ ਵਿਅਕਤੀ ਕਾਬੂ

ਸਾਰੇ ਨੈਟਵਰਕ ਦਾ ਪਰਦਾਫ਼ਾਸ਼ ਕਰਨ, ਵਿੱਤੀ ਲੈਣ-ਦੇਣ ਅਤੇ ਹੋਰ ਕਾਰਕੁੰਨਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ: ਡੀਜੀਪੀ ਗੌਰਵ ਯਾਦਵ

ਆ ਜ਼ਾਦ ਸੋਚ
ਆਜ਼ਾਦ ਸੋਚ ਬਿਊਰੋ
ਫਿਰੋਜ਼ਪੁਰ, 17 ਜੂਨ
========================

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਨਸ਼ਾ ਤਸਕਰੀ ਅਤੇ ਗ਼ੈਰ-ਕਾਨੂੰਨੀ ਨਾਰਕੋਟਿਕ ਨੈੱਟਵਰਕਾਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਫਿਰੋਜ਼ਪੁਰ ਪੁਲਿਸ ਨੇ ਤਿੰਨ ਮੁਲਜ਼ਮਾਂ ਨੂੰ 5.775 ਕਿਲੋਗ੍ਰਾਮ ਹੈਰੋਇਨ, 1.33 ਲੱਖ ਪਾਬੰਦੀਸ਼ੁਦਾ ਕੈਪਸੂਲ/ਗੋਲੀਆਂ, ਕੇਐਫ 7.65 ਕੈਲੀਬਰ ਦੇ 39 ਜ਼ਿੰਦਾ ਕਾਰਤੂਸਾਂ ਅਤੇ 36,600 ਰੁਪਏ ਦੀ ਨਕਦੀ ਨਾਲ ਗ੍ਰਿਫ਼ਤਾਰ ਕਰਕੇ ਦੋ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ।



5.775 Kg Heroin recovered

1,33,640 Restricted Capsules/Tablets recovered

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਲੱਖਾ ਭੇਡੀਆਂ ਦੇ ਰਹਿਣ ਵਾਲੇ ਮਨਜਿੰਦਰ ਸਿੰਘ (24), ਮੱਲਾਂਵਾਲਾ ਦੇ ਰਹਿਣ ਵਾਲੇ ਜਗਜੀਤ ਸਿੰਘ (22) ਅਤੇ ਫਿਰੋਜ਼ਪੁਰ ਦੇ ਮਮਦੋਟ ਉੱਤਰ ਦੇ ਵਸਨੀਕ ਗੁਰਦੇਵ ਸਿੰਘ (55) ਵਜੋਂ ਹੋਈ ਹੈ। ਨਸ਼ੀਲੇ ਪਦਾਰਥ ਅਤੇ ਗੋਲੀ ਸਿੱਕਾ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਮੁਲਜ਼ਮਾਂ ਦੀ ਮਾਰੂਤੀ ਸਵਿਫਟ ਕਾਰ (ਪੀਬੀ 46 ਏਪੀ 3255), ਨੂੰ ਵੀ ਜ਼ਬਤ ਕੀਤਾ ਹੈ।

ਡੀਜੀਪੀ ਨੇ ਦੱਸਿਆ ਕਿ ਇਨ੍ਹਾਂ ਮਾਮਲਿਆਂ ਵਿੱਚ ਅਗਲੇ -ਪਿਛਲੇ ਸਬੰਧ ਸਥਾਪਤ ਕੀਤੇ ਜਾ ਰਹੇ ਹਨ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ,ਵਿੱਤੀ ਲੈਣ-ਦੇਣ ਬਾਰੇ ਪਤਾ ਲਗਾਉਣ ਅਤੇ ਸਾਰੇ ਕਾਰਕੁੰਨਾਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

ਪਹਿਲੇ ਆਪ੍ਰੇਸ਼ਨ ਬਾਰੇ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਫਿਰੋਜ਼ਪੁਰ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਪੁਲਿਸ ਨੂੰ ਭਰੋਸੇਯੋਗ ਸੂਤਰਾਂ ਤੋਂ ਪੁਖ਼ਤਾ ਇਤਲਾਹ ਮਿਲੀ ਸੀ ਕਿ ਮਨਜਿੰਦਰ ਸਿੰਘ ਅਤੇ ਜਗਜੀਤ ਸਿੰਘ ਨਸ਼ਾ ਤਸਕਰੀ ਵਿੱਚ ਸ਼ਾਮਲ ਹਨ। ਇਸ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਪੁਲਿਸ ਟੀਮਾਂ ਨੇ ਮੁਲਜ਼ਮਾਂ ਦੀ ਸਵਿਫਟ ਕਾਰ ਨੂੰ ਦਾਨਾ ਮੰਡੀ ਬਸਤੀ ਵਕੀਲਾਂ ਵਾਲੀ ਨੇੜੇ ਰੋਕਿਆ ਅਤੇ ਤਲਾਸ਼ੀ ਦੌਰਾਨ 5.775 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।

ਦੂਸਰੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਨੇ ਦੱਸਿਆ ਕਿ ਪੁਲਿਸ ਟੀਮ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਗੁਰਦੇਵ ਸਿੰਘ ਪਿੰਡ ਮਮਦੋਟ ਵਿੱਚ ਮੈਡੀਕਲ ਸਟੋਰ ਚਲਾਉਂਦਾ ਹੈ, ਜਿੱਥੇ ਉਹ ਪਾਬੰਦੀਸ਼ੁਦਾ ਕੈਪਸੂਲ/ਗੋਲੀਆਂ ਵੇਚਦਾ ਹੈ। ਇਸ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਡਰੱਗ ਇੰਸਪੈਕਟਰ ਦੀ ਮੌਜੂਦਗੀ ਵਿੱਚ ਮੈਡੀਕਲ ਸਟੋਰ 'ਤੇ ਛਾਪਾ ਮਾਰਿਆ ਅਤੇ ਦੋਸ਼ੀ ਗੁਰਦੇਵ ਨੂੰ ਗ੍ਰਿਫਤਾਰ ਕਰਕੇ ਦੁਕਾਨ ਤੋਂ 133640 ਪਾਬੰਦੀਸ਼ੁਦਾ ਗੋਲੀਆਂ/ਕੈਪਸੂਲ, 36,600 ਰੁਪਏ ਦੀ ਨਕਦੀ ਅਤੇ ਕੇਐਫ 7.65 ਕੈਲੀਬਰ ਦੇ 39 ਜ਼ਿੰਦਾ ਕਾਰਤੂਸ ਬਰਾਮਦ ਕੀਤੇ।

ਐਸ.ਐਸ.ਪੀ. ਭੁਪਿੰਦਰ ਸਿੱਧੂ ਨੇ ਕਿਹਾ ਅਗਲੇਰੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

ਇਸ ਸਬੰਧ ਵਿੱਚ ਇੱਕ ਕੇਸ - ਐਫਆਈਆਰ ਨੰਬਰ 72 ਮਿਤੀ 16/6/2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21 ਅਧੀਨ ਥਾਣਾ ਆਰਿਫ ਕੇ ਵਿਖੇ ਅਤੇ ਦੂਜਾ ਕੇਸ ਐਫਆਈਆਰ ਨੰ. 96 ਮਿਤੀ 16/6/2026 ਨੂੰ ਬੀਐਨਐਸ ਦੀ ਧਾਰਾ 223 ਅਤੇ ਅਸਲਾ ਐਕਟ ਦੀ ਧਾਰਾ 25(1-ਬੀ) ਦੇ ਤਹਿਤ ਪੁਲਿਸ ਸਟੇਸ਼ਨ ਮਮਦੋਟ ਵਿਖੇ ਦਰਜ ਕੀਤਾ ਗਿਆ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਤੇ ਕਰ ਵਿਭਾਗ ਵਿੱਚ 14 ਨਵੇਂ ਭਰਤੀ ਹੋਏ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ

ਪੰਜਾਬ ਦੇ ਨੌਜਵਾਨਾਂ ਲਈ ਪਾਰਦਰਸ਼ੀ ਅਤੇ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦੇਣਾ ਭਗਵੰਤ ਮਾਨ ਸਰਕਾਰ ਦੀ ਮੁੱਖ ਤਰਜੀਹ: ਹਰਪਾਲ ਸਿੰਘ ਚੀਮਾ

ਆਜ਼ਾਦ ਸੋਚ ਬਿਊਰੋ
ਚੰਡੀਗੜ, 17 ਜੂਨ
========================



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਲਈ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੀ ਦ੍ਰਿੜ ਵਚਨਬੱਧਤਾ ਤਹਿਤ, ਵਿੱਤ, ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਆਬਕਾਰੀ ਤੇ ਕਰ ਵਿਭਾਗ ਵਿੱਚ 14 ਨਵੇਂ ਭਰਤੀ ਹੋਏ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ। ਨਵੇਂ ਭਰਤੀ ਕੀਤੇ ਗਏ ਮੁਲਾਜ਼ਮਾਂ ਵਿੱਚ 13 ਕਲਰਕ ਅਤੇ ਇੱਕ ਸੇਵਾਦਾਰ ਸ਼ਾਮਲ ਹੈ, ਜੋ ਕਿ ਨੌਜਵਾਨਾਂ ਨੂੰ ਸਰਕਾਰੀ ਖੇਤਰ ਵਿੱਚ ਸਾਰਥਕ ਨੌਕਰੀਆਂ ਦੇ ਕੇ ਸ਼ਕਤੀਸ਼ਾਲੀ ਬਣਾਉਣ ਦੇ ਸਰਕਾਰ ਦੇ ਚੱਲ ਰਹੇ ਮਿਸ਼ਨ ਵੱਲ ਇੱਕ ਹੋਰ ਸਫਲ ਕਦਮ ਹੈ।

ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, ÷ਕਲਰਕਾਂ ਵਿੱਚੋਂ 11 ਦੀ ਚੋਣ ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਰਾਹੀਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਕੀਤੀ ਗਈ ਹੈ। ਬਾਕੀ ਦੋ ਕਲਰਕ ਅਤੇ ਇੱਕ ਸੇਵਾਦਾਰ ਨੂੰ ਤਰਸ ਦੇ ਆਧਾਰ 'ਤੇ ਨਿਯੁਕਤ ਕੀਤਾ ਗਿਆ ਹੈ, ਤਾਂ ਜੋ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰ ਰਹੇ ਪਰਿਵਾਰਾਂ ਨੂੰ ਰੋਜ਼ੀ-ਰੋਟੀ ਦਾ ਅਹਿਮ ਸਹਾਰਾ ਮਿਲ ਸਕੇ।÷

ਰੁਜ਼ਗਾਰ ਦੇ ਮੌਕੇ ਪੈਦਾ ਕਰਨ ਨੂੰ ਭਗਵੰਤ ਮਾਨ ਸਰਕਾਰ ਦੀ ਮੁੱਖ ਤਰਜੀਹ ਦੱਸਦਿਆਂ ਉਨ੍ਹਾਂ ਅੱਗੇ ਕਿਹਾ, ÷ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਾਡੀ ਸਰਕਾਰ ਨੇ ਪਾਰਦਰਸ਼ੀ ਅਤੇ ਮੈਰਿਟ-ਆਧਾਰਿਤ ਨੌਕਰੀਆਂ ਦੇਣ ਨੂੰ ਆਪਣੀ ਸਰਵਉੱਚ ਤਰਜੀਹ ਬਣਾਇਆ ਹੈ। ਅਸੀਂ ਸਾਰੇ ਵਿਭਾਗਾਂ ਵਿੱਚ ਯੋਜਨਾਬੱਧ ਤਰੀਕੇ ਨਾਲ ਖਾਲੀ ਅਸਾਮੀਆਂ ਭਰ ਰਹੇ ਹਾਂ ਤਾਂ ਜੋ ਸਾਡੇ ਨੌਜਵਾਨ ਪੂਰੀ ਸ਼ਾਨ ਅਤੇ ਮਾਣ ਨਾਲ ਆਪਣੇ ਸੂਬੇ ਦੀ ਸੇਵਾ ਕਰ ਸਕਣ।÷

ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ÷ਵੱਧ ਤੋਂ ਵੱਧ ਨੌਕਰੀਆਂ ਦੇਣ ਦੀ ਸਾਡੀ ਪਹਿਲਕਦਮੀ ਸਿਰਫ਼ ਖਾਲੀ ਅਸਾਮੀਆਂ ਭਰਨ ਤੱਕ ਸੀਮਤ ਨਹੀਂ ਹੈ, ਸਗੋਂ ਇਹ ਪ੍ਰਸ਼ਾਸਨ ਨੂੰ ਬਦਲਣ ਅਤੇ ਸੂਬੇ ਦੀ ਆਰਥਿਕਤਾ ਨੂੰ ਮੁੜ ਸੁਰਜੀਤ ਕਰਨ ਬਾਰੇ ਹੈ। ਜਦੋਂ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੱਤਾ ਸੰਭਾਲੀ ਹੈ, ਉਦੋਂ ਤੋਂ ਹੁਣ ਤੱਕ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਭਰਤੀ ਪ੍ਰਕਿਰਿਆ ਰਾਹੀਂ ਹਜ਼ਾਰਾਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲ ਚੁੱਕੀਆਂ ਹਨ, ਜਿਸ ਨਾਲ ਪੰਜਾਬ ਦੇ ਲੋਕਾਂ ਨਾਲ ਕੀਤਾ ਇੱਕ ਅਹਿਮ ਵਾਅਦਾ ਪੂਰਾ ਹੋਇਆ ਹੈ।÷

ਆਪਣੇ ਦਫ਼ਤਰ ਵਿਖੇ ਨਿਯੁਕਤੀ ਪੱਤਰ ਵੰਡਣ ਦੀ ਰਸਮ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਦੀ ਹਾਜ਼ਰੀ ਵਿੱਚ ਨਵੇਂ ਭਰਤੀ ਹੋਏ ਕਰਮਚਾਰੀਆਂ ਨੂੰ ਜਨਤਕ ਸੇਵਾ ਵਿੱਚ ਸ਼ਾਮਲ ਹੋਣ 'ਤੇ ਨਿੱਘੀ ਵਧਾਈ ਦਿੱਤੀ। ਉਨ੍ਹਾਂ ਨਵੇਂ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ, ਕੁਸ਼ਲਤਾ ਅਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਯਾਦ ਦਿਵਾਇਆ ਕਿ ਉਹ ਹੁਣ ਉਸ ਸ਼ਾਸਨ ਪ੍ਰਣਾਲੀ ਦਾ ਅਹਿਮ ਹਿੱਸਾ ਹਨ ਜੋ ਜਨ ਕਲਿਆਣ, ਪਾਰਦਰਸ਼ਤਾ ਅਤੇ ਸਾਫ਼-ਸੁਥਰੇ ਪ੍ਰਸ਼ਾਸਨ ਨੂੰ ਤਰਜੀਹ ਦਿੰਦੀ ਹੈ।

ਤੇਜ਼ ਹਨੇਰੀ/ਤੂਫ਼ਾਨ ਕਾਰਨ ਹੋਏ ਨੁਕਸਾਨ ਤੋਂ ਬਾਅਦ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਰਾਹਤ ਮੁਹਿੰਮ ਜਾਰੀ

ਆ ਜ਼ਾਦ ਸੋਚ
ਤਰੁਣ ਮਹਿਰਾ
ਅੰਮ੍ਰਿਤਸਰ, 17 ਜੂਨ

========================

ਬੀਤੀ 11 ਜੂਨ ਨੂੰ ਆਈ ਤੇਜ਼ ਹਨੇਰੀ ਅਤੇ ਤੂਫ਼ਾਨ ਤੋਂ ਬਾਅਦ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਡਿੱਗੇ ਹੋਏ ਦਰੱਖਤਾਂ ਨੂੰ ਹਟਾਉਣ, ਨੁਕਸਾਨ ਗ੍ਰਸਤ ਟਾਹਣੀਆਂ ਦੀ ਸਫ਼ਾਈ ਕਰਨ ਅਤੇ ਜਨਤਕ ਥਾਵਾਂ ਨੂੰ ਮੁੜ ਸੁਚੱਜਾ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।

ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਬਾਗਬਾਨੀ ਵਿਭਾਗ ਵੱਲੋਂ ਸਕੱਤਰ-ਕਮ-ਇੰਚਾਰਜ ਬਾਗਬਾਨੀ ਸ੍ਰੀ ਸੁਸ਼ਾਂਤ ਭਾਟੀਆ ਦੀ ਨਿਗਰਾਨੀ ਹੇਠ ਇੱਕ ਟੀਮ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਇਹ ਕਾਰਵਾਈ ਐਲਐਸਓ ਯਾਦਵਿੰਦਰ, ਜੇਈ ਰਘੁਨੰਦਨ ਅਤੇ ਜੇਈ ਨਟਵੰਤ ਦੀ ਅਗਵਾਈ ਹੇਠ ਬਾਗਬਾਨੀ ਵਿਭਾਗ ਦੀ ਮਿਹਨਤੀ ਟੀਮ ਵੱਲੋਂ ਕੀਤੀ ਜਾ ਰਹੀ ਹੈ। ਨਗਰ ਨਿਗਮ ਦੇ ਅਧੀਨ ਆਉਂਦੇ ਵੱਖ-ਵੱਖ ਇਲਾਕਿਆਂ ਵਿੱਚ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ, ਤਾਂ ਜੋ ਤੂਫ਼ਾਨ ਕਾਰਨ ਪਏ ਮਲਬੇ ਨੂੰ ਜਲਦੀ ਹਟਾ ਕੇ ਆਮ ਹਾਲਾਤ ਬਹਾਲ ਕੀਤੇ ਜਾ ਸਕਣ।

ਵਿਭਾਗ ਵੱਲੋਂ ਸੜਕਾਂ, ਪਾਰਕਾਂ, ਗ੍ਰੀਨ ਬੈਲਟਾਂ ਅਤੇ ਹੋਰ ਜਨਤਕ ਥਾਵਾਂ ਤੋਂ ਉਖੜੇ ਹੋਏ ਦਰੱਖਤਾਂ ਅਤੇ ਟੁੱਟੀਆਂ ਟਾਹਣੀਆਂ ਨੂੰ ਹਟਾਉਣ ਦਾ ਕੰਮ ਕੀਤਾ ਜਾ ਰਿਹਾ ਹੈ, ਜਿਸ ਨਾਲ ਆਵਾਜਾਈ ਸੁਚਾਰੂ ਬਣੀ ਰਹੇ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਸੰਵੇਦਨਸ਼ੀਲ ਖੇਤਰਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ, ਜਿੱਥੇ ਡਿੱਗੇ ਦਰੱਖਤਾਂ ਕਾਰਨ ਆਵਾਜਾਈ ਪ੍ਰਭਾਵਿਤ ਹੋਈ ਸੀ ਜਾਂ ਲੋਕਾਂ ਲਈ ਖ਼ਤਰਾ ਪੈਦਾ ਹੋ ਗਿਆ ਸੀ।

ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਬਾਗਬਾਨੀ ਵਿਭਾਗ ਦੇ ਕਰਮਚਾਰੀਆਂ ਦੀ ਮਿਹਨਤ ਅਤੇ ਤੁਰੰਤ ਕਾਰਵਾਈ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਤੂਫ਼ਾਨ ਦੇ ਪ੍ਰਭਾਵ ਨੂੰ ਘਟਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਸ਼ਹਿਰ ਦੀ ਹਰਿਆਵਲੀ ਨੂੰ ਸੰਭਾਲਣ ਦੇ ਨਾਲ-ਨਾਲ ਨਾਗਰਿਕਾਂ ਦੀ ਸੁਰੱਖਿਆ ਅਤੇ ਸੁਵਿਧਾ ਨੂੰ ਯਕੀਨੀ ਬਣਾਉਣ ਲਈ ਨਿਗਮ ਦੀ ਵਚਨਬੱਧਤਾ ਨੂੰ ਦੁਹਰਾਇਆ।

ਨਗਰ ਨਿਗਮ ਅੰਮ੍ਰਿਤਸਰ ਵੱਲੋਂ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਫ਼ੀਲਡ ਟੀਮਾਂ ਨਾਲ ਸਹਿਯੋਗ ਕਰਨ ਅਤੇ ਨੁਕਸਾਨਗ੍ਰਸਤ ਦਰੱਖਤਾਂ, ਬੰਦ ਹੋਈਆਂ ਸੜਕਾਂ ਜਾਂ ਤੂਫ਼ਾਨ ਨਾਲ ਸੰਬੰਧਿਤ ਕਿਸੇ ਵੀ ਖ਼ਤਰੇ ਬਾਰੇ ਤੁਰੰਤ ਸੰਬੰਧਿਤ ਅਧਿਕਾਰੀਆਂ ਨੂੰ ਜਾਣਕਾਰੀ ਦੇਣ, ਤਾਂ ਜੋ ਸਮੇਂ ਸਿਰ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

ਬਲਟਾਣਾ ਵਿਖੇ ਸੁਖਨਾ ਚੋਅ 'ਤੇ 6 ਕਰੋੜ ਦੀ ਲਾਗਤ ਨਾਲ ਬਣ ਰਹੇ ਹਾਈ-ਲੈਵਲ ਪੁਲ ਦਾ ਵਿਧਾਇਕ ਰੰਧਾਵਾ ਵੱਲੋਂ ਜਾਇਜ਼ਾ

ਆ ਜ਼ਾਦ ਸੋਚ
ਅਵਤਾਰ ਸੈਣੀ/ਜ਼ੀਰਕਪੁਰ, 17 ਜੂਨ

========================

ਡੇਰਾਬੱਸੀ ਹਲਕੇ ਦੇ ਵਿਧਾਇਕ ਸਰਦਾਰ ਕੁਲਜੀਤ ਸਿੰਘ ਰੰਧਾਵਾ ਨੇ ਅੱਜ ਜ਼ੀਰਕਪੁਰ ਦੇ ਬਲਟਾਣਾ ਵਿਖੇ ਸੁਖਨਾ ਚੋਅ ਉੱਪਰ ਲਗਭਗ 6 ਕਰੋੜ ਰੁਪਏ ਦੀ ਭਾਰੀ ਲਾਗਤ ਨਾਲ ਬਣ ਰਹੇ ਉੱਚ ਪੱਧਰੀ ਪੁਲ ਦੇ ਨਿਰਮਾਣ ਕਾਰਜਾਂ ਦਾ ਉਚੇਚੇ ਤੌਰ 'ਤੇ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮੌਕੇ 'ਤੇ ਹਾਜ਼ਰ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਠੇਕੇਦਾਰ ਨੂੰ ਸਖ਼ਤ ਲਹਿਜੇ ਵਿੱਚ ਹਦਾਇਤ ਕੀਤੀ ਕਿ ਨਿਰਮਾਣ ਕਾਰਜਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਇਸ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਮੁਕੰਮਲ ਕਰਕੇ ਜਨਤਾ ਨੂੰ ਸਮਰਪਿਤ ਕੀਤਾ ਜਾਵੇ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਇਹ ਹਾਈ-ਲੈਵਲ ਪੁਲ ਇਲਾਕੇ ਦੇ ਹਜ਼ਾਰਾਂ ਲੋਕਾਂ ਦੀ ਰੋਜ਼ਾਨਾ ਆਵਾਜਾਈ ਨੂੰ ਸੁਖਾਲਾ ਅਤੇ ਸੁਰੱਖਿਅਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਹਰ ਸਾਲ ਮੀਂਹ ਦੇ ਮੌਸਮ ਦੌਰਾਨ ਸੁਖਨਾ ਚੋਅ ਵਿੱਚ ਪਾਣੀ ਦਾ ਪੱਧਰ ਵੱਧਣ ਕਾਰਨ ਸਥਾਨਕ ਲੋਕਾਂ ਅਤੇ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਇਸ ਪੁਲ ਦੇ ਨਿਰਮਾਣ ਨਾਲ ਲੋਕਾਂ ਨੂੰ ਹਮੇਸ਼ਾ ਲਈ ਇਸ ਵੱਡੀ ਸਮੱਸਿਆ ਤੋਂ ਰਾਹਤ ਮਿਲ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਜਨਤਾ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ। ਡੇਰਾਬੱਸੀ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਝੜੀ ਲੱਗੀ ਹੋਈ ਹੈ ਅਤੇ ਸੜਕਾਂ, ਪੁਲਾਂ ਸਮੇਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਫੰਡ ਖਰਚੇ ਜਾ ਰਹੇ ਹਨ। ਉਨ੍ਹਾਂ ਦੁਹਰਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕੇਵਲ ਨੀਂਹ ਪੱਥਰ ਰੱਖਣ ਵਿੱਚ ਨਹੀਂ, ਸਗੋਂ ਕੰਮਾਂ ਨੂੰ ਜ਼ਮੀਨੀ ਪੱਧਰ 'ਤੇ ਮੁਕੰਮਲ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਇਸ ਨਿਰੀਖਣ ਦੌਰਾਨ ਵਿਧਾਇਕ ਰੰਧਾਵਾ ਦੇ ਨਾਲ ਐਮ.ਸੀ. ਕਰਮਜੀਤ ਚੌਹਾਨ ਅਤੇ ਗੁਰਪ੍ਰੀਤ ਸਿੰਘ ਵਿਰਕ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮੁੱਖ ਮੰਤਰੀ ਤੀਰਥ ਯਾਤਰਾ ਦੌਰਾਨ ਵਿਧਾਇਕ ਕੁਲਜੀਤ ਰੰਧਾਵਾ ਵੱਲੋਂ ਜ਼ੀਰਕਪੁਰ ਤੋਂ ਦੋ ਬੱਸਾਂ ਰਵਾਨਾ

ਜ਼ੀਰਕਪੁਰ, 17 ਜੂਨ,(ਅਵਤਾਰ ਸੈਣੀ):- ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਜ਼ੀਰਕਪੁਰ ਦੇ ਵਾਰਡ ਨੰਬਰ 25 ਤੋਂ 59ਵੀਂ ਅਤੇ ਵਾਰਡ ਨੰਬਰ 26 ਤੋਂ 60ਵੀਂ ਬੱਸ ਨੂੰ ਸ਼ਰਧਾਲੂਆਂ ਲਈ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਵਾਸਤੇ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਦੇ ਚਿਹਰਿਆਂ 'ਤੇ ਖੁਸ਼ੀ, ਮਨਾਂ ਵਿੱਚ ਅਟੁੱਟ ਸ਼ਰਧਾ ਅਤੇ ਮਾਹੌਲ ਵਿੱਚ ਆਤਮਿਕ ਉਤਸ਼ਾਹ ਦੀ ਵਿਲੱਖਣ ਝਲਕ ਵੇਖਣ ਨੂੰ ਮਿਲੀ। ਪੰਜਾਬ ਸਰਕਾਰ ਦੀ ਲੋਕ-ਭਲਾਈ ਯੋਜਨਾ "ਮੁੱਖ ਮੰਤਰੀ ਤੀਰਥ ਯਾਤਰਾ"ਤਹਿਤ ਵੱਡੀ ਗਿਣਤੀ ਵਿੱਚ ਬਜ਼ੁਰਗਾਂ ਅਤੇ ਹੋਰ ਸ਼ਰਧਾਲੂਆਂ ਨੂੰ ਦੇਸ਼ ਦੇ ਪ੍ਰਸਿੱਧ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਪ੍ਰਾਪਤ ਹੋ ਰਿਹਾ ਹੈ। ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਧਾਰਮਿਕ ਅਤੇ ਆਤਮਿਕ ਤੌਰ 'ਤੇ ਜੋੜਨਾ ਹੈ। ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਉਨ੍ਹਾਂ ਦਾ ਲੰਬੇ ਸਮੇਂ ਤੋਂ ਤੀਰਥ ਯਾਤਰਾ ਕਰਨ ਦਾ ਸੁਪਨਾ ਸਾਕਾਰ ਹੋਇਆ ਹੈ। ਇਸ ਮੌਕੇ ਨਗਰ ਕੌਂਸਲਰ, ਆਮ ਆਦਮੀ ਪਾਰਟੀ ਦੇ ਆਗੂ, ਵਲੰਟੀਅਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਹਾਜ਼ਰ ਰਹੇ।

ਡਾ. ਕੋਟਨੀਸ ਸੈਂਟਰ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ 10 ਦਿਨਾ ਜਾਗਰੂਕਤਾ ਅਭਿਆਨ ਦੀ ਸ਼ੁਰੂਆਤ

ਆ ਜ਼ਾਦ ਸੋਚ
ਜੇ ਐੱਸ ਖੰਨਾ /ਲੁਧਿਆਣਾ , 17 ਜੂਨ

========================

ਸਲੇਮ ਟਾਬਰੀ ਸਥਿਤ ਸਮਾਜਿਕ ਸੰਸਥਾ 'ਡਾ. ਦੁਆਰਕਾ ਨਾਥ ਕੋਟਨੀਸ ਹੈਲਥ ਐਂਡ ਐਜੂਕੇਸ਼ਨ ਸੈਂਟਰ' ਵੱਲੋਂ ਅੱਜ ਤੋਂ ਨਸ਼ਾ ਮੁਕਤ ਸਮਾਜ ਦੀ ਉਸਾਰੀ ਲਈ ਇੱਕ ਵਿਆਪਕ ਜਾਗਰੂਕਤਾ ਅਭਿਆਨ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਅਭਿਆਨ 'ਅੰਤਰਰਾਸ਼ਟਰੀ ਨਸ਼ਾ ਰੋਕੂ ਅਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ' ਦੇ ਸਬੰਧ ਵਿਚ 17 ਜੂਨ ਤੋਂ 26 ਜੂਨ ਤੱਕ ਚਲਾਇਆ ਜਾਵੇਗਾ।

ਇਸ ਸਾਲ ਦੇ ਅਭਿਆਨ ਦਾ ਮੁੱਖ ਵਿਸ਼ਾ ÷ਨਸ਼ਾ ਮੁਕਤ ਭਾਰਤ ਅਭਿਆਨ – ਵਿਕਸਿਤ ਭਾਰਤ ਦੀ ਪਛਾਣ÷ ਰੱਖਿਆ ਗਿਆ ਹੈ , ਜਿਸ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ੇ ਦੇ ਜਾਲ ਤੋਂ ਬਚਾ ਕੇ ਦੇਸ਼ ਦੇ ਵਿਕਾਸ ਵਿਚ ਉਨ੍ਹਾਂ ਦਾ ਯੋਗਦਾਨ ਯਕੀਨੀ ਬਣਾਉਣਾ ਹੈ।

ਇਸ 10 ਦਿਨਾ ਅਭਿਆਨ ਦੇ ਤਹਿਤ ਸੰਸਥਾ ਦੀਆਂ ਦੋ ਮੁੱਖ ਪਰਿਯੋਜਨਾਵਾਂ 'ਕਮਿਊਨਿਟੀ ਪੀਅਰ ਲੈਡ ਇੰਟਰਵੈਨਸ਼ਨ' ਅਤੇ 'ਆਊਟਰੀਚ ਐਂਡ ਡ ?ਰੌਪ-ਇਨ ਸੈਂਟਰ' ਸਰਗਰਮੀ ਨਾਲ ਹਿੱਸਾ ਲੈ ਰਹੀਆਂ ਹਨ ਜੋ ਕਿ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਅਧਿਕਾਰਿਤਾ ਮੰਤਰਾਲੇ ਵੱਲੋਂ ਸਪਾਂਸਰਡ ਹਨ। ਅਭਿਆਨ ਦੇ ਪਹਿਲੇ ਦਿਨ ਅੱਜ ਸੰਸਥਾ ਦੇ ਕੇਂਦਰ 'ਤੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ' ਕਮਿਊਨਿਟੀ ਪੀਅਰ ਲੈਡ ਇੰਟਰਵੈਨਸ਼ਨ ' ਪਰਿਯੋਜਨਾ ਵੱਲੋਂ ਕਿਸ਼ੋਰਾਂ ਨੂੰ ਜੀਵਨ ਵਿਚ ਕਦੇ ਵੀ ਨਸ਼ਾ ਨਾ ਕਰਨ ਦੀ ਪਵਿੱਤਰ ਸਹੁੰ ਚੁਕਾਈ ਗਈ। ਇਹ ਪੂਰਾ ਅਭਿਆਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਧਿਕਾਰੀ ਐਸ ਵਰਿੰਦਰ ਸਿੰਘ ਟਿਵਾਣਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮਾਰਗਦਰਸ਼ਨ ਹੇਠ ਚਲਾਇਆ ਜਾ ਰਿਹਾ ਹੈ।ਅਭਿਆਨ ਦੀ ਸ਼ੁਰੂਆਤ 'ਤੇ ਸੰਸਥਾ ਦੇ ਡਾਇਰੈਕਟਰ ਡਾ. ਇੰਦਰਜੀਤ ਸਿੰਘ ਨੇ ਕਿਹਾ ਕਿ ÷ਨਸ਼ਾ ਮੁਕਤ ਸਮਾਜ ਹੀ ਇੱਕ ਵਿਕਸਿਤ ਰਾਸ਼ਟਰ ਦੀ ਨੀਂਹ ਰੱਖ ਸਕਦਾ ਹੈ। ਸਾਡਾ ਟੀਚਾ ਲੁਧਿਆਣਾ ਅਤੇ ਇਸ ਦੇ ਆਸ-ਪਾਸ ਦੇ ਖੇਤਰਾਂ ਵਿਚ ਜ਼ਮੀਨੀ ਪੱਧਰ 'ਤੇ ਜਾ ਕੇ ਲੋਕਾਂ , ਖਾਸ ਕਰਕੇ ਨੌਜਵਾਨਾਂ ਨੂੰ ਜਾਗਰੂਕ ਕਰਨਾ ਹੈ, ਤਾਂ ਜੋ ਉਹ ਨਸ਼ੇ ਨੂੰ ਪੂਰੀ ਤਰ੍ਹਾਂ ਨਕਾਰ ਸਕਣ। ਜਦੋਂ ਤੱਕ ਦੇਸ਼ ਦਾ ਨੌਜਵਾਨ ਨਸ਼ਾ ਮੁਕਤ ਨਹੀਂ ਹੋਵੇਗਾ, ਉਦੋਂ ਤੱਕ ਅਸੀਂ ਵਿਕਸਿਤ ਭਾਰਤ ਦੀ ਕਲਪਨਾ ਨੂੰ ਪੂਰੀ ਤਰ੍ਹਾਂ ਸਾਕਾਰ ਨਹੀਂ ਕਰ ਸਕਦੇ।÷ ਇਸ ਅਭਿਆਨ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣ ਵਿਚ ਸੰਸਥਾ ਦੀ ਸਮਰਪਿਤ ਟੀਮ ਮਹੱਤਵਪੂਰਨ ਭੂਮਿਕਾ ਨਿਭਾਅ ਰਹੀ ਹੈ ਜਿਸ ਵਿਚ ਪ੍ਰੋਗਰਾਮ ਦੇ ਪਹਿਲੇ ਦਿਨ ਖੇਤਰ ਕੋਆਰਡੀਨੇਟਰ ਗਗਨਦੀਪ ਅਤੇ ਕੇਂਦਰ ਇੰਚਾਰਜ ਸੁਸ਼੍ਰੀ ਮਨੀਸ਼ਾ ਦੀ ਅਗਵਾਈ ਹੇਠ ਟੀਮ ਨੇ ਜਾਗਰੂਕਤਾ ਗਤੀਵਿਧੀਆਂ ਦੀ ਰੂਪ-ਰੇਖਾ ਤਿਆਰ ਕੀਤੀ ਅਤੇ ਸੰਸਥਾ ਦੇ ਹੋਰ ਸਟਾਫ ਮੈਂਬਰਾਂ ਗੀਤੂ, ਮਹੇਸ਼ , ਮੀਨੂੰ, ਅਤੇ ਦਕਸ਼ ਸਮੇਤ ਪੂਰੀ ਟੀਮ ਨੇ ਸਰਗਰਮੀ ਨਾਲ ਹਿੱਸਾ ਲਿਆ ਅਤੇ ਲੋਕਾਂ ਨੂੰ ਨਸ਼ੇ ਵਿਰੁੱਧ ਇੱਕਜੁੱਟ ਹੋਣ ਦਾ ਸੰਕਲਪ ਦਿਵਾਇਆ।

ਖੇਤ ਬਚਾਓ ਅਭਿਆਨ ਤਹਿਤ ਕਿਸਾਨਾਂ ਨੂੰ ਸੰਯੁਕਤ ਖਾਦ ਪ੍ਰਬੰਧਨ ਤੇ ਡੀਐੱਸਆਰ ਬਾਰੇ ਕੀਤਾ ਜਾਗਰੂਕ

ਆ ਜ਼ਾਦ ਸੋਚ
ਪਰਮਜੀਤ ਸਿੰਘ ਪੰਮਾ /ਬਠਿੰਡਾ/ਮੌੜ ਮੰਡੀ , 17 ਜੂਨ

========================

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ "ਖੇਤ ਬਚਾਓ ਅਭਿਆਨ "ਤਹਿਤ ਪਿੰਡ ਬੁਲਾਢੇਵਾਲਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮਾਹਿਰਾਂ ਨੇ ਕਿਸਾਨਾਂ ਨੂੰ ਸੰਯੁਕਤ ਖਾਦ ਪ੍ਰਬੰਧਨ, ਮਿੱਟੀ ਦੀ ਸਿਹਤ ਸੰਭਾਲ, ਜੀਵਾਣੂੰ ਅਤੇ ਹਰੀ ਖਾਦਾਂ ਦੀ ਵਰਤੋਂ ਅਤੇ ਝੋਨੇ ਦੀ ਸਿੱਧੀ ਬਿਜਾਈ ਡੀਐੱਸਆਰ ਤਕਨੀਕ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੱਤੀ। ਮਾਹਿਰਾਂ ਨੇ ਮਿੱਟੀ ਦੀ ਜਾਂਚ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰਨ ਅਤੇ ਪਾਣੀ ਦੀ ਬੱਚਤ ਲਈ ਡੀਐੱਸਆਰ ਤਕਨੀਕ ਅਪਨਾਉਣ ਦੀ ਅਪੀਲ ਕੀਤੀ। ਕੈਂਪ ਵਿੱਚ ਕਿਸਾਨਾਂ ਦੇ ਸਵਾਲਾਂ ਦੇ ਤਸੱਲੀਬਖ਼ਸ਼ ਜਵਾਬ ਵੀ ਦਿੱਤੇ ਗਏ।

ਦਸਤ ਰੋਕੂ ਮੁਹਿੰਮ 31 ਜੁਲਾਈ ਤੱਕ ਚਲਾਈ ਜਾਵੇਗੀ - ਸਿਵਲ ਸਰਜਨ

ਆ ਜ਼ਾਦ ਸੋਚ
ਜੇ ਐੱਸ ਖੰਨਾ
ਫਤਿਹਗੜ੍ਹ ਸਾਹਿਬ , 17 ਜੂਨ

========================

ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਡਾ. ਹਿਤਿੰਦਰ ਕੌਰ ਤੇ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਅਰਵਿੰਦ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜਿਲਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ 31 ਜੁਲਾਈ ਤੱਕ ਦਸਤ ਰੋਕੂ ਮੁਹਿੰਮ ਚਲਾਈ ਜਾ ਰਹੀ ਹੈ। ਸਿਹਤ ਵਿਭਾਗ ਵੱਲੋਂ ਅੱਜ ਇਸ ਸਬੰਧੀ ਜਾਗਰੂਕਤਾ ਪੋਸਟਰ ਵੀ ਜਾਰੀ ਕੀਤਾ ਗਿਆ , ਇਹ ਪੋਸਟਰ ਜਾਰੀ ਕਰਦਿਆਂ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਰਾਜੇਸ਼ ਕੁਮਾਰ ਨੇ ਦੱਸਿਆ ਕਿ ਮੁਹਿੰਮ ਦਾ ਮੁੱਖ ਮੰਤਵ ਦਸਤਾਂ ਦੇ ਕਾਰਨ ਹੋਣ ਵਾਲੀਆਂ ਬਾਲ ਮੌਤਾਂ ਨੂੰ ਘੱਟ ਕਰਨਾ ਹੈ। ਉਹਨਾਂ ਦੱਸਿਆ ਕਿ ਆਮ ਤੌਰ ਤੇ ਗਰਮੀਆਂ ਦੇ ਮੌਸਮ ਅਤੇ ਸਫਾਈ ਦੀ ਘਾਟ ਹੋਣ ਕਾਰਨ ਖਾਸ ਕਰਕੇ ਛੋਟੇ ਬੱਚਿਆਂ ਨੂੰ ਉਲਟੀਆਂ ਅਤੇ ਦਸਤ ਲੱਗ ਜਾਂਦੇ ਹਨ , ਜੇਕਰ ਇਹਨਾਂ ਦੱਸਤਾ ਦਾ ਸਮੇਂ ਸਿਰ ਇਲਾਜ ਨਾ ਕੀਤਾ ਜਾਵੇ ਤਾਂ ਇਹ ਬੱਚਿਆਂ ਲਈ ਜਾਨਲੇਵਾ ਹੋ ਸਕਦੇ ਹਨ। ਇਸ ਲਈ ਗਰਮੀਆਂ ਦੇ ਮੌਸਮ ਵਿੱਚ ਪੀਣ ਲਈ ਸਾਫ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਖਾਣਾ ਖਾਣ ਤੋਂ ਪਹਿਲਾਂ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਣ ਨਾਲ ਧੋਣਾ ਚਾਹੀਦਾ ਹੈ ਅਤੇ ਆਲੇ ਦੁਆਲੇ ਦੀ ਸਫਾਈ ਦਾ ਖਾਸ ਖਿਆਲ ਰੱਖਣਾ ਚਾਹੀਦਾ ਹੈ। ਉਹਨਾਂ ਦੱਸਿਆ ਕਿ ਦਸਤ ਲੱਗਣ ਦੀ ਸੂਰਤ ਵਿੱਚ ਓਆਰਐਸ ਦਾ ਘੋਲ ਤੁਰੰਤ ਸ਼ੁਰੂ ਕਰਨਾ ਚਾਹੀਦਾ ਹੈ ਅਤੇ ਡਾਕਟਰ ਦੀ ਸਲਾਹ ਨਾਲ ਜਿੰਕ ਦੀਆਂ ਗੋਲੀਆਂ ਜਾਂ ਜਿੰਕ ਦਾ ਘੋਲ 14 ਦਿਨਾਂ ਤੱਕ ਬੱਚੇ ਨੂੰ ਦੇਣਾ ਚਾਹੀਦਾ ਹੈ ਤਾਂ ਕਿ ਸਰੀਰ ਵਿੱਚ ਪਾਣੀ ਅਤੇ ਖਣਿਜ ਪਦਾਰਥਾਂ ਦੀ ਕਮੀ ਨਾ ਹੋ ਸਕੇ। ਓਹਨਾ ਇਹ ਵੀ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸਿਹਤ ਕੇਂਦਰਾਂ ਵਿੱਚ ਓਆਰਐਸ ਅਤੇ ਜਿੰਕ ਕਾਰਨਰ ਬਣਾਏ ਜਾ ਰਹੇ ਹਨ। ਆਸ਼ਾ ਵਰਕਰਾਂ ਦੁਆਰਾ ਘਰ ਘਰ ਜਾ ਕੇ ਛੋਟੇ ਬੱਚੇ ਵਾਲੇ ਘਰਾਂ ਵਿੱਚ ਓਆਰਐਸ ਦੇ ਪੈਕਟ ਅਤੇ ਜਿੰਕ ਦੀਆਂ ਗੋਲੀਆਂ ਦੀ ਵੰਡ ਕੀਤੀ ਜਾਵੇਗੀ ਅਤੇ ਦੁੱਧ ਪਿਲਾਉਂਦੀਆਂ ਮਾਵਾਂ ਨੂੰ ÷ਮਾਂ ਦੇ ਦੁੱਧ ਦੀ ਮਹੱਤਤਾ÷ ਅਤੇ ਓਆਰਐਸ ਦਾ ਘੋਲ ਘਰ ਵਿੱਚ ਹੀ ਤਿਆਰ ਕਰਨ ਸਬੰਧੀ ਜਾਗਰੂਕ ਕੀਤਾ ਜਾਵੇਗਾ। ਇਸ ਮੁਹਿੰਮ ਦੌਰਾਨ ਸਿਹਤ ਵਿਭਾਗ ਦੀਆਂ ਆਰਬੀਐਸਕੇ ਦੀਆਂ ਟੀਮਾਂ, ਸਿਹਤ ਕਰਮਚਾਰੀਆਂ ਅਤੇ ਆਸ਼ਾ ਵਰਕਰਾਂ ਵੱਲੋਂ ਸਕੂਲਾਂ ਵਿੱਚ ਬੱਚਿਆਂ ਨੂੰ ਹੱਥ ਸਾਫ ਕਰਨ ਦੀ ਵਿਧੀ ਸਬੰਧੀ ਜਾਣੂ ਕਰਵਾਇਆ ਜਾਵੇਗਾ। ਇਸ ਮੌਕੇ ਤੇ ਐਪੀਡਿਮੋਲੋਜਿਸਟ ਡਾ. ਸੰਪਨ ਅਤਰੀ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਕੌਰ , ਅਮਨਦੀਪ ਸਿੰਘ , ਸਟੈਨੋ ਬਲਜੀਤ ਕੌਰ, ਜਿਲਾ ਮੋਨੀਟਰਿੰਗ ਐਂਡ ਇਵੈਲੂਏਸ਼ਨ ਅਫਸਰ ਵਿਕੀ ਵਰਮਾ, ਕਮਿਊਨਿਟੀ ਮੋਬਿਲਾਈਜਰ ਹਰਦੀਪ ਸਿੰਘ ਵੀ ਮੌਜੂਦ ਸਨ।

ਐਚਡੀਐਫਸੀ ਬੈਂਕ ਦੀ ਬਰਾਂਚ ਬਾਦਸ਼ਾਹਪੁਰ ਵਿਖੇ ਲੱਗੀ ਭਿਆਨਕ ਅੱਗ ਲੱਖਾਂ ਦਾ ਹੋਇਆ ਨੁਕਸਾਨ

ਆ ਜ਼ਾਦ ਸੋਚ
ਰੂਪ ਚੰਦ ਲਵਲੀ
ਘੱਗਾ , 17 ਜੂਨ

========================

ਕਸਬਾ ਬਾਦਸ਼ਾਹਪੁਰ ਦੇ ਸਮਾਣਾ ਰੋਡ ਤੇ ਸਥਿਤ ਐਚਡੀਐਫਸੀ ਬੈਂਕ ਦੀ ਬਰਾਂਚ ਵਿਖੇ ਅੱਜ ਤੜਕਸਾਰ ਹੀ ਭਿਆਨਕ ਅੱਗ ਲੱਗਣ ਦਾ ਸਮਾਂਚਾਰ ਪ੍ਰਾਪਤ ਹੋਇਆ ॥ ਇਹ ਘਟਨਾ ਸਵੇਰੇ ਕਰੀਬ 4 ਵਜੇ ਦੀ ਜਦੋਂ ਐਚਡੀਐਫਸੀ ਦੇ ਕੰਟਰੋਲ ਰੂਮ ਤੋਂ ਬਰਾਂਚ ਮੈਨੇਜਰ ਸਮਰੀਤ ਕੌਰ ਨੂੰ ਫੋਨ ਆਇਆ ॥ ਜਿਸ ਤੋਂ ਬਾਅਦ ਮੌਕੇ ਤੇ ਪਹੁੰਚੇ ਗਾਰਡ ਨੇ ਸਥਾਨਕ ਦੁਕਾਨਦਾਰਾਂ ਦੀ ਮਦਦ ਦੇ ਨਾਲ ਬੈਂਕ ਦਾ ਸ਼ਟਰ ਅਤੇ ਗੇਟ ਖੋਲਿਆ ਅਤੇ ਅੰਦਰੋਂ ਧੂਏ ਦੇ ਗੁਬਾਰ ਨਿਕਲ ਰਹੇ ਸਨ ॥ ਮੌਕੇ ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਵੀ ਬੁਲਾਇਆ ਗਿਆ ਅਤੇ ਬੈਂਕ ਮੈਨੇਜਰ ਸਮਰੀਤ ਕੌਰ ਵੀ ਘਟਨਾ ਸਥਾਨ ਤੇ ਪਹੁੰਚੇ ॥ ਇਸ ਮੌਕੇ ਸਥਾਨਕ ਲੋਕਾਂ ਦੀ ਅਤੇ ਆਸ ਪਾਸ ਦੇ ਪਿੰਡਾਂ ਤੋਂ ਆਏ ਮਦਦ ਨਾਲ ਅਤੇ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਅਤੇ ਸ਼ਾਹ ਸਤਿਨਾਮ ਜੀ ਗ੍ਰੀਨਸ ਵੈਲਫੇਅਰ ਸੰਗਠਨ ਦੇ ਮੈਂਬਰਾਂ ਵੱਲੋਂ ਪੂਰੀ ਜੱਦੋਜਹਿਦ ਦੇ ਨਾਲ ਅੱਗ ਤੇ ਕਾਬੂ ਪਾਇਆ ਅਤੇ ਅੰਦਰੋਂ ਕਾਫੀ ਸਮਾਨ ਫਰਨੀਚਰ, ਕੁਰਸੀਆਂ ਜਰੂਰੀ ਕਾਗਜ਼ਾਤ ,ਫਾਈਲਾਂ ਨੂੰ ਸੁਰੱਖਿਤ ਬਾਹਰ ਕੱਢਿਆ !

ਲਗਾਤਾਰ 2 ਢਾਈ ਘੰਟੇ ਦੇ ਕਰੀਬ ਲੱਗੀ ਇਸ ਭਿਆਨਕ ਅੱਗ ਦੇ ਨਾਲ ਬੈਂਕ ਅੰਦਰ ਲੱਖਾਂ ਦਾ ਨੁਕਸਾਨ ਹੋਇਆ ਦੱਸਿਆ ਜਾ ਰਿਹਾ !

ਦੂਸਰੇ ਪਾਸੇ ਇਸ ਹੋਏ ਘਟਨਾ ਕਰਮ ਬਾਰੇ ਜਦੋਂ ਬੈਂਕ ਮੈਨੇਜਰ ਸਮਰੀਤ ਕੌਰ ਨਾਲ ਫੋਨ ਤੇ ਗੱਲਬਾਤ ਕਰਨੀ ਚਾਹੀ ਤਾਂ ਉਨਾਂ ਨੇ ਕਿਹਾ ਕਿ ਤੁਸੀਂ ਮੈਨੂੰ ਬਾਰ ਬਰ ਫੋਨ ਨਾ ਕਰੋ

ਇਥੇ ਕੋਈ ਵੀ ਨੁਕਸਾਨ ਨਹੀਂ ਹੋਇਆ ! ਇਹ ਗੱਲ ਕਹਿਣ ਤੋਂ ਬਾਅਦ ਫੋਨ ਕੱਟ ਕਰ ਦਿੱਤਾ ! ਲੱਖਾਂ ਦੇ ਹੋਏ ਨੁਕਸਾਨ ਤੋਂ ਬਾਅਦ ਵੀ ਅਧਿਕਾਰੀ ਨੁਕਸਾਨ ਬਾਰੇ ਦੱਸਣ ਤੋਂ ਕਿਉਂ ਟਾਲਾ ਵੱਟ ਰਹੇ ਹਨ ॥ ਇਹ ਇੱਕ ਗੰਭੀਰ ਵਿਸ਼ਾ ਬਣਿਆ ਹੋਇਆ ਹੈ ॥

ਸੀਐੱਮ ਦੀ ਯੋਗਸ਼ਾਲਾ ਅਧੀਨ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਮਨਾਇਆ ਜਾਵੇਗਾ - ਵਧੀਕ ਡਿਪਟੀ ਕਮਿਸ਼ਨਰ

ਆ ਜ਼ਾਦ ਸੋਚ
ਤਰੁਣ ਮਹਿਰਾ
ਅੰਮ੍ਰਿਤਸਰ, 17 ਜੂਨ

========================

– ਪੰਜਾਬ ਸਰਕਾਰ ਦੀ ਸਿਹਤ ਯੋਜਨਾ ÷ਸੀਐੱਮ ਦੀ ਯੋਗਸ਼ਾਲਾ÷ ਤਹਿਤ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਸੂਬੇ ਭਰ ਵਿੱਚ ਬਹੁਤ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜ਼ਿਲ੍ਹਾ ਪੱਧਰੀ ਯੋਗ ਸਮਾਗਮ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਹੋਵੇਗਾ।

ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਅੰਮ੍ਰਿਤਸਰ ਵਿਖੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਯੋਗ ਸਮਾਗਮ ਦੀਆਂ ਤਿਆਰੀਆਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਸ੍ਰੀ ਰੁਪਿੰਦਰਪਾਲ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਇਸ ਯੋਗ ਸਮਾਗਮ ਨੂੰ ਸਫ਼ਲ ਬਣਾਉਣ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਅਤੇ ਸਾਰੇ ਪ੍ਰਬੰਧ ਸਮਾਂ ਰਹਿੰਦੇ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਸ੍ਰੀ ਰੁਪਿੰਦਰਪਾਲ ਸਿੰਘ ਨੇ ਦੱਸਿਆ ਕਿ 12ਵੇਂ ਅੰਤਰਰਾਸ਼ਟਰੀ ਯੋਗਾ ਦਿਵਸ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਯੋਗ ਸਮਾਗਮ ਗੁਰੂ ਨਾਨਕ ਸਟੇਡੀਅਮ (ਗਾਂਧੀ ਗਰਾਉਂਡ) ਵਿਖੇ 21 ਜੂਨ ਨੂੰ ਸਵੇਰੇ 6:00 ਵਜੇ ਮਨਾਇਆ ਜਾਵੇਗਾ। ਉਨਾਂ ਦੱਸਿਆ ਕਿ ਇਸ ਮੌਕੇ ਯੋਗ ਮਾਹਿਰਾਂ ਵੱਲੋਂ ਸਮੂਹਿਕ ਯੋਗ ਅਭਿਆਸ ਪ੍ਰੋਗਰਾਮ, ਯੋਗ ਪ੍ਰਦਰਸ਼ਨ, ਸਿਹਤ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ। ਉਨਾਂ ਅੱਗੇ ਦੱਸਿਆ ਕਿ ਇਸ ਸਮਾਗਮ ਵਿੱਚ ਆਮ ਲੋਕਾਂ, ਵਿਦਿਆਰਥੀਆਂ, ਯੋਗਾ ਇੰਸਟ ?ਰਕਟਰਾਂ, ਸਿਹਤ ਕਰਮਚਾਰੀਆਂ ਅਤੇ ਸਮਾਜਿਕ ਸੰਗਠਨਾਂ ਤੇ ਦੇ ਕਰੀਬ 2000 ਨੁਮਾਇੰਦੇ ਸ਼ਾਮਿਲ ਹੋਣਗੇ।

ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 21 ਜੂਨ ਨੂੰ ਸਵੇਰੇ 5:45 ਵਜੇ ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਵਿਖੇ ਪਹੁੰਚਣ ਅਤੇ ਯੋਗ ਦਿਵਸ ਵਿੱਚ ਭਾਗ ਲੈ ਕੇ ਯੋਗ ਨੂੰ ਆਪਣੇ ਰੋਜ਼ਾਨਾਂ ਜੀਵਨ ਦਾ ਹਿੱਸਾ ਬਣਾਉਣ। ਮੀਟਿੰਗ ਦੌਰਾਨ ਜ਼ਿਲ੍ਹਾ ਆਯੁਰਵੈਦਿਕ ਅਫਸਰ ਡਾਕਟਰ ਦਿਨੇਸ਼ ਕੁਮਾਰ ਵੀ ਹਾਜ਼ਰ ਸਨ।

ਪੰਜਾਬ ਮੰਡੀ ਬੋਰਡ ਨੇ ਸਿਰਜੇ ਵਿਕਾਸ ਦੇ ਨਵੇਂ ਕੀਰਤੀਮਾਨ : ਹਰਚੰਦ ਸਿੰਘ ਬਰਸਟ

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਦੀ ਅਗਵਾਈ ਹੇਠ ਬੋਰਡ ਆਫ ਡਾਇਰੈਕਟਰਜ਼ ਦੀ ਹੋਈ ਅਹਿਮ ਮੀਟਿੰਗ

ਆ ਜ਼ਾਦ ਸੋਚ
ਰਜਿੰਦਰ ਫ਼ਤਿਹਪੁਰ/ਸੰਜੇ ਬਾਂਸਲ
ਸਮਾਣਾ, 17 ਜੂਨ

========================

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਅੱਜ ਕਿਸਾਨ ਭਵਨ, ਚੰਡੀਗੜ੍ਹ ਵਿਖੇ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਮੰਡੀ ਬੋਰਡ ਨਾਲ ਸੰਬੰਧਤ ਵੱਖ-ਵੱਖ ਏਜੰਡਿਆਂ ਉੱਤੇ ਵਿਸਥਾਰ ਨਾਲ ਗੱਲਬਾਤ ਹੋਈ। ਇਸ ਮੌਕੇ ਅਹਿਮ ਏਜੰਡਿਆਂ ਨੂੰ ਪਾਸ ਕੀਤਾ ਗਿਆ ਅਤੇ ਜਲਦ ਤੋਂ ਜਲਦ ਅਮਲੀ-ਜਾਮਾਂ ਪਹਿਨਾਉਣ ਦਾ ਫੈਸਲਾ ਲਿਆ ਗਿਆ। ਇਸ ਮਗਰੋਂ ਪੱਤਰਕਾਰਵਾਰਤਾ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਪਿਛਲੇ ਚਾਰ ਸਾਲਾਂ ਵਿੱਚ ਮੰਡੀ ਬੋਰਡ ਵੱਲੋਂ ਵਿਕਾਸੀ ਕੰਮਾਂ ਅਤੇ ਬੁਨਿਆਦੀ ਢਾਂਚੇ ਦੇ ਸੁਧਾਰ ਵਿੱਚ ਪ੍ਰਾਪਤ ਕੀਤੀਆਂ ਇਤਿਹਾਸਕ ਉਪਲਬੱਧੀਆਂ ਦਾ ਵੇਰਵਾ ਸਾਂਝਾ ਕੀਤਾ। ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ।

ਇਸ ਦੌਰਾਨ ਚੇਅਰਮੈਨ ਸ. ਬਰਸਟ ਨੇ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੂੰ ਵਿਧਾਨ ਸਭਾ ਹਲਕਾ ਸਮਾਣਾ ਦੇ ਪਿੰਡ ਦਦਹੇੜਾ ਦੀ ਪੰਚਾਇਤ ਵੱਲੋਂ 18 ਕਿੱਲੇ ਜਮੀਨ ਫ ?ਰੀ ਆਫ਼ ਕਾਸਟ ਦਿੱਤੀ ਗਈ ਹੈ ਤਾਂ ਜੋ ਉੱਥੇ ਮੰਡੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਮੰਡੀ ਇਸ ਖੇਤਰ ਦੇ ਆਰਥਿਕ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਵੇਗੀ ਅਤੇ ਇਲਾਕੇ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਸ ਮੌਕੇ ਸ. ਬਰਸਟ ਵੱਲੋਂ ਪਿੰਡ ਦਦਹੇੜਾ ਦੇ ਸਰਪੰਚ ਗੁਰਜੀਤ ਸਿੰਘ, ਪੰਚ ਤੋਤੀ, ਗੁਰਪ੍ਰੀਤ ਸਿੰਘ, ਗਿਆਨ ਦਾਸ, ਗੋਬਿੰਦ ਸਿੰਘ, ਗੁਰਬਖਸ ਸਿੰਘ, ਸੁਸ਼ੀਲਾ ਰਾਣੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਹਲਕਾ ਸਮਾਣਾ ਦੇ ਪਿੰਡ ਮਹਿਮਦਪੁਰ (ਪਟਿਆਲਾ) ਵਿਖੇ ਗ੍ਰਾਮ ਪੰਚਾਇਤ ਵੱਲੋਂ ਫਰੀ ਆਫ਼ ਕਾਸਟ ਦਿੱਤੀ 19 ਏਕੜ 6 ਕਨਾਲ 13 ਮਰਲੇ ਜਮੀਨ 'ਤੇ ਸਬ-ਯਾਰਡ ਬਣਾਇਆ ਗਿਆ ਹੈ, ਜਿਸ ਨੂੰ ਆਲੂ ਮੰਡੀ ਹੱਬ ਵੱਜੋਂ ਵਿਕਸਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 44,597 ਕਿਲੋਮੀਟਰ ਲੰਬਾਈ ਦੀਆਂ ਲਿੰਕ ਸੜਕਾਂ ਨੂੰ ਕਰੀਬ 13,339.01 ਕਰੋੜ ਰੁਪਏ ਦੀ ਲਾਗਤ ਨਾਲ ਮੁਰੰਮਤ, ਮਾਡਰਨਾਈਜੇਸ਼ਨ ਅਤੇ ਅਪਗ੍ਰੇਡੇਸ਼ਨ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਕੀਮਤੀ ਜਾਨਾਂ ਬਚਾਉਣ ਲਈ 13,865 ਕਿਲੋਮੀਟਰ ਲੰਬਾਈ ਦੀਆਂ ਲਿੰਕ ਸੜਕਾਂ 'ਤੇ ਕਰੀਬ 132.65 ਕਰੋੜ ਦੀ ਲਾਗਤ ਨਾਲ ਰੋਡ ਸੇਫਟੀ ਪ੍ਰੋਵੀਜ਼ਨ ਲਗਾਈਆਂ ਗਈਆਂ ਹਨ। ਸੂਬੇ ਦੇ ਪਿੰਡਾਂ ਦੀਆਂ 280 ਕਿਲੋਮੀਟਰ ਲੰਬਾਈ ਦੀਆਂ ਫਿਰਨੀਆਂ ਨੂੰ 235 ਕਰੋੜ ਰੁਪਏ ਦੀ ਲਾਗਤ ਨਾਲ ਸੀ.ਸੀ. (ਸੀਮੈਂਟ ਅਤੇ ਕੰਕਰੀਟ) ਨਾਲ ਮਾਡਰਨਾਈਜੇਸ਼ਨ ਕਰਨ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਸੂਬੇ ਦੀਆਂ ਲਿੰਕ ਸੜਕਾਂ ਤੇ ਪੈਂਦੇ 46 ਤੰਗ ਅਤੇ ਡੈਮੇਜ ਪੁਲਾਂ ਨੂੰ 20 ਕਰੋੜ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਹੈ।

ਵਿੱਤੀ ਸਾਲ 2025-26 ਦੌਰਾਨ ਪੰਜਾਬ ਰਾਜ ਦੀਆਂ 664 ਮੰਡੀਆਂ ਵਿੱਚ 197 ਕਰੋੜ ਦੀ ਲਾਗਤ ਨਾਲ ਕਵਰ ਸ਼ੈੱਡ ਬਣਾਏ ਗਏ ਹਨ ਅਤੇ 36 ਮੰਡੀਆਂ ਵਿੱਚ ਲਗਭਗ 24.40 ਕਰੋੜ ਦੀ ਲਾਗਤ ਨਾਲ ਸੋਲਰ ਪੈਨਲ ਲਗਾਏ ਜਾ ਚੁੱਕੇ ਹਨ। ਇਸ ਦੇ ਨਾਲ ਹੀ ਲਗਭਗ 455.84 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਦੀਆਂ ਵੱਖ-ਵੱਖ ਮੰਡੀਆਂ ਦੀਆਂ ਅੰਦਰੂਨੀ ਸੜਕਾਂ, ਫੜ੍ਹਾਂ ਅਤੇ ਸ਼ੈਡਾਂ ਦੀ ਮੁਰੰਮਤ ਦਾ ਕੰਮ ਕੀਤਾ ਜਾ ਰਿਹਾ ਹੈ। ਕਿਸਾਨਾਂ ਦੀ ਸਹੂਲਤ ਲਈ ਬੁੱਢਲਾਡਾ ਵਿਖੇ ਲਗਭਗ 34 ਕਰੋੜ ਰੁਪਏ ਦੀ ਲਾਗਤ ਨਾਲ 51.01 ਏਕੜ ਵਿੱਚ ਅਤੇ ਅਰਨੀਵਾਲਾ ਵਿਖੇ 1.14 ਕਰੋੜ ਰੁਪਏ ਦੀ ਲਾਗਤ ਨਾਲ 12 ਏਕੜ ਜਮੀਨ ਤੇ ਨਵੀਆਂ ਅਨਾਜ ਮੰਡੀਆਂ ਸਥਾਪਿਤ ਕੀਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਆਧੁਨਿਕ ਤਕਨੀਕ ਨੂੰ ਅਪਨਾਉਂਦਿਆਂ ਹੋਇਆ 2022-23 ਤੋਂ 2025-26 ਤੱਕ ਕਿਸਾਨਾਂ ਨੂੰ ਲਗਭਗ 1 ਕਰੋੜ ਜੇ-ਫਾਰਮ ਵਟਸਐਪ ਅਤੇ ਡਿਜੀਲਾਕਰ ਰਾਹੀਂ ਭੇਜੇ ਜਾ ਚੁੱਕੇ ਹਨ, ਜਿਸ ਲਈ ਪੰਜਾਬ ਮੰਡੀ ਬੋਰਡ ਨੂੰ ਰਾਸ਼ਟਰੀ ਪੁਰਸਕਾਰ ਨਾਲ ਵੀ ਨਿਵਾਜਿਆ ਗਿਆ ਹੈ। ਇਸ ਤੋਂ ਇਲਾਵਾ ਤਰਸ ਦੇ ਆਧਾਰ 'ਤੇ 37 ਪਰਿਵਾਰਕ ਮੈਂਬਰਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ, ਜਦਕਿ ਸਿੱਧੀ ਭਰਤੀ ਰਾਹੀਂ 42 ਜੂਨੀਅਰ ਇੰਜੀਨੀਅਰਾਂ ਦੀ ਨਿਯੁਕਤ ਕੀਤੀ ਗਈ ਹੈ ਅਤੇ ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਤੋਂ 39 ਕਲਰਕਾਂ ਨੂੰ ਮੰਡੀ ਬੋਰਡ ਵਿਖੇ ਮਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਾਲ 2025 ਵਿੱਚ ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਵਿੱਚ 10 ਪ੍ਰਤੀਸ਼ਤ ਦਾ ਇਤਿਹਾਸਕ ਵਾਧਾ ਕੀਤਾ ਗਿਆ।

ਸ. ਬਰਸਟ ਨੇ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਖਾਲੀ ਪਏ ਪਲਾਟਾਂ ਦੀ ਬੋਲੀ ਕਰਵਾਈ ਜਾ ਰਹੀ ਹੈ ਅਤੇ ਸਾਲ 2022 ਤੋਂ ਹੁਣ ਤੱਕ ਈ-ਆਕਸ਼ਨ ਰਾਹੀਂ ਵੱਖ-ਵੱਖ ਮੰਡੀਆਂ ਵਿੱਚ 630 ਕਰੋੜ ਰੁਪਏ ਦੇ 1,661 ਪਲਾਟ ਵੇਚੇ ਗਏ। ਉਨ੍ਹਾਂ ਦੱਸਿਆ ਕਿ ਸਾਲ 2022-23 ਦੌਰਾਨ ਮੂੰਗੀ ਦੀ ਐਮ.ਐਸ.ਪੀ. ਤੇ ਸਰਕਾਰੀ ਖਰੀਦ ਸ਼ੁਰੂ ਕੀਤੀ ਗਈ ਸੀ ਅਤੇ ਸਾਉਣੀ ਸੀਜਨ 2025 ਦੌਰਾਨ ਪਾਇਲਟ ਪ੍ਰੋਜੈਕਟ ਅਧੀਨ 6 ਜ਼ਿਲ੍ਹਿਆਂ ਵਿੱਚ ਮੱਕੀ ਦੀ ਖਰੀਦ ਵੀ ਐਮ.ਐਸ.ਪੀ. 'ਤੇ ਸ਼ੁਰੂ ਕੀਤੀ ਗਈ।

ਪੰਜਾਬ ਦੀਆਂ ਮੰਡੀਆਂ ਵਿੱਚ ਲੋਕਾਂ ਦੀਆਂ ਸਹੂਲਤਾਂ ਅਤੇ ਮੰਡੀ ਬੋਰਡ ਦੀ ਆਮਦਨ ਵਿੱਚ ਵਾਧਾ ਕਰਨ ਲਈ ਵਿਸ਼ੇਸ਼ ਪੱਧਰ ਤੇ ਕਾਰਜ ਕੀਤੇ ਜਾ ਰਹੇ ਹਨ। ਇਸਦੇ ਤਹਿਤ ਮਾਰਕਿਟ ਕਮੇਟੀ ਰਾਜਪੁਰਾ, ਪਟਿਆਲਾ, ਜਲੰਧਰ ਸਿਟੀ, ਮਹਿਤਪੁਰ, ਭਗਤਾਂਵਾਲਾ, ਮਾਨਸਾ, ਬੋਹਾ, ਭਿੱਖੀ ਅਤੇ ਤਪਾ ਵਿਖੇ ਏ.ਟੀ.ਐਮ. ਲਗਾਏ ਜਾ ਚੁੱਕੇ ਹਨ। ਇਸਦੇ ਨਾਲ ਹੀ ਲੁਧਿਆਣਾ ਅਤੇ ਸੰਗਰੂਰ ਵਿਖੇ ਵੱਖ-ਵੱਖ ਥਾਵਾਂ ਤੇ ਵਿਗਿਆਪਨਾਂ ਲਈ 12 ਯੂਨੀਪੋਲ ਲਗਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਤੇ ਫਗਵਾੜਾ (ਕਪੂਰਥਲਾ) ਵਿਖੇ ਫਲ/ਸਬਜੀ ਮੰਡੀਆਂ ਦੀ ਰਹਿੰਦ-ਖੂਹੰਦ ਨੂੰ ਡਿਸਪੋਜ਼ ਆਫ਼ ਕਰਨ ਲਈ ਵੇਸਟ ਮੈਨੇਜਮੈਂਟ ਪਲਾਂਟ ਦੀ ਸ਼ੁਰੂਆਤ ਕੀਤੀ ਗਈ ਹੈ। ਇਸਦੇ ਨਾਲ ਢੁਗਲਾਣਾ (ਹੁਸ਼ਿਆਰਪੁਰ) ਵਿਖੇ ਪਿਛਲੇ ਕੁਝ ਸਾਲਾਂ ਤੋਂ ਬੰਦ ਪਏ ਮੇਜ ਡਰਾਇਰ ਨੂੰ 5 ਸਾਲਾਂ ਲਈ ਲੀਜ਼ 'ਤੇ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਭਰ ਦੀਆਂ ਮੰਡੀਆਂ ਨੂੰ ਸਮਾਜਿਕ ਪ੍ਰੋਗਰਾਮਾਂ ਲਈ ਬਹੁਤ ਹੀ ਘੱਟ ਰੇਟ ਤੇ ਕਿਰਾਏ ਤੇ ਦਿੱਤਾ ਜਾਂਦਾ ਹੈ, ਜਦਕਿ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਣ ਲਈ ਆਫ਼ ਸੀਜਨ ਦੌਰਾਨ ਮੰਡੀਆਂ ਦੇ ਕਵਰ ਸ਼ੈੱਡਾਂ ਵਿੱਚ ਇਨਡੋਰ ਗੇਮਜ਼ ਦੀ ਟ ?ਰੇਨਿੰਗ ਦਿੱਤੀ ਜਾਂਦੀ ਹੈ। ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਦੇ ਵਾਤਾਵਰਨ ਦੀ ਸ਼ੁਧਤਾ ਲਈ ਸ਼ਹੀਦ ਭਗਤ ਸਿੰਘ ਹਰਿਆਵਲ ਲਹਿਰ ਤਹਿਤ ਪਿਛਲੇ ਚਾਰ ਸਾਲਾਂ ਦੌਰਾਨ ਹੁਣ ਤੱਕ ਲਗਭਗ 1,21,299 ਬੂਟੇ ਲਗਾਏ ਜਾ ਚੁੱਕੇ ਹਨ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਹੀ ਬੂਟੇ ਲਗਾਏ ਜਾਣਗੇ। ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਸੂਬੇ ਦੇ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਦੇ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।

ਜ਼ੀਰਕਪੁਰ ਪੁਲਿਸ ਵੱਲੋਂ ਰਿਹਾਇਸ਼ੀ ਸੋਸਾਇਟੀਆਂ ਦੇ ਪ੍ਰਧਾਨਾਂ ਨਾਲ ਅਹਿਮ ਮੀਟਿੰਗ

ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ 'ਤੇ ਦਿੱਤਾ ਜ਼ੋਰ

ਆ ਜ਼ਾਦ ਸੋਚ
ਅਵਤਾਰ ਸੈਣੀ
ਜ਼ੀਰਕਪੁਰ , 17 ਜੂਨ

========================

ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਬਿਹਤਰ ਬਣਾਉਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਏ.ਐਸ.ਪੀ. ਜ਼ੀਰਕਪੁਰ ਮਿਸ ਗ਼ਜ਼ਲਪ੍ਰੀਤ ਕੌਰ ਵੱਲੋਂ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਇਸ ਤਹਿਤ ਅੱਜ ਏ.ਐਸ.ਪੀ. ਜ਼ੀਰਕਪੁਰ ਦੀ ਪ੍ਰਧਾਨਗੀ ਹੇਠ ਖੇਤਰ ਦੀਆਂ ਵੱਖ-ਵੱਖ ਰਿਹਾਇਸ਼ੀ ਸੋਸਾਇਟੀਆਂ ਦੇ ਪ੍ਰਧਾਨਾਂ, ਪ੍ਰਬੰਧਕਾਂ ਅਤੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਉਦੇਸ਼ ਪੁਲਿਸ ਅਤੇ ਪਬਲਿਕ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨਾ ਅਤੇ ਸੋਸਾਇਟੀਆਂ ਦੇ ਅੰਦਰੂਨੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣਾ ਸੀ।

-ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਕੀਤੇ ਦਿਸ਼ਾ-ਨਿਰਦੇਸ਼ ਜਾਰੀ : ਮੀਟਿੰਗ ਦੌਰਾਨ ਵੱਖ-ਵੱਖ ਸੋਸਾਇਟੀਆਂ ਤੋਂ ਆਏ ਨੁਮਾਇੰਦਿਆਂ ਨੇ ਆਪਣੇ-ਆਪਣੇ ਖੇਤਰਾਂ ਨਾਲ ਸਬੰਧਿਤ ਦਰਪੇਸ਼ ਮੁਸ਼ਕਿਲਾਂ, ਟ ?ਰੈਫਿਕ ਦੀ ਸਮੱਸਿਆ ਅਤੇ ਸੁਰੱਖਿਆ ਨਾਲ ਜੁੜੇ ਹੋਰ ਅਹਿਮ ਮੁੱਦਿਆਂ ਬਾਰੇ ਏ.ਐਸ.ਪੀ. ਮਿਸ ਗ਼ਜ਼ਲਪ੍ਰੀਤ ਕੌਰ ਨੂੰ ਵਿਸਥਾਰ ਵਿੱਚ ਜਾਣੂ ਕਰਵਾਇਆ। ਸੋਸਾਇਟੀ ਵਾਸੀਆਂ ਵੱਲੋਂ ਕੁਝ ਸਕਾਰਾਤਮਕ ਸੁਝਾਅ ਵੀ ਪੇਸ਼ ਕੀਤੇ ਗਏ। ਏ.ਐਸ.ਪੀ. ਜ਼ੀਰਕਪੁਰ ਨੇ ਸਾਰੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਬਹੁਤ ਹੀ ਧਿਆਨ ਅਤੇ ਗੰਭੀਰਤਾ ਨਾਲ ਸੁਣਿਆ। ਉਨ੍ਹਾਂ ਨੇ ਮੌਕੇ 'ਤੇ ਹੀ ਮੌਜੂਦ ਸਬੰਧਿਤ ਪੁਲਿਸ ਅਧਿਕਾਰੀਆਂ ਨੂੰ ਇਨ੍ਹਾਂ ਸਮੱਸਿਆਵਾਂ ਦੇ ਤੁਰੰਤ ਅਤੇ ਯੋਗ ਹੱਲ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

ਪੁਲਿਸ ਵੈਰੀਫਿਕੇਸ਼ਨ ਹੈ ਸੁਰੱਖਿਆ ਲਈ ਬੇਹੱਦ ਜ਼ਰੂਰੀ: ਏ.ਐਸ.ਪੀ. : ਇਸ ਮੌਕੇ ਵਿਸ਼ੇਸ਼ ਤੌਰ 'ਤੇ ਬੋਲਦਿਆਂ ਏ.ਐਸ.ਪੀ. ਗ਼ਜ਼ਲਪ੍ਰੀਤ ਕੌਰ ਨੇ ਰਿਹਾਇਸ਼ੀ ਸੋਸਾਇਟੀਆਂ ਵਿੱਚ ਰਹਿਣ ਵਾਲੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਵੱਡੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੋਸਾਇਟੀਆਂ ਵਿੱਚ ਰੱਖੇ ਜਾਣ ਵਾਲੇ ਘਰੇਲੂ ਨੌਕਰਾਂ, ਡਰਾਈਵਰਾਂ, ਕਿਰਾਏਦਾਰਾਂ ਅਤੇ ਹੋਰ ਸਹਾਇਕ ਕਰਮਚਾਰੀਆਂ ਜਿਵੇਂ ਕਿ ਮਾਲੀ, ਸਫਾਈ ਸੇਵਕ ਆਦਿ ਦੀ ਪੁਲਿਸ ਵੈਰੀਫਿਕੇਸ਼ਨ ਕਰਵਾਉਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਸੋਸਾਇਟੀ ਦੇ ਪ੍ਰਧਾਨਾਂ ਨੂੰ ਤਾਕੀਦ ਕੀਤੀ ਕਿ ਉਹ ਆਪਣੇ ਪੱਧਰ 'ਤੇ ਵੀ ਇਸ ਮੁਹਿੰਮ ਨੂੰ ਤੇਜ਼ ਕਰਨ। ਸਮੇਂ ਸਿਰ ਵੈਰੀਫਿਕੇਸ਼ਨ ਕਰਵਾਉਣ ਨਾਲ ਨਾ ਸਿਰਫ਼ ਅਪਰਾਧਿਕ ਬਿਰਤੀ ਵਾਲੇ ਲੋਕਾਂ 'ਤੇ ਨਕੇਲ ਕੱਸੀ ਜਾ ਸਕਦੀ ਹੈ, ਸਗੋਂ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਪਹਿਲਾਂ ਰੋਕਿਆ ਜਾ ਸਕਦਾ ਹੈ। ਇਹ ਕਦਮ ਇਲਾਕੇ ਦੀ ਸੁਰੱਖਿਆ ਨੂੰ ਹੋਰ ਅਮੀਰ ਅਤੇ ਮਜ਼ਬੂਤ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ।

ਸਾਈਬਰ ਅਪਰਾਧਾਂ ਅਤੇ ਨਸ਼ਿਆਂ ਵਿਰੁੱਧ ਜੰਗ : ?ਮੀਟਿੰਗ ਦੌਰਾਨ ਮੌਜੂਦਾ ਸਮੇਂ ਦੀਆਂ ਦੋ ਵੱਡੀਆਂ ਚੁਣੌਤੀਆਂ—ਸਾਈਬਰ ਅਪਰਾਧ ਅਤੇ ਨਸ਼ਿਆਂ ਦੇ ਖ਼ਾਤਮੇ 'ਤੇ ਵੀ ਵਿਸ਼ੇਸ਼ ਚਰਚਾ ਹੋਈ। ਪੁਲਿਸ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਸਾਈਬਰ ਠੱਗਾਂ ਤੋਂ ਸੁਚੇਤ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ ਜਾਂ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ। ਜਾਣਕਾਰੀ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

ਪੰਜਾਬ ਪੁਲਿਸ ਜਨਤਾ ਦੀ ਸੇਵਾ ਵਿੱਚ ਹਮੇਸ਼ਾ ਤਤਪਰ : ਅੰਤ ਵਿੱਚ ਏ.ਐਸ.ਪੀ. ਜ਼ੀਰਕਪੁਰ ਨੇ ਦੁਹਰਾਇਆ ਕਿ ਪੰਜਾਬ ਪੁਲਿਸ ਆਮ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਭਲਾਈ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਸੋਸਾਇਟੀ ਪ੍ਰਤੀਨਿਧੀਆਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਵੱਲੋਂ ਗਸ਼ਤ ਵਧਾਈ ਜਾਵੇਗੀ ਤਾਂ ਜੋ ਨਾਗਰਿਕ ਖ਼ੁਦ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਮਹਿਸੂਸ ਕਰ ਸਕਣ। ਸੋਸਾਇਟੀ ਦੇ ਨੁਮਾਇੰਦਿਆਂ ਨੇ ਪੁਲਿਸ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਪੂਰਾ ਸਹਿਯੋਗ ਦੇਣ ਦਾ ਵਾਅਦਾ ਕੀਤਾ।

ਚਾਰ ਫੁੱਟ ਤੱਕ ਧੱਸੇ ਗਾਜੀਪੁਰ ਪੁੱਲ ਦੀ ਨੀਂਹ ਵਾਲੇ ਪਾਈਪ, ਸਾਢੇ ਅੱਠ ਮਹੀਨਿਆਂ ਤੋਂ ਸੁੱਤਾ ਪਿਆ ਪ੍ਰਸ਼ਾਸਨ

ਗਾਜੀਪੁਰ ਪੁੱਲ ’ਤੇ ਵਧਿਆ ਆਵਾਜਾਈ ਦਾ ਖ਼ਤਰਾ

ਆ ਜ਼ਾਦ ਸੋਚ
ਅਵਤਾਰ ਸੈਣੀ
ਜ਼ੀਰਕਪੁਰ, 17 ਜੂਨ

ਗਾਜੀਪੁਰ ਖੇਤਰ ਵਿੱਚ ਸੁਖਣਾ ਨਦੀ ਉੱਪਰ ਬਣਿਆ ਪੁੱਲ ਦਿਨੋ-ਦਿਨ ਆਵਾਜਾਈ ਲਈ ਖ਼ਤਰਨਾਕ ਹੁੰਦਾ ਜਾ ਰਿਹਾ ਹੈ, ਪਰ ਸਾਢੇ ਅੱਠ ਮਹੀਨਿਆਂ ਤੋਂ ਪ੍ਰਸ਼ਾਸਨ ਇਸ ਮਾਮਲੇ ਵਿੱਚ ਕੋਈ ਠੋਸ ਕਾਰਵਾਈ ਕਰਦਾ ਨਜ਼ਰ ਨਹੀਂ ਆ ਰਿਹਾ। ਪਿਛਲੇ ਸਾਲ ਬਰਸਾਤਾਂ ਦੌਰਾਨ ਪੁੱਲ ਦੀ ਨੀਂਹ ਨੂੰ ਸਹਾਰਾ ਦੇਣ ਵਾਲੇ ਪਾਈਪ ਕਰੀਬ ਇੱਕ ਫੁੱਟ ਤੱਕ ਧੱਸ ਗਏ ਸਨ। ਉਸ ਸਮੇਂ ਹੀ ਇਸ ਦੀ ਤੁਰੰਤ ਮੁਰੰਮਤ ਅਤੇ ਤਕਨੀਕੀ ਜਾਂਚ ਦੀ ਮੰਗ ਕੀਤੀ ਗਈ ਸੀ, ਪਰ ਅੱਜ ਹਾਲਾਤ ਇਹ ਹਨ ਕਿ ਉਹੀ ਪਾਈਪ ਲਗਭਗ ਚਾਰ ਫੁੱਟ ਤੱਕ ਧੱਸ ਚੁੱਕੇ ਹਨ ਅਤੇ ਪੁੱਲ ਦੀ ਹਾਲਤ ਲਗਾਤਾਰ ਵਿਗੜਦੀ ਜਾ ਰਹੀ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਪੁੱਲ ਦੇ ਹੇਠਲੇ ਹਿੱਸੇ ਵਿੱਚ ਧੱਸਣ ਦਾ ਦਾਇਰਾ ਵਧਦਾ ਜਾ ਰਿਹਾ ਹੈ, ਜਦਕਿ ਕਈ ਥਾਵਾਂ ’ਤੇ ਕਿਨਾਰਿਆਂ ਦੀ ਮਿੱਟੀ ਵੀ ਖਿਸਕ ਰਹੀ ਹੈ। ਲੋਕਾਂ ਨੂੰ ਡਰ ਹੈ ਕਿ ਜੇਕਰ ਬਰਸਾਤੀ ਮੌਸਮ ਸ਼ੁਰੂ ਹੋਣ ਤੋਂ ਪਹਿਲਾਂ ਇਸ ਦੀ ਮੁਰੰਮਤ ਨਾ ਹੋਈ ਤਾਂ ਕਿਸੇ ਵੀ ਸਮੇਂ ਪੁੱਲ ਦਾ ਵੱਡਾ ਹਿੱਸਾ ਨੁਕਸਾਨਗ੍ਰਸਤ ਹੋ ਸਕਦਾ ਹੈ। ਇਸ ਪੁੱਲ ਰਾਹੀਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕ ਅਤੇ ਵਾਹਨ ਲੰਘਦੇ ਹਨ, ਜਿਸ ਕਾਰਨ ਇਹ ਮਾਮਲਾ ਹੁਣ ਸਿਰਫ਼ ਵਿਕਾਸ ਕਾਰਜਾਂ ਦੀ ਦੇਰੀ ਨਹੀਂ, ਸਗੋਂ ਜਨਤਕ ਸੁਰੱਖਿਆ ਨਾਲ ਜੁੜਿਆ ਗੰਭੀਰ ਮੁੱਦਾ ਬਣ ਗਿਆ ਹੈ। ਸਤੰਬਰ 2025 ਵਿੱਚ ਜਦੋਂ ਪੁੱਲ ਹੇਠਾਂ ਲੱਗੇ ਪਾਈਪਾਂ ਦੇ ਧੱਸਣ ਦਾ ਮਾਮਲਾ ਸਾਹਮਣੇ

ਆਇਆ ਸੀ ਤਾਂ ਸਥਾਨਕ ਪੱਧਰ ’ਤੇ ਇਸ ਨੂੰ ਖ਼ਤਰੇ ਦੀ ਘੰਟੀ ਕਰਾਰ ਦਿੱਤਾ ਗਿਆ ਸੀ। ਉਸ ਵੇਲੇ ਮੰਗ ਕੀਤੀ ਗਈ ਸੀ ਕਿ ਮੁਰੰਮਤ ਦੇ ਨਾਲ-ਨਾਲ ਪੁੱਲ ਦੀ ਤਕਨੀਕੀ ਜਾਂਚ ਵੀ ਕਰਵਾਈ ਜਾਵੇ ਤਾਂ ਜੋ ਭਵਿੱਖ ਵਿੱਚ ਕਿਸੇ ਵੱਡੇ ਨੁਕਸਾਨ ਤੋਂ ਬਚਿਆ ਜਾ ਸਕੇ। ਪਰ ਸਾਢੇ ਅੱਠ ਮਹੀਨੇ ਬੀਤ ਜਾਣ ਦੇ ਬਾਵਜੂਦ ਨਾ ਤਾਂ ਕੋਈ ਵੱਡੀ ਮੁਰੰਮਤ ਹੋਈ ਅਤੇ ਨਾ ਹੀ ਲੋਕਾਂ ਨੂੰ ਇਹ ਦੱਸਿਆ ਗਿਆ ਕਿ ਸਮੱਸਿਆ ਦੇ ਹੱਲ ਲਈ ਕੀ ਯੋਜਨਾ ਤਿਆਰ ਕੀਤੀ ਗਈ ਹੈ। ਹੁਣ ਜਦੋਂ ਬਰਸਾਤੀ ਮੌਸਮ ਸ਼ੁਰੂ ਹੋਣ ਵਿੱਚ ਕਰੀਬ ਪੰਦਰਾਂ ਦਿਨ ਦਾ ਸਮਾਂ ਬਾਕੀ ਹੈ, ਲੋਕਾਂ ਦੀ ਚਿੰਤਾ ਹੋਰ ਵੱਧ ਗਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਪਿਛਲੇ ਸਾਲ ਦੀਆਂ ਬਰਸਾਤਾਂ ਨੇ ਪਾਈਪਾਂ ਨੂੰ ਇੱਕ ਫੁੱਟ ਧੱਸਾ ਦਿੱਤਾ ਸੀ ਤਾਂ ਇਸ ਵਾਰ ਦੀ ਬਰਸਾਤ ਮੌਜੂਦਾ ਕਮਜ਼ੋਰ ਢਾਂਚੇ ਲਈ ਹੋਰ ਵੱਡਾ ਖ਼ਤਰਾ ਬਣ ਸਕਦੀ ਹੈ। ਕਈ ਲੋਕਾਂ ਦਾ ਮੰਨਣਾ ਹੈ ਕਿ ਪੁੱਲ ਦੀ ਹਾਲਤ ਦੇਖ ਕੇ ਇਹ ਨਹੀਂ ਲੱਗਦਾ ਕਿ ਇਹ ਇੱਕ ਹੋਰ ਭਾਰੀ ਬਰਸਾਤ ਦਾ ਦਬਾਅ ਆਸਾਨੀ ਨਾਲ ਝੱਲ ਸਕੇਗਾ। ਇਸ ਪੂਰੇ ਮਾਮਲੇ ਨੇ ਨਗਰ ਕੌਂਸਲ ਦੀ ਕਾਰਗੁਜ਼ਾਰੀ ਉੱਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ। ਜਦੋਂ ਖ਼ਤਰੇ ਦੀ ਜਾਣਕਾਰੀ ਮਹੀਨਿਆਂ ਪਹਿਲਾਂ ਹੀ ਪ੍ਰਸ਼ਾਸਨ ਕੋਲ ਮੌਜੂਦ ਸੀ ਤਾਂ ਮੁਰੰਮਤ ਨੂੰ ਲਗਾਤਾਰ ਟਾਲਣ ਦਾ ਕਾਰਨ ਕੀ ਹੈ, ਇਸ ਦਾ ਕੋਈ ਸਪੱਸ਼ਟ ਜਵਾਬ ਸਾਹਮਣੇ ਨਹੀਂ ਆਇਆ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਕਾਰਵਾਈ ਕੀਤੀ ਜਾਂਦੀ ਤਾਂ ਅੱਜ ਪੁੱਲ ਦੀ ਹਾਲਤ ਇੰਨੀ ਨਾਜ਼ੁਕ ਨਾ ਹੁੰਦੀ। ਇਸ ਸਬੰਧੀ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਪਰਵਿੰਦਰ ਸਿੰਘ ਭੱਟੀ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਵੱਲੋਂ ਫੋਨ ਨਹੀਂ ਚੁੱਕਿਆ ਗਿਆ। ਉਨ੍ਹਾਂ ਨੂੰ ਲਿਖਤੀ ਵਟਸਐਪ ਸੁਨੇਹਾ ਵੀ ਭੇਜਿਆ ਗਿਆ, ਪਰ ਖ਼ਬਰ ਲਿਖੇ ਜਾਣ ਤੱਕ ਕੋਈ ਜਵਾਬ ਨਹੀਂ ਮਿਲਿਆ। ਜ਼ਿਕਰਯੋਗ ਹੈ ਕਿ ਪਰਵਿੰਦਰ ਸਿੰਘ ਭੱਟੀ ਪਹਿਲਾਂ ਵੀ ਆਪਣੇ ਆਪ ਨੂੰ ਕੰਮ ਦੇ ਬੋਝ ਹੇਠ ਦੱਬਿਆ ਹੋਇਆ ਦੱਸਦੇ ਹੋਏ ਜ਼ੀਰਕਪੁਰ ਤੋਂ ਬਦਲੀ ਕਰਵਾਉਣ ਦੀ ਇੱਛਾ ਜਾਹਰ ਕਰ ਚੁੱਕੇ ਹਨ। ਅਜਿਹੇ ਵਿੱਚ ਸ਼ਹਿਰ ਦੇ ਇੱਕ ਮਹੱਤਵਪੂਰਨ ਪੁੱਲ ਦੀ ਮੁਰੰਮਤ ਸਾਢੇ ਅੱਠ ਮਹੀਨੇ ਤੱਕ ਲਟਕਣਾ ਉਨ੍ਹਾਂ ਦੀ ਕਾਰਗੁਜ਼ਾਰੀ ਉੱਤੇ ਗੰਭੀਰ ਸਵਾਲ ਖੜ੍ਹੇ ਕਰ ਰਿਹਾ ਹੈ।ਇਸ ਸਬੰਧੀ ਨਗਰ ਕੌਂਸਲ ਦੇ ਮਿਉਂਸਪਲ ਇੰਜੀਨੀਅਰ ਰਾਜੀਵ ਗੋਇਲ ਵਲੋਂ ਵੀ ਫੋਨ ਨਹੀਂ ਚੁਕਿਆ ਗਿਆ। ਲੋਕ ਹੈਰਾਨ ਹਨ ਕਿ ਜੇਕਰ ਪਰਵਿੰਦਰ ਸਿੰਘ ਭੱਟੀ ਕੰਮ ਦਾ ਬੋਝ ਹੀ ਨਹੀਂ ਝੱਲ ਸਕ ਰਹੇ ਹਨ ਤਾਂ ਪੰਜਾਬ ਦੇ ਮਹੱਤਵਪੂਰਨ ਸਟੇਸ਼ਨਾ ਵਿੱਚ ਸ਼ੁਮਾਰ ਜ਼ੀਰਕਪੁਰ ਵਿਖੇ ਤੈਨਾਤ ਹੀ ਕਿਉਂ ਕੀਤਾ ਗਿਆ ਸੀ। ਪੁੱਲ ਦੀ ਹੰਗਾਮੀ ਮੁਰੰਮਤ ਸਬੰਧੀ ਜਾਣਕਾਰੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਨੂੰ ਵੀ ਭੇਜ ਦਿੱਤੀ ਗਈ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਉੱਚ ਅਧਿਕਾਰੀ ਇਸ ਮਾਮਲੇ ਵਿੱਚ ਤੁਰੰਤ ਦਖਲ ਦੇ ਕੇ ਪੁੱਲ ਦੀ ਸੁਰੱਖਿਆ ਯਕੀਨੀ ਬਣਾਉਂਦੇ ਹਨ ਜਾਂ ਫਿਰ ਕਿਸੇ ਵੱਡੇ ਨੁਕਸਾਨ ਤੋਂ ਬਾਅਦ ਹੀ ਪ੍ਰਸ਼ਾਸਨ ਦੀ ਨੀਂਦ ਖੁੱਲ੍ਹੇਗੀ। ਮੌਜੂਦਾ ਹਾਲਾਤ ਇਹ ਸਪੱਸ਼ਟ ਸੰਕੇਤ ਦੇ ਰਹੇ ਹਨ ਕਿ ਗਾਜੀਪੁਰ ਪੁੱਲ ਹੁਣ ਆਮ ਮੁਰੰਮਤ ਨਹੀਂ, ਸਗੋਂ ਹੰਗਾਮੀ ਦਖਲ ਦੀ ਮੰਗ ਕਰ ਰਿਹਾ ਹੈ। ਜੇਕਰ ਪ੍ਰਸ਼ਾਸਨ ਨੇ ਹੁਣ ਵੀ ਲਾਪਰਵਾਹੀ ਦਿਖਾਈ ਤਾਂ ਆਉਣ ਵਾਲੀ ਪਹਿਲੀ ਵੱਡੀ ਬਰਸਾਤ ਇਸ ਅਣਗਹਿਲੀ ਨੂੰ ਇੱਕ ਵੱਡੇ ਸੰਕਟ ਵਿੱਚ ਬਦਲ ਸਕਦੀ ਹੈ।

ਪੌਲੀਟੈਕਨੀਕਲ ਕਾਲਜ ਫਤਹਿਗੜ੍ਹ ਸਾਹਿਬ ਵਿਖੇ ਨਵ-ਨਿਯੁੱਕਤ ਟਰੱਸਟੀ ਐਡ: ਸਤਨਾਮ ਸਿੰਘ ਭਗੜਾਣਾ ਦਾ ਸ਼ਾਨਦਾਰ ਸਨਮਾਨ

ਆ ਜ਼ਾਦ ਸੋਚ
ਜੇ.ਐੱਸ.ਖੰਨਾ /ਫਤਹਿਗੜ੍ਹ ਸਾਹਿਬ, 17 ਜੂਨ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਪੌਲੀਟੈਕਨੀਕਲ ਕਾਲਜ ਫਤਹਿਗੜ੍ਹ ਸਾਹਿਬ ਵਿਖੇ ਨਵੇਂ ਨਿਯੁੱਕਤ ਟਰੱਸਟੀ ਐਡਵੋਕੇਟ ਸਤਨਾਮ ਸਿੰਘ ਭਗੜਾਣਾ ਨੂੰ ਸਿਰੋਪਾਓ ਸਾਹਿਬ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਵਰਿੰਦਰ ਸਿੰਘ ਵੈਸ , ਐਡਵੋਕੇਟ ਮਇੰਕ ਸ਼ਰਮਾ , ਕਾਲਜ ਦੇ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ , ਡਾ. ਜਗਦੀਪ ਸਿੰਘ ਗਿੱਲ ਵਿਭਾਗ ਮੁਖੀ , ਇੰਜ: ਗੁਰਦੀਪ ਸਿੰਘ ਗਿੱਲ ਵਿਭਾਗ ਮੁਖੀ , ਇੰਜ: ਸਿਮਰਨਜੀਤ ਸਿੰਘ ਵਿਭਾਗ ਮੁਖੀ , ਜੁਝਾਰ ਸਿੰਘ ਮਾਜਰੀ , ਸਰਬਜੀਤ ਸਿੰਘ , ਮੈਡਮ ਗੁਰਦੀਪ ਕੌਰ , ਹਰਪ੍ਰੀਤ ਕੁਮਾਰ, ਹਰਵਿੰਦਰ ਸਿੰਘ , ਵਰਿੰਦਰ ਸਿੰਘ ਅਤੇ ਸਮੁੱਚਾ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਮੌਜੂਦ ਸੀ।

ਇਸ ਮੌਕੇ ਕਾਲਜ ਦੀ ਤਰੱਕੀ , ਵਿਦਿਆਰਥੀਆਂ ਨੂੰ ਮਿਆਰੀ ਅਤੇ ਤਕਨੀਕੀ ਸਿੱਖਿਆ ਪ੍ਰਦਾਨ ਕਰਨ , ਨਵੇਂ ਕੋਰਸ ਸ਼ੁਰੂ ਕਰਨ ਅਤੇ ਰੋਜ਼ਗਾਰਮੁਖੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ , ਆਧੁਨਿਕ ਤਕਨੀਕੀ ਗਿਆਨ ਅਤੇ ਬਿਹਤਰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ।ਐਡਵੋਕੇਟ ਸਤਨਾਮ ਸਿੰਘ ਭਗੜਾਣਾ ਨੇ ਕਿਹਾ ਕਿ ਵਿਦਿਆਰਥੀਆਂ ਦਾ ਭਵਿੱਖ ਉਜਵਲ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਕਾਲਜ ਵਿੱਚ ਅਜਿਹਾ ਸਿੱਖਿਅਕ ਮਾਹੌਲ ਸਿਰਜਿਆ ਜਾਵੇਗਾ ਜਿੱਥੇ ਵਿਦਿਆਰਥੀ ਆਪਣੇ ਹੁਨਰਾਂ ਨੂੰ ਨਿਖਾਰ ਕੇ ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਵਿਦਿਆਰਥੀ ਹੀ ਕਿਸੇ ਵੀ ਸਿੱਖਿਆ ਸੰਸਥਾ ਦੀ ਅਸਲ ਪੂੰਜੀ ਹੁੰਦੇ ਹਨ ਅਤੇ ਉਨ੍ਹਾਂ ਦੀ ਭਲਾਈ ਅਤੇ ਤਰੱਕੀ ਲਈ ਸੰਸਥਾ ਹਮੇਸ਼ਾਂ ਵਚਨਬੱਧ ਰਹੇਗੀ।

ਜਿਸ ਨਸ਼ੀਲੀ ਵਸਤੂ ਦੀ ਸਿੱਖ ਧਰਮ ’ਚ ਮਨਾਹੀ ਹੋਵੇ ਉਸ ਦੇ ਛਿੱਟੇ ਧਾਰਮਿਕ ਤਸਵੀਰਾਂ ’ਤੇ ਮਾਰਨੇ ਮੰਦਭਾਗਾ ਤੇ ਨਿੰਦਨਯੋਗ: ਭਾਈ ਚਮਨ ਸਿੰਘ ਖ਼ਾਲਸਾ

ਆ ਜ਼ਾਦ ਸੋਚ
ਸੁਖਰਾਜ ਸਿੰਘ/ਨਵੀਂ ਦਿੱਲੀ, 17 ਜੂਨ

ਇੰਟਰਨੈਸ਼ਨਲ ਸਿੱਖ ਪ੍ਰਚਾਰਕ ਭਾਈ ਚਮਨ ਸਿੰਘ ਖ਼ਾਲਸਾ ਨੇ ਕਿਹਾ ਕਿ ਬੀਤੇ ਦਿਨੀਂ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਸੰਬੰਧਿਤ ਸਾਹਮਣੇ ਆਈ ਬੇਅਦਬੀ ਵਾਲੀ ਵੀਡੀਓ ਸਬੰਧੀ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਵੱਲੋਂ ਕਰਵਾਈ ਗਈ ਜਾਂਚ ਦੀ ਰਿਪੋਰਟ ਜਾਰੀ ਕਰ ਦਿੱਤੀ ਗਈ ਹੈ।ਉਨ੍ਹਾਂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਜਾਰੀ ਕੀਤੀ ਗਈ ਰਿਪੋਰਟ ਅਨੁਸਾਰ ਵੀਡੀਓ ਦੀ ਜਾਂਚ ਦੌਰਾਨ ਇਸ ਨੂੰ ਅਸਲੀ ਅਤੇ ਤੱਥਾਂ ਅਨੁਸਾਰ ਪਾਇਆ ਗਿਆ ਹੈ।ਭਾਈ ਚਮਨ ਸਿੰਘ ਖ਼ਾਲਸਾ ਨੇ ਕਿਹਾ ਕਿ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਦੱਸਿਆ ਕਿ ਇਸ ਮਾਮਲੇ ਦੀ ਪੜਤਾਲ ਲਈ ਭਾਰਤ ਦੀਆਂ ਦੋ ਵੱਖ-ਵੱਖ ਤਕਨੀਕੀ ਏਜੰਸੀਆ (ਲੈਬਾਂ) ਦੀਆਂ ਰਿਪੋਰਟਾਂ ਪ੍ਰਾਪਤ ਕੀਤੀਆਂ ਗਈਆਂ ਸਨ, ਜਾਂਚ ਦੌਰਾਨ ਵੀਡੀਓ ਵਿੱਚ ਕਿਸੇ ਕਿਸਮ ਦੀ ਛੇੜਛਾੜ ਜਾਂ ਤਕਨੀਕੀ ਹੇਰਾਫੇਰੀ ਦੇ ਸਬੂਤ ਨਹੀਂ ਮਿਲਿਆ ।ਇਸ ਰਿਪੋਰਟ ਦੇ ਜਾਰੀ ਹੋਣ ਤੋਂ ਬਾਅਦ ਸਿਆਸੀ ਅਤੇ ਪੰਥਕ ਹਲਕਿਆਂ ਵਿੱਚ ਚਰਚਾ ਤੇਜ਼ ਹੋ ਗਈ ਹੈ। ਹੁਣ ਨਜ਼ਰਾਂ ਇਸ ਗੱਲ ਉੱਤੇ ਟਿਕੀਆਂ ਹਨ ਕਿ ਇਸ ਮਾਮਲੇ ਵਿੱਚ ਅੱਗੇ ਕੀ ਕਾਰਵਾਈ ਕੀਤੀ ਜਾਂਦੀ ਹੈ ਅਤੇ ਸੰਬੰਧਿਤ ਧਿਰਾਂ ਵੱਲੋਂ ਕੀ ਪ੍ਰਤੀਕਿਰਿਆ ਦਿੱਤੀ ਜਾਂਦੀ ਹੈ। ਇੰਟਰਨੈਸ਼ਨਲ ਸਿੱਖ ਪ੍ਰਚਾਰਕ ਭਾਈ ਚਮਨ ਸਿੰਘ ਖ਼ਾਲਸਾ ਨੇ ਇਸ ਗੱਲ’ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਕੋਈ ਇਨਸਾਨ ਇਨ੍ਹਾਂ ਨੀਵਾਂ ਵੀ ਡਿੱਗ ਸਕਦਾ ਹੈ ਕਿ ਸ਼ਰਾਬ ਵਰਗੀ ਨਸ਼ੇ ਵਾਲੀ ਵਸਤੂ ਜਿਸ ਦੀ ਹਰ ਧਰਮ ਵਿੱਚ ਮਨਾਹੀ ਕੀਤੀ ਗਈ ਹੋਵੇ ਉਸ ਨਸ਼ੀਲੀ ਵਸਤੂ ਦੇ ਛਿੱਟੇ ਧਾਰਮਿਕ ਤਸਵੀਰਾਂ ਉੱਪਰ ਮਾਰੇ, ਇਹ ਬਹੁਤ ਮੰਦਭਾਗੀ ਅਤੇ ਨਿੰਦਨਯੋਗ ਗੱਲ ਹੈ। ਭਾਈ ਚਮਨ ਸਿੰਘ ਖ਼ਾਲਸਾ ਨੇ ਕਿਹਾ ਕਿ ਇਸ ਲਈ ਇਸ ਇਨਸਾਨ ਨੂੰ ਕਿਸੇ ਵੀ ਜਿੰਮੇਵਾਰੀ ਵਾਲੀ ਸੀਟ ’ਤੇ ਬੈਠਣ ਦਾ ਕੋਈ ਹੱਕ ਨਹੀਂ ਅਤੇ ਜ਼ਿੰਮੇਵਾਰੀ ਵਾਲੀ ਕੁਰਸੀ ਉਤੇ ਬੈਠਣ ਵੀ ਨਹੀਂ ਦੇਣਾ ਚਾਹੀਦਾ। ਉਨ੍ਹਾਂ ਕਿਹਾ ਕਿ ਅੱਜ ਸਾਰੀ ਸਿੱਖ ਕੌਮ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ ਨਾਲ ਸਹਿਮਤ ਹੈ ਅਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਜੀ ਦੇ ਨਾਲ ਖੜ੍ਹੀ ਹੈ ਅਤੇ ਅਜਿਹੇ ਫੈਸਲਿਆਂ ਲਈ ਹਮੇਸ਼ਾ ਨਾਲ ਖੜ੍ਹੀ ਰਹੇਗੀ।

ਇੰਜੀਨੀਅਰ ਸਤਨਾਮ ਸਿੰਘ ਮੱਟੂ ਨੇ ਐਸ.ਡੀ.ਓ. ਖੇੜਾ ਦਾ ਚਾਰਜ ਸੰਭਾਲਿਆ

ਫਤਿਹਗੜ੍ਹ ਸਾਹਿਬ, 17 ਜੂਨ (ਸੁਨੀਲ ਵਰਮਾ) : ਇੰਜੀ ਸਤਨਾਮ ਸਿੰਘ ਮੱਟੂ ਨੇ ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਉੱਪ ਮੰਡਲ ਇੰਜੀਨੀਅਰ ਖੇੜਾ ਦਾ ਚਾਰਜ ਸੰਭਾਲ ਲਿਆ ਹੈ ਉਹ ਰੋਪੜ ਤੋਂ ਬਦਲ ਕੇ ਇੱਥੇ ਆਏ ਹਨ। ਇਸ ਤੋਂ ਪਹਿਲਾਂ ਵੀ ਉਹ 2003 ਤੋਂ 2017 ਤੱਕ ਲਗਭਗ 14 ਸਾਲ ਇਸ ਜ਼ਿਲ੍ਹੇ ਵਿੱਚ ਬਤੌਰ ਜੇਈ/ਏਈ ਵੱਖ ਵੱਖ ਬਲਾਕਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਨੂੰ ਪਹਿਲਾ ਸਵੱਛ ਜ਼ਿਲ੍ਹਾ ਬਣਾਉਣ ਵਿੱਚ ਉਹਨਾਂ ਮੋਹਰੀ ਟੀਮ ਵਜੋਂ ਕੰਮ ਕੀਤਾ ਹੈ। ਇਲਾਕੇ ਵਿੱਚ ਇੱਕ ਵਧੀਆ ਅਫਸਰ ਵਜੋਂ ਜਾਣੇ ਜਾਂਦੇ ਹਨ ।ਇਸ ਤੋਂ ਇਲਾਵਾ ਸਾਹਿਤਕ ਖੇਤਰ ਦੀਆਂ ਉੱਘੀਆਂ ਸਖਸ਼ੀਅਤਾਂ ਵਿੱਚ ਵੀ ਉਹਨਾਂ ਦਾ ਨਾਮ ਸ਼ੁਮਾਰ ਹੈ ।ਕਈ ਧਾਰਮਿਕ ਕਿਤਾਬਾਂ ਵੀ ਲਿਖ ਚੁੱਕੇ ਹਨ ।ਸਮੂਹ ਮੁਲਾਜਮਾਂ ਜਥੇਬੰਦੀਆਂ ਤੋਂ ਇਲਾਵਾ ਸਮੂਹ ਸਟਾਫ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਹੈ ।ਇਸ ਮੌਕੇ ਸਮੂਹ ਮੁਲਾਜਮਾਂ ਤੋਂ ਇਲਾਵਾ ਇੰਜੀ ਸੰਦੀਪ ਸ਼ਰਮਾ ਐਸ ਡੀ ਓ ਚਮਕੌਰ ਸਾਹਿਬ,ਇੰਜੀ ਗਗਨਦੀਪ ਸਿੰਘ ਐਸ ਡੀ ਓ ਖਮਾਣੋ,ਲਖਵੀਰ ਸਿੰਘ ਭੱਟੀ ਮੁਲਾਜ਼ਮ ਆਗੂ, ਰਾਜਪਾਲ ਸਿੰਘ ਲਸੋਈ ਪ੍ਰਧਾਨ,ਅਸ਼ੋਕ ਕੁਮਾਰ ਸੰਘੋਲ ਪ੍ਰਧਾਨ,ਇੰਜੀ ਮੁਕੇਸ਼ ਮੈਣੀ ਡਿਪਲੋਮਾ ਇੰਜਨੀਅਰਜ ਐਸੋਸੀਏਸ਼ਨ, ਇੰਜੀ ਪ੍ਰਵੀਨ ਸਿੰਘ ਜੇਈ, ਜਗਤਾਰ ਸਿੰਘ ਬਡਾਲੀ ਆਲਾ ਸਿੰਘ, ਹਰਜੀਤ ਸਿੰਘ ਹਿੰਦੂਪੁਰ ਨੇ ਇੰਜੀ ਮੱਟੂ ਦਾ ਭਰਵਾਂ ਸਵਾਗਤ ਕੀਤਾ ਹੈ।

ਲੋਕ-ਭਲਾਈ ਯੋਜਨਾਵਾਂ ਨੇ ਜਿੱਤਿਆ ਲੋਕਾਂ ਦਾ ਦਿਲ, ਭਗਵੰਤ ਮਾਨ ਨੂੰ ਮੁੜ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ ਪੰਜਾਬੀ: ਰੰਧਾਵਾ

ਜ਼ੀਰਕਪੁਰ, 17 ਜੂਨ,(ਅਵਤਾਰ ਸੈਣੀ):- ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਯੋਜਨਾਵਾਂ ਨੂੰ ਮਿਲ ਰਹੇ ਭਰਵੇਂ ਹੁੰਗਾਰੇ ਦੇ ਮੱਦੇਨਜ਼ਰ ਲੋਕ ਭਗਵੰਤ ਸਿੰਘ ਮਾਨ ਨੂੰ ਮੁੜ ਮੁੱਖ ਮੰਤਰੀ ਵਜੋਂ ਦੇਖਣਾ ਚਾਹੁੰਦੇ ਹਨ। ਇਹ ਪ੍ਰਗਟਾਵਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਮੰਗਲਵਾਰ ਨੂੰ ਪਿੰਡ ਸਤਾਬਗੜ੍ਹ, ਛੱਤ ਅਤੇ ਸਿੰਘਪੁਰਾ ਵਿੱਚ ਕਰਵਾਈਆਂ ਲੋਕ ਮਿਲਣੀਆਂ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਪਿਛਲੇ ਸਾਢੇ-ਚਾਰ ਸਾਲਾਂ ਦੌਰਾਨ ਅਜਿਹੇ ਫ਼ੈਸਲੇ ਕੀਤੇ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ। ਰੰਧਾਵਾ ਨੇ ਕਿਹਾ ਕਿ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ, ਪਰਿਵਾਰਾਂ ਲਈ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਦੀ ਸਹੂਲਤ, ਮਾਵਾਂ-ਧੀਆਂ ਸਤਿਕਾਰ ਯੋਜਨਾ, ਲੋੜਵੰਦਾਂ ਲਈ ਰਾਸ਼ਨ ਕਿੱਟਾਂ ਅਤੇ ਬਜ਼ੁਰਗਾਂ ਲਈ ਤੀਰਥ ਯਾਤਰਾ ਵਰਗੀਆਂ ਸਕੀਮਾਂ ਨੇ ਲੋਕਾਂ ਦੀ ਜ਼ਿੰਦਗੀ ਨੂੰ ਸੁਖਾਲਾ ਬਣਾਇਆ ਹੈ। ਵਿਧਾਇਕ ਰੰਧਾਵਾ ਨੇ ਦਾਅਵਾ ਕੀਤਾ ਕਿ ਮਾਨ ਸਰਕਾਰ ਨੇ ਇਮਾਨਦਾਰ ਸ਼ਾਸਨ ਦੀ ਮਿਸਾਲ ਕਾਇਮ ਕੀਤੀ ਹੈ ਅਤੇ ਭ੍ਰਿਸ਼ਟਾਚਾਰ ’ਤੇ ਨੱਥ ਪਾ ਕੇ ਬਚਾਏ ਗਏ ਸਰਕਾਰੀ ਖ਼ਜ਼ਾਨੇ ਨੂੰ ਲੋਕ-ਭਲਾਈ ਕਾਰਜਾਂ ’ਤੇ ਖਰਚਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਲੋਕਾਂ ਵਿਚ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਦੇ ਹਨ ਅਤੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਕਰਦੇ ਹਨ। ਰੰਧਾਵਾ ਨੇ ਕਿਹਾ ਕਿ ਕਿਸਾਨਾਂ ਨੂੰ ਸਿੰਚਾਈ ਲਈ ਦਿਨ ਵੇਲੇ ਬਿਜਲੀ ਮੁਹੱਈਆ ਕਰਵਾਉਣ, ਪਿੰਡਾਂ ਵਿੱਚ ਆਧੁਨਿਕ ਖੇਡ ਮੈਦਾਨਾਂ ਦੀ ਉਸਾਰੀ, ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਖ਼ ?ਲਾਫ਼ ਸਖ਼ਤ ਕਾਰਵਾਈ ਅਤੇ ਪੰਜਾਬ ਦੇ ਹੱਕਾਂ ਦੀ ਮਜ਼ਬੂਤੀ ਨਾਲ ਪੈਰਵੀ ਕਰਨਾ ਮਾਨ ਸਰਕਾਰ ਦੀਆਂ ਵੱਡੀਆਂ ਪ੍ਰਾਪਤੀਆਂ ਹਨ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੀਆਂ ਮੰਗਾਂ ਅਤੇ ਸੁਝਾਅ ਵਿਧਾਇਕ ਸਾਹਮਣੇ ਰੱਖੇ। ਰੰਧਾਵਾ ਨੇ ਭਰੋਸਾ ਦਿੱਤਾ ਕਿ ਲੋਕਾਂ ਦੇ ਜਾਇਜ਼ ਮਸਲਿਆਂ ਦਾ ਤਰਜੀਹੀ ਆਧਾਰ ’ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣਾ ਅਤੇ ਪੰਜਾਬ ਨੂੰ ਵਿਕਾਸ ਦੀਆਂ ਨਵੀਆਂ ਲੀਹਾਂ ’ਤੇ ਲੈ ਕੇ ਜਾਣਾ ਹੈ।

ਇੰਜੀਨੀਅਰ ਸਤਨਾਮ ਸਿੰਘ ਮੱਟੂ ਨੇ ਐਸ.ਡੀ.ਓ. ਖੇੜਾ ਦਾ ਚਾਰਜ ਸੰਭਾਲਿਆ

ਆ ਜ਼ਾਦ ਸੋਚ
ਸੁਨੀਲ ਵਰਮਾ/ਫਤਿਹਗੜ੍ਹ ਸਾਹਿਬ , 17 ਜੂਨ

ਇੰਜੀ ਸਤਨਾਮ ਸਿੰਘ ਮੱਟੂ ਨੇ ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਉੱਪ ਮੰਡਲ ਇੰਜੀਨੀਅਰ ਖੇੜਾ ਦਾ ਚਾਰਜ ਸੰਭਾਲ ਲਿਆ ਹੈ ਉਹ ਰੋਪੜ ਤੋਂ ਬਦਲ ਕੇ ਇੱਥੇ ਆਏ ਹਨ। ਇਸ ਤੋਂ ਪਹਿਲਾਂ ਵੀ ਉਹ 2003 ਤੋਂ 2017 ਤੱਕ ਲਗਭਗ 14 ਸਾਲ ਇਸ ਜ਼ਿਲ੍ਹੇ ਵਿੱਚ ਬਤੌਰ ਜੇਈ/ਏਈ ਵੱਖ ਵੱਖ ਬਲਾਕਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਨੂੰ ਪਹਿਲਾ ਸਵੱਛ ਜ਼ਿਲ੍ਹਾ ਬਣਾਉਣ ਵਿੱਚ ਉਹਨਾਂ ਮੋਹਰੀ ਟੀਮ ਵਜੋਂ ਕੰਮ ਕੀਤਾ ਹੈ। ਇਲਾਕੇ ਵਿੱਚ ਇੱਕ ਵਧੀਆ ਅਫਸਰ ਵਜੋਂ ਜਾਣੇ ਜਾਂਦੇ ਹਨ ।ਇਸ ਤੋਂ ਇਲਾਵਾ ਸਾਹਿਤਕ ਖੇਤਰ ਦੀਆਂ ਉੱਘੀਆਂ ਸਖਸ਼ੀਅਤਾਂ ਵਿੱਚ ਵੀ ਉਹਨਾਂ ਦਾ ਨਾਮ ਸ਼ੁਮਾਰ ਹੈ ।ਕਈ ਧਾਰਮਿਕ ਕਿਤਾਬਾਂ ਵੀ ਲਿਖ ਚੁੱਕੇ ਹਨ ।ਸਮੂਹ ਮੁਲਾਜਮਾਂ ਜਥੇਬੰਦੀਆਂ ਤੋਂ ਇਲਾਵਾ ਸਮੂਹ ਸਟਾਫ ਨੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਹੈ ।ਇਸ ਮੌਕੇ ਸਮੂਹ ਮੁਲਾਜਮਾਂ ਤੋਂ ਇਲਾਵਾ ਇੰਜੀ ਸੰਦੀਪ ਸ਼ਰਮਾ ਐਸ ਡੀ ਓ ਚਮਕੌਰ ਸਾਹਿਬ,ਇੰਜੀ ਗਗਨਦੀਪ ਸਿੰਘ ਐਸ ਡੀ ਓ ਖਮਾਣੋ,ਲਖਵੀਰ ਸਿੰਘ ਭੱਟੀ ਮੁਲਾਜ਼ਮ ਆਗੂ, ਰਾਜਪਾਲ ਸਿੰਘ ਲਸੋਈ ਪ੍ਰਧਾਨ,ਅਸ਼ੋਕ ਕੁਮਾਰ ਸੰਘੋਲ ਪ੍ਰਧਾਨ,ਇੰਜੀ ਮੁਕੇਸ਼ ਮੈਣੀ ਡਿਪਲੋਮਾ ਇੰਜਨੀਅਰਜ ਐਸੋਸੀਏਸ਼ਨ, ਇੰਜੀ ਪ੍ਰਵੀਨ ਸਿੰਘ ਜੇਈ, ਜਗਤਾਰ ਸਿੰਘ ਬਡਾਲੀ ਆਲਾ ਸਿੰਘ, ਹਰਜੀਤ ਸਿੰਘ ਹਿੰਦੂਪੁਰ ਨੇ ਇੰਜੀ ਮੱਟੂ ਦਾ ਭਰਵਾਂ ਸਵਾਗਤ ਕੀਤਾ ਹੈ।

ਲਾਲੜੂ ਪੁਲਿਸ ਵੱਲੋਂ 380 ਗ੍ਰਾਮ ਅਫ਼ੀਮ ਸਮੇਤ ਤਿੰਨ ਨਸ਼ਾ ਤਸਕਰ ਗ੍ਰਿਫ਼ਤਾਰ, ਕਾਰ ਵੀ ਬਰਾਮਦ

ਆ ਜ਼ਾਦ ਸੋਚ
ਅਵਤਾਰ ਸਿੰਘ ਪਾਬਲਾ
ਲਾਲੜੂ , 17 ਜੂਨ

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ ?ਲਾਫ਼ ਵਿੱਢੀ ਮੁਹਿੰਮ ’ਯੁੱਧ ਨਸ਼ਿਆਂ ਵਿਰੁੱਧ’ ਤਹਿਤ ਲਾਲੜੂ ਪੁਲਿਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਥਾਣਾ ਲਾਲੜੂ ਦੀ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ 380 ਗ੍ਰਾਮ ਅਫ਼ੀਮ ਸਮੇਤ ਕਾਬੂ ਕੀਤਾ। ਸੀਨੀਅਰ ਕਪਤਾਨ ਪੁਲਿਸ ਸ੍ਰੀ ਹਰਮਨਦੀਪ ਸਿੰਘ ਹੰਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਇਹ ਕਾਰਵਾਈ ਕਪਤਾਨ ਪੁਲਿਸ ਦਿਹਾਤੀ ਸ੍ਰੀ ਮਨਪ੍ਰੀਤ ਸਿੰਘ ਅਤੇ ਉਪ-ਕਪਤਾਨ ਪੁਲਿਸ ਡੇਰਾਬੱਸੀ ਸ੍ਰੀ ਰਾਜੇਸ਼ ਹਸਤੀਰ ਦੀ ਰਹਿਨੁਮਾਈ ਹੇਠ, ਥਾਣਾ ਲਾਲੜੂ ਦੇ ਮੁੱਖ ਅਫ਼ਸਰ ਇੰਸਪੈਕਟਰ ਯੋਗੇਸ਼ ਕੁਮਾਰ ਦੀ ਨਿਗਰਾਨੀ ਵਿੱਚ ਅਮਲ ਵਿੱਚ ਲਿਆਂਦੀ ਗਈ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਲਾਲੜੂ ਥਾਣਾ ਮੁੱਖੀ ਇੰਸ ਯੋਗੇਸ਼ ਕੁਮਾਰ ਨੇ ਦਸਿਆ ਕਿ ਬੀਤੀ 9 ਜੂਨ ਨੂੰ ਚੌਂਕੀ ਨਾਹਰ ÷ਲੈਹਲੀ÷ ਦੇ ਇੰਚਾਰਜ ਐਸ.ਆਈ. ਗੁਰਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਅੰਬਾਲਾ-ਚੰਡੀਗੜ੍ਹ ਮੁੱਖ ਮਾਰਗ ’ਤੇ ਝਰਮਲ ਨਦੀ ਨੇੜੇ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ। ਰਾਤ ਕਰੀਬ 8:45 ਵਜੇ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਅੰਬਾਲਾ ਦੇ ਰਹਿਣ ਵਾਲੇ ਦੋ ਵਿਅਕਤੀ ਚਿੱਟੇ ਰੰਗ ਦੀ ਬ੍ਰੀਜ਼ਾ ਕਾਰ ਵਿੱਚ ਚੰਡੀਗੜ੍ਹ ਤੋਂ ਅਫ਼ੀਮ ਲੈ ਕੇ ਅੰਬਾਲਾ ਵੱਲ ਜਾ ਰਹੇ ਹਨ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਨਾਕਾਬੰਦੀ ਦੌਰਾਨ ਕਾਰ ਨੂੰ ਰੋਕਿਆ। ਕਾਰ ਸਵਾਰਾਂ ਦੀ ਪਛਾਣ ਅੰਗਰੇਜ ਸਿੰਘ ÷ਡਰਾਈਵਰ÷ ਅਤੇ ਸਤਿੰਦਰਜੀਤ ਸਿੰਘ ਕੰਡਕਟਰ ਸੀਟ, ਦੋਵੇਂ ਵਾਸੀ ਥਾਣਾ ਪੜਾਓ, ਜ਼ਿਲ੍ਹਾ ਅੰਬਾਲਾ ਹਰਿਆਣਾ ਵਜੋਂ ਹੋਈ। ਉਨ੍ਹਾਂ ਦਸਿਆ ਕਿ ਦੋਸ਼ੀਆਂ ਦੀ ਤਲਾਸ਼ੀ ਲੈਣ ’ਤੇ ਕਾਰ ਦੇ ਗੇਅਰ ਲੀਵਰ ਵਿੱਚੋਂ 130 ਗ੍ਰਾਮ ਅਫ਼ੀਮ ਬਰਾਮਦ ਹੋਈ, ਜਿਸ ਤੋਂ ਬਾਅਦ ਦੋਵਾਂ ਨੂੰ ਮੌਕੇ ’ਤੇ ਹੀ ਗ੍ਰਿਫ਼ਤਾਰ ਕਰਕੇ ਥਾਣਾ ਲਾਲੜੂ ਵਿਖੇ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮਾ ਨੰਬਰ 117 ਦਰਜ ਕੀਤਾ ਗਿਆ। ਉਨ੍ਹਾਂ ਦਸਿਆ ਕਿ ਅਦਾਲਤ ਵੱਲੋਂ ਮਿਲੇ 3 ਦਿਨਾਂ ਦੇ ਪੁਲਿਸ ਰਿਮਾਂਡ ਦੌਰਾਨ ਦੋਵਾਂ ਮੁਲਜ਼ਮਾਂ ਨੇ ਕਬੂਲਿਆ ਕਿ ਉਹ ਇਹ ਅਫ਼ੀਮ ਪਿੰਡ ਕਾਰਕੋਰ ਥਾਣਾ ਡੇਰਾਬੱਸੀ ਦੇ ਕਰਮ ਸਿੰਘ ਨੰਬਰਦਾਰ ਕੋਲੋਂ ਲੈ ਕੇ ਆਏ ਸਨ। ਪੁਲਿਸ ਨੇ ਕਾਰਵਾਈ ਕਰਦੇ ਹੋਏ 12 ਜੂਨ ਨੂੰ ਕਰਮ ਸਿੰਘ ਨੰਬਰਦਾਰ ਨੂੰ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ।

ਉਨ੍ਹਾਂ ਦਸਿਆ ਕਿ ਕਰਮ ਸਿੰਘ ਨੰਬਰਦਾਰ ਦਾ 3 ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕਰਨ ਤੋਂ ਬਾਅਦ ਜਦੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਗਈ, ਤਾਂ ਉਸ ਨੇ ਮੰਨਿਆ ਕਿ ਉਸ ਨੇ ਹੋਰ ਅਫ਼ੀਮ ਆਪਣੇ ਖੇਤਾਂ ਵਾਲੀ ਮੋਟਰ ’ਤੇ ਲੁਕਾ ਕੇ ਰੱਖੀ ਹੋਈ ਹੈ। 14 ਜੂਨ ਨੂੰ ਪੁਲਿਸ ਨੇ ਮੁਲਜ਼ਮ ਦੀ ਨਿਸ਼ਾਨਦੇਹੀ ’ਤੇ ਉਸ ਦੀ ਮੋਟਰ ਤੋਂ 250 ਗ੍ਰਾਮ ਅਫ਼ੀਮ ਹੋਰ ਬਰਾਮਦ ਕੀਤੀ। ਇਸ ਤਰ੍ਹਾਂ ਕੇਸ ਵਿੱਚ ਕੁੱਲ ਬਰਾਮਦਗੀ 380 ਗ੍ਰਾਮ ਅਫ਼ੀਮ ਹੋ ਗਈ ਹੈ।

-ਮੁਲਜ਼ਮ ਜੇਲ੍ਹ ਭੇਜੇ, ਨੰਬਰਦਾਰ ਦਾ ਪੁਰਾਣਾ ਅਪਰਾਧਿਕ ਰਿਕਾਰਡ : ?ਪੁਲਿਸ ਅਨੁਸਾਰ ਪਹਿਲੇ ਦੋ ਮੁਲਜ਼ਮਾਂ ਸਤਿੰਦਰਜੀਤ ਸਿੰਘ ਅਤੇ ਅੰਗਰੇਜ ਸਿੰਘ ਦਾ ਰਿਮਾਂਡ ਖ਼ਤਮ ਹੋਣ ਤੋਂ ਬਾਅਦ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਸੈਂਟਰਲ ਜੇਲ੍ਹ ਪਟਿਆਲਾ ਭੇਜ ਦਿੱਤਾ ਗਿਆ ਹੈ। ਤੀਜੇ ਮੁਲਜ਼ਮ ਕਰਮ ਸਿੰਘ ਨੰਬਰਦਾਰ ਦਾ ਪੁਲਿਸ ਰਿਮਾਂਡ ਖ਼ਤਮ ਹੋਣ ’ਤੇ ਅੱਜ ਉਸ ਨੂੰ ਵੀ ਅਦਾਲਤ ਵਿੱਚ ਪੇਸ਼ ਕਰਕੇ ਜੁਡੀਸ਼ੀਅਲ ਰਿਮਾਂਡ ਤਹਿਤ ਸੈਂਟਰਲ ਜੇਲ੍ਹ ਪਟਿਆਲਾ ਭੇਜਿਆ ਜਾ ਰਿਹਾ ਹੈ।

ਪੁਲਿਸ ਨੇ ਦੱਸਿਆ ਕਿ ਫੜੇ ਗਏ ਕਰਮ ਸਿੰਘ ਨੰਬਰਦਾਰ ਖ਼ ?ਲਾਫ਼ ਪਹਿਲਾਂ ਵੀ ਲੜਾਈ-ਝਗੜੇ ਅਤੇ ਧੋਖਾਧੜੀ ਦੇ ਦੋ ਮੁਕੱਦਮੇ ਸਾਲ 2004 ਵਿੱਚ ਥਾਣਾ ਡੇਰਾਬੱਸੀ ਅਤੇ ਸਾਲ 2019 ਵਿੱਚ ਥਾਣਾ ਸਿਟੀ ਖਰੜ ਵਿਖੇ ਦਰਜ ਹਨ।

ਐਨ.ਆਰ.ਆਈ. ਵੋਟਰਾਂ ਦੀਆਂ ਵੋਟਾਂ ਬਿਨਾਂ ਤਸਦੀਕ ਅਤੇ ਕਾਨੂੰਨੀ ਪ੍ਰਕਿਰਿਆ ਤੋਂ ਨਹੀਂ ਕੱਟੀਆਂ ਜਾ ਸਕਦੀਆਂ ਡਿਪਟੀ ਕਮਿਸ਼ਨਰ : ਵਿਰਾਜ ਐਸ. ਤਿੜਕੇ

ਮਾਲੇਰਕੋਟਲਾ, ਅਦ ਜੂਨ (ਸ਼ਾਹਿਦ ਜ਼ੂਬੈਰੀ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਮਾਲੇਰਕੋਟਲਾ ਵਿਰਾਜ ਐਸ. ਤਿੜਕੇ ਨੇ ਸੋਸ਼ਲ ਮੀਡੀਆ ?ਤੇ ਐਸ.ਆਈ.ਆਰ. ਸਬੰਧੀ ਚੱਲ ਰਹੀਆਂ ਗਲਤ ਅਤੇ ਤੱਥਹੀਣ ਪੋਸਟਾਂ ਅਤੇ ਵੀਡੀਓ ਕਲਿੱਪਾਂ /ਰੀਲਾਂ ਦੇ ਸਬੰਧ ਵਿੱਚ ਕਿਹਾ ਹੈ ਕਿ ਆਮ ਲੋਕ ਅਫ਼ਵਾਹਾਂ ਤੋਂ ਗੁੰਮਰਾਹ ਨਾ ਹੋਣ ਅਤੇ ਕੇਵਲ ਭਾਰਤ ਚੋਣ ਕਮਿਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਅਧਿਕਾਰਤ ਜਾਣਕਾਰੀ ?ਤੇ ਹੀ ਭਰੋਸਾ ਕਰਨ ।ਡਿਪਟੀ ਕਮਿਸ਼ਨਰ ਨੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-ਭ ?ਭਦ ਸਬੰਧੀ ਸਪੱਸ਼ਟ ਕੀਤਾ ਕਿ ਇਸ ਮੁਹਿੰਮ ਦਾ ਇਕੋ-ਇੱਕ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਵਧੇਰੇ ਸ਼ੁੱਧ, ਸਹੀ ਅਤੇ ਪਾਰਦਰਸ਼ੀ ਬਣਾਉਣਾ ਹੈ। ਕਿਸੇ ਵੀ ਯੋਗ ਵੋਟਰ ਦਾ ਨਾਮ ਬਿਨਾਂ ਕਾਨੂੰਨੀ ਪ੍ਰਕਿਰਿਆ ਅਤੇ ਪੁਖਤਾ ਤਸਦੀਕ ਤੋਂ ਵੋਟਰ ਸੂਚੀ ਵਿੱਚੋਂ ਨਹੀਂ ਹਟਾਇਆ ਜਾ ਸਕਦਾ ।ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਰਹਿ ਰਹੇ ਪੰਜਾਬੀਆਂ ਜਾਂ ਐਨ.ਆਰ.ਆਈ. ਵੋਟਰਾਂ ਸਬੰਧੀ ਸੋਸ਼ਲ ਮੀਡੀਆ ?ਤੇ ਕੀਤੇ ਜਾ ਰਹੇ ਦਾਅਵੇ ਤੱਥਾਂ ?ਤੇ ਆਧਾਰਿਤ ਨਹੀਂ ਹਨ। ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹਰੇਕ ਕੇਸ ਦੀ ਵੱਖਰੇ ਤੌਰ ?ਤੇ ਜਾਂਚ ਅਤੇ ਤਸਦੀਕ ਕੀਤੀ ਜਾਂਦੀ ਹੈ ਅਤੇ ਬਿਨਾਂ ਕਿਸੇ ਠੋਸ ਸਬੂਤ ਜਾਂ ਕਾਨੂੰਨੀ ਆਧਾਰ ਦੇ ਕਿਸੇ ਵੀ ਵੋਟਰ ਦਾ ਨਾਮ ਨਹੀਂ ਕੱਟਿਆ ਜਾ ਸਕਦਾ ।ਡਿਪਟੀ ਕਮਿਸ਼ਨਰ ਨੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਭਓ ਜੂਨ ਤੋਂ ਸ਼ੁਰੂ ਹੋ ਰਹੀ ਐਸ.ਆਈ.ਆਰ. ਮੁਹਿੰਮ ਦੌਰਾਨ ਬੀ.ਐਲ.ਓਜ਼ ਨਾਲ ਪੂਰਾ ਸਹਿਯੋਗ ਕਰਨ, ਲੋੜੀਂਦੇ ਦਸਤਾਵੇਜ਼ ਅਤੇ ਨਵੀਨਤਮ ਫੋਟੋਆਂ ਮੁਹੱਈਆ ਕਰਵਾਉਣ ਅਤੇ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਜਾਂ ਗੁੰਮਰਾਹਕੁੰਨ ਪ੍ਰਚਾਰ ਤੋਂ ਬਚਦੇ ਹੋਏ ਸਹੀ ਜਾਣਕਾਰੀ ਲਈ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰਨ ।ਡਿਪਟੀ ਕਮਿਸ਼ਨਰ ਨੇ ਦੁਹਰਾਇਆ ਠਸਾਡਾ ਉਦੇਸ਼ ਕਿਸੇ ਵੀ ਯੋਗ ਵੋਟਰ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨਾ ਨਹੀਂ, ਸਗੋਂ ਵੱਧ ਤੋਂ ਵੱਧ ਦਰੁਸਤ, ਪਾਰਦਰਸ਼ੀ ਅਤੇ ਭਰੋਸੇਯੋਗ ਵੋਟਰ ਸੂਚੀਆਂ ਤਿਆਰ ਕਰਨਾ ਹੈ।÷

ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਅਤੇ ਵਪਾਰ-ਪੱਖੀ ਮਾਹੌਲ ਲਈ ਪ੍ਰਸ਼ਾਸਨ ਵਚਨਬੱਧ ਵਿਰਾਜ ਐਸ. ਤਿੜਕੇ

ਟਰੇਡਰਜ਼ ਕਮਿਸ਼ਨ ਦੀ ਮੀਟਿੰਗ ਵਿੱਚ ਵਪਾਰਕ ਸਹੂਲਤਾਂ ਅਤੇ ਸ਼ਹਿਰੀ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਤੇ ਜ਼ੋਰ

ਆ ਜ਼ਾਦ ਸੋਚ
ਸ਼ਾਹਿਦ ਜ਼ੂਬੈਰੀ
ਮਾਲੇਰਕੋਟਲਾ, 17 ਜੂਨ

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੀ ਹਫਤਾਵਾਰੀ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਵਪਾਰਕ ਭਾਈਚਾਰੇ ਨਾਲ ਜੁੜੇ ਵੱਖ-ਵੱਖ ਮੁੱਦਿਆਂ, ਸ਼ਿਕਾਇਤਾਂ ਅਤੇ ਸ਼ਹਿਰੀ ਸਹੂਲਤਾਂ ਦੀ ਸਥਿਤੀ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਅਤੇ ਕਾਰੋਬਾਰ ਲਈ ਅਨੁਕੂਲ ਮਾਹੌਲ ਸਿਰਜਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਪੰਜਾਬ ਟਰੇਡਰਜ਼ ਪੋਰਟਲ ?ਤੇ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਨਿਰਧਾਰਤ ਸਮੇਂ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ।ਤਿੜਕੇ ਨੇ ਕਿਹਾ ਕਿ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਉਣ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਵਪਾਰੀਆਂ ਦੀਆਂ ਜਾਇਜ਼ ਮੰਗਾਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਅਤੇ ਵਪਾਰਕ ਭਾਈਚਾਰੇ ਵਿਚਕਾਰ ਬਿਹਤਰ ਸੰਚਾਰ ਅਤੇ ਸਹਿਯੋਗ ਜ਼ਿਲ੍ਹੇ ਦੇ ਆਰਥਿਕ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ ।ਮੀਟਿੰਗ ਦੌਰਾਨ ਵਪਾਰ ਯੂਨੀਅਨਾਂ ਵੱਲੋਂ ਉਠਾਏ ਗਏ ਮੁੱਦਿਆਂ ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਭੀੜ-ਭਾੜ ਵਾਲੇ ਖੇਤਰਾਂ ਵਿੱਚ ਟਰੈਫਿਕ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ, ਪਾਰਕਿੰਗ ਸਹੂਲਤਾਂ ਦਾ ਵਿਸਥਾਰ ਕਰਨ ਅਤੇ ਆਵਾਜਾਈ ਵਿੱਚ ਰੁਕਾਵਟ ਬਣ ਰਹੇ ਕਾਰਨਾਂ ਨੂੰ ਦੂਰ ਕਰਨ ਲਈ ਕਾਰਜਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ।ਇਸ ਤੋਂ ਇਲਾਵਾ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ, ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮਾਂ ਚਲਾਉਣ, ਸਰਵਜਨਕ ਪਖਾਨਿਆਂ ਦੀ ਨਿਯਮਿਤ ਦੇਖਭਾਲ ਯਕੀਨੀ ਬਣਾਉਣ ਅਤੇ ਸਕੂਲਾਂ, ਹਸਪਤਾਲਾਂ ਦੇ ਆਸ-ਪਾਸ ‘ਨੋ ਹੌਰਨ ਜ਼ੋਨ ਨੂੰ ਸਖ਼ਤੀ ਨਾਲ ਲਾਗੂ ਕਰਨ ਸਬੰਧੀ ਵੀ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ ਗਏ ।ਡਿਪਟੀ ਕਮਿਸ਼ਨਰ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ, ਬੁਨਿਆਦੀ ਸਹੂਲਤਾਂ ਦੇ ਸੁਧਾਰ ਅਤੇ ਵਪਾਰ ਲਈ ਅਨੁਕੂਲ ਮਾਹੌਲ ਬਣਾਈ ਰੱਖਣ ਲਈ ਲਗਾਤਾਰ ਯਤਨਸ਼ੀਲ ਰਹੇਗਾ।

ਇਸ ਮੌਕੇ ਚੇਅਰਪਰਸਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਮਾਲੇਰਕੋਟਲਾ ਆਜਮ ਦਾਰਾ, ਚੇਅਰਪਰਸਨ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਇਮਤਿਆਜ ਅਲੀ ਅਤੇ ਚੇਅਰਪਰਸਨ ਵਿਧਾਨ ਸਭਾ ਹਲਕਾ ਅਮਰਗੜ੍ਹ ਅਸ਼ਵਨੀ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਐਸ.ਡੀ.ਐਮ ਮਾਲੇਰਕੋਟਲਾ ਕਨੂ ਗਰਗ, ਡੀ.ਐਸ.ਪੀ ਮਾਨਵਜੀਤ ਸਿੰਘ, ਸਹਾਇਕ ਕਮਿਸ਼ਨਰ ਮਨਦੀਪ ਕੌਰ, ਕਾਰਜ ਸਾਧਕ ਅਫਸਰ ਮਾਲੇਰਕੋਟਲਾ ਚੰਦਰ ਪ੍ਰਕਾਸ਼ ਵਧਵਾ, ਕਾਰਜ ਸਾਧਕ ਅਫਸਰ ਅਹਿਮਦਗੜ੍ਹ/ਅਮਰਗੜ੍ਹ ਅਸ਼ੀਸ਼ ਕੁਮਾਰ, ਸਹਾਇਕ ਇੰਜੀ. ਪੀ.ਐਸ.ਪੀ.ਸੀ.ਐਲ ਮੁਹੰਮਦ ਇਸ਼ਾਕ ਤੋਂ ਇਲਾਵਾ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

ਪੰਜਾਬ ਸਰਕਾਰ ਵੱਲੋਂ ਮਾਲੇਰਕੋਟਲਾ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਡਾ. ਜਮੀਲ ਉਰ ਰਹਿਮਾਨ

ਆ ਜ਼ਾਦ ਸੋਚ
ਸ਼ਾਹਿਦ ਜ਼ੂਬੈਰੀ
ਮਾਲੇਰਕੋਟਲਾ , 17 ਜੂਨ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਵਿੱਢੀ ਗਈ ਲੋਕ-ਪੱਖੀ ਮੁਹਿੰਮ ਦੇ ਤਹਿਤ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਸਥਾਨਕ ਸਰੋਦ ਰੋਡ ਵਿਖੇ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਗਏ ਇਤਿਹਾਸਕ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਯੋਜਨਾਵਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਾਲੇਰਕੋਟਲਾ ਸ਼ਹਿਰ ਨੂੰ ਇੱਕ ਨਮੂਨੇ ਦਾ ਸ਼ਹਿਰ ਬਣਾਉਣ ਲਈ ਬੁਨਿਆਦੀ ਢਾਂਚੇ ਵਿੱਚ ਵੱਡੇ ਪੱਧਰ ?ਤੇ ਸੁਧਾਰ ਕੀਤੇ ਜਾ ਰਹੇ ਹਨ, ਜਿਸ ਤਹਿਤ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਸੜਕਾਂ ਦੇ ਨਿਰਮਾਣ, ਸੀਵਰੇਜ ਸਿਸਟਮ ਨੂੰ ਦਰੁਸਤ ਕਰਨ ਅਤੇ ਹਰ ਘਰ ਤੱਕ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਕਰੋੜਾਂ ਰੁਪਏ ਦੇ ਪ੍ਰੋਜੈਕਟਾਂ ?ਤੇ ਕੰਮ ਚੱਲ ਰਿਹਾ ਹੈ। ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਕਦਮਾਂ ਦਾ ਜ਼ਿਕਰ ਕਰਦਿਆਂ ਵਿਧਾਇਕ ਨੇ ਕਿਹਾ ਕਿ ਇਲਾਕੇ ਵਿੱਚ ਖੋਲ੍ਹੇ ਗਏ ਆਮ ਆਦਮੀ ਕਲੀਨਿਕਾਂ ਰਾਹੀਂ ਅੱਜ ਹਜ਼ਾਰਾਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮੁਫ਼ਤ ਟੈਸਟ, ਮੁਫ਼ਤ ਦਵਾਈਆਂ ਅਤੇ ਵਧੀਆ ਡਾਕਟਰੀ ਸਹੂਲਤਾਂ ਮਿਲ ਰਹੀਆਂ ਹਨ, ਜਦਕਿ ਸਰਕਾਰੀ ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਦੇ ਤੌਰ ਤੇ ਅਪਗ੍ਰੇਡ ਕਰਕੇ ਗਰੀਬ ਬੱਚਿਆਂ ਲਈ ਉੱਚ ਪੱਧਰੀ ਸਿੱਖਿਆ ਦੇ ਰਸਤੇ ਖੋਲ੍ਹੇ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਵੱਲੋਂ ਦਿੱਤੀ ਜਾ ਰਹੀ ਢ ? ਯੂਨਿਟ ਮੁਫ਼ਤ ਬਿਜਲੀ ਦੇ ਫੈਸਲੇ ਨਾਲ ਅੱਜ ਸੂਬੇ ਦੇ ? ਫੀਸਦੀ ਤੋਂ ਵੱਧ ਪਰਿਵਾਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ ਅਤੇ ਬਿਨਾਂ ਕਿਸੇ ਸਿਆਸੀ ਸਿਫ਼ਾਰਿਸ਼ ਜਾਂ ਰਿਸ਼ਵਤ ਦੇ ਯੋਗ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।

ਵਿਧਾਇਕ ਰਹਿਮਾਨ ਨੇ ਵਿਰੋਧੀ ਪਾਰਟੀਆਂ ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਦੀ ਸਿਆਸਤ ਕੀਤੀ ਅਤੇ ਮਾਲੇਰਕੋਟਲਾ ਦੇ ਵਿਕਾਸ ਨੂੰ ਅਣਗੌਲਿਆ ਕੀਤਾ, ਪਰ ਸਾਡੀ ਸਰਕਾਰ ਦਾ ਮੁੱਖ ਮਕਸਦ ਬਿਨਾਂ ਕਿਸੇ ਪੱਖਪਾਤ ਦੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ ਅਤੇ ਹਲਕੇ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ।ਇਥੇ ਹੀ ਬਸ ਨਹੀਂ ਬੀਬੀਆਂ ਨੂੰ ਮੁਫ਼ਤ ਬੱਸ ਸਹੂਲਤ ਦਿਤੀ ਅਤੇ ਹੁਣ ਹਰ ਅ ?ਹ ਸਾਲ ਤੋਂ ਉਪਰ ਔਰਤਾਂ ਨੂੰ ਇੱਕ ਹਾਜਾਰ ਲਈ ਰਜਿਸਟ ?ਰੇਸ਼ਨ ਚੱਲ ਰਹੀ ਹੈ ਤੇ ਜੁਲਾਈ ਦੇ ਪਹਿਲੇ ਹਫਤੇ ਇਹ ਪੈਸਾ ਵੀ ਤੁਹਾਡੇ ਖਾਤਿਆਂ ਵਿਚ ਆ ਜਾਣਗੇ। ਪਹਿਲੀਆਂ ਅਕਾਲੀ ਭਾਜਪਾ ਤੇ ਕਾਂਗਰਸ ਦੀਆਂ ਸਰਕਾਰਾਂ ਨੇ ਵਰਗਾਂ ਵਿਚ ਵੰਡੀਆਂ ਪਾ ਕੇ ਤੁਹਾਨੂੰ ਲਾਇਨਾਂ ਵਿਚ ਲਗਾਇਆ ਪਰ ਜਦੋਂ ਤੁਸੀਂ ਆਪਣੀ ਆਮ ਆਦਮੀ ਦੀ ਸਰਕਾਰ ਬਣਾਈ ਤਾਂ ਲਾਇਨਾਂ ਨਹੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਗਵਾਈਆਂ ਸਗੋਂ ਹਰ ਵਰਗ ਇਕੋ ਅੱਖ ਨਾਲ ਵੇਖਿਆ ।ਵਾਰਡ ਇੰਚਾਰਜ ਮੈਡਮ ਪ੍ਰਵੀਨ ਨੇ ਆਏ ਲੋਕਾਂ ਦਾ ਧੰਨਵਾਦ ਕੀਤਾ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡਮ ਫਰਿਆਲ ਰਹਿਮਾਨ,ਕੌਂਸਲਰ ਚੌਧਰੀ ਮੁਹੰਮਦ ਬਸ਼ੀਰ, ਰਿਟਾਇਰਡ ਡੀ ਈ ਓ ਮੁਹੰਮਦ ਖ਼ਲੀਲ , ਕੌਂਸਲਰ ਮੁਨਸ਼ੀ ਫਾਰੂਕ ਅਹਿਮਦ, ਬਲਾਕ ਪ੍ਰਧਾਨ ਮੁਹੰਮਦ ਹਲੀਮ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ।

ਸੰਪਾਦਕੀ

ਆਜ਼ਾਦ ਸੋਚ

ਅਲਨੀਨੋ ਦੀ ਚੇਤਾਵਨੀ

ਪੰਜਾਬ 'ਚ ਝੋਨੇ ਦੀ ਲੁਆਈ ਦਾ ਸੀਜ਼ਨ ਸ਼ੁਰੂ ਹੋਣ ਦੇ ਨਾਲ ਹੀ ਕਿਸਾਨਾਂ ਦੀਆਂ ਨਜ਼ਰਾਂ ਅਸਮਾਨ ਵੱਲ ਟਿਕ ਜਾਂਦੀਆਂ ਹਨ। ਇਸ ਵਾਰ ਵੀ ਇਹੀ ਹਾਲ ਹੈ ਪਰ ਇਕ ਫ਼ਰਕ ਨਾਲ। ਮੌਸਮ ਵਿਗਿਆਨੀਆਂ ਦੀਆਂ ਤਾਜ਼ਾ ਰਿਪੋਰਟਾਂ 'ਚ ਅਲਨੀਨੋ ਦੀ ਚਰਚਾ ਮੁੜ ਤੇਜ਼ ਹੋ ਗਈ ਹੈ। ਭਾਵੇਂ ਅਲਨੀਨੋ ਹਰ ਵਾਰ ਸੋਕੇ ਦਾ ਕਾਰਨ ਨਹੀਂ ਬਣਦਾ ਪਰ ਇਤਿਹਾਸ ਗਵਾਹ ਹੈ ਕਿ ਇਸ ਨੇ ਭਾਰਤੀ ਮਾਨਸੂਨ ਨੂੰ ਕਈ ਵਾਰ ਕਮਜ਼ੋਰ ਕੀਤਾ ਹੈ। ਪਿਛਲੇ ਪੰਜ ਦਹਾਕਿਆਂ ਦੇ ਅੰਕੜਿਆਂ ਉੱਤੇ ਨਜ਼ਰ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਭਾਰਤ 'ਚ ਦਰਜ ਕਈ ਵੱਡੇ ਸੋਕੇ ਵਾਲੇ ਸਾਲ ਅਲਨੀਨੋ ਨਾਲ ਜੁੜੇ ਰਹੇ ਹਨ। ਸਾਲ 1982, 1987, 2002, 2009 ਅਤੇ 2015 ਦੇ ਸਾਲਾਂ 'ਚ ਅਲਨੀਨੋ ਦਾ ਪ੍ਰਭਾਵ ਦੇਖਣ ਨੂੰ ਮਿਲਿਆ ਅਤੇ ਇਨ੍ਹਾਂ 'ਚੋਂ ਕਈ ਸਾਲਾਂ ਦੌਰਾਨ ਮਾਨਸੂਨੀ ਵਰਖਾ ਆਮ ਨਾਲੋਂ ਕਾਫ਼ੀ ਘੱਟ ਰਹੀ। 2002 'ਚ ਦੇਸ਼ ਭਰ 'ਚ ਮਾਨਸੂਨ ਲਗਭਗ 19 ਫ਼ੀਸਦੀ ਘੱਟ ਰਿਹਾ ਸੀ, ਜਦਕਿ 2009 'ਚ ਵੀ ਵਰਖਾ 'ਚ ਵੱਡੀ ਕਮੀ ਦਰਜ ਕੀਤੀ ਗਈ। ਖੇਤੀ ਉਤਪਾਦਨ ਅਤੇ ਪੇਂਡੂ ਅਰਥਚਾਰੇ ਉੱਤੇ ਇਸ ਦਾ ਸਿੱਧਾ ਅਸਰ ਪਿਆ। ਇਹ ਸੱਚ ਹੈ ਕਿ ਹਰ ਅਲਨੀਨੋ ਸਾਲ ਇੱਕੋ ਜਿਹਾ ਨਹੀਂ ਹੁੰਦਾ ਪਰ ਇਹ ਵੀ ਉਤਨਾ ਹੀ ਸੱਚ ਹੈ ਕਿ ਅਲਨੀਨੋ ਮਾਨਸੂਨ ਲਈ ਜੋਖ਼ਮ ਵਧਾ ਦਿੰਦਾ ਹੈ। ਪੰਜਾਬ ਦੀ ਚਿੰਤਾ ਇਸ ਲਈ ਹੋਰ ਵੱਧ ਜਾਂਦੀ ਹੈ ਕਿਉਂਕਿ ਇੱਥੇ ਦੀ ਖੇਤੀ ਪ੍ਰਣਾਲੀ ਮਾਨਸੂਨ ਦੀ ਇਕ-ਇਕ ਬੂੰਦ ਨੂੰ ਭੂਜਲ ਰਾਹੀਂ ਕਈ ਗੁਣਾ ਵਰਤਦੀ ਹੈ। ਸੂਬੇ 'ਚ ਲਗਭਗ 32 ਲੱਖ ਹੈਕਟੇਅਰ ਰਕਬੇ ਹੇਠ ਝੋਨਾ ਬੀਜਿਆ ਜਾਂਦਾ ਹੈ। ਇਹ ਰਕਬਾ ਹਰ ਸਾਲ ਵਧਦਾ ਹੀ ਜਾ ਰਿਹਾ ਹੈ। ਇਕ ਕਿੱਲੋ ਚਾਵਲ ਤਿਆਰ ਕਰਨ ਲਈ ਔਸਤਨ 3,000 ਤੋਂ 5,000 ਲੀਟਰ ਪਾਣੀ ਦੀ ਲੋੜ ਪੈਂਦੀ ਹੈ। ਜੇ ਮਾਨਸੂਨ ਕਮਜ਼ੋਰ ਰਹਿੰਦਾ ਹੈ ਤਾਂ ਇਸ ਘਾਟ ਨੂੰ ਟਿਊਬਵੈੱਲਾਂ ਰਾਹੀਂ ਪੂਰਾ ਕੀਤਾ ਜਾਂਦਾ ਹੈ। ਨਤੀਜਾ ਇਹ ਹੈ ਕਿ ਪੰਜਾਬ ਦੇ ਬਹੁਤੇ ਵਿਕਾਸ ਖੰਡ ਪਹਿਲਾਂ ਹੀ 'ਓਵਰ-ਐਕਸਪਲੋਇਟਡ' ਸ਼੍ਰੇਣੀ 'ਚ ਪਹੁੰਚ ਚੁੱਕੇ ਹਨ ਅਤੇ ਕਈ ਇਲਾਕਿਆਂ 'ਚ ਜ਼ਮੀਨ ਹੇਠਲਾ ਪਾਣੀ ਹਰ ਸਾਲ ਅੱਧਾ ਮੀਟਰ ਤੋਂ ਇਕ ਮੀਟਰ ਤੱਕ ਹੇਠਾਂ ਜਾ ਰਿਹਾ ਹੈ। ਸਵਾਲ ਇਹ ਹੈ ਕਿ ਕੀ ਪੰਜਾਬ ਅੱਜ ਵੀ ਉਸੇ ਫ਼ਸਲ ਉੱਤੇ ਦਾਅ ਲਗਾਈ ਰੱਖੇ, ਜਿਸ ਲਈ ਸਭ ਤੋਂ ਵੱਧ ਪਾਣੀ ਦੀ ਲੋੜ ਹੈ? ਖ਼ਾਸਕਰ ਉਸ ਵੇਲੇ ਜਦੋਂ ਦੇਸ਼ 'ਚ ਚਾਵਲ ਦੀ ਪੈਦਾਵਾਰ ਲੋੜ ਨਾਲੋਂ ਵੱਧ ਹੈ ਅਤੇ ਸਰਕਾਰੀ ਗੋਦਾਮ ਪਹਿਲਾਂ ਹੀ ਭਰੇ ਪਏ ਹਨ। ਭਾਰਤ ਦੁਨੀਆ ਦਾ ਸਭ ਤੋਂ ਵੱਡਾ ਚਾਵਲ ਬਰਾਮਦਕਾਰ ਦੇਸ਼ ਬਣ ਚੁੱਕਾ ਹੈ ਪਰ ਘਰੇਲੂ ਮੰਗ 'ਚ ਕੋਈ ਅਸਾਧਾਰਣ ਵਾਧਾ ਨਹੀਂ ਹੋ ਰਿਹਾ। ਅਜਿਹੇ 'ਚ ਪੰਜਾਬ ਦਾ ਕਿਸਾਨ ਆਪਣਾ ਸਭ ਤੋਂ ਕੀਮਤੀ ਸਰੋਤ, ਪਾਣੀ, ਇੱਕ ਅਜਿਹੀ ਫ਼ਸਲ ਲਈ ਖ਼ਰਚ ਕਰ ਰਿਹਾ ਹੈ, ਜਿਸ ਦੀ ਭਵਿੱਖੀ ਆਰਥਿਕ ਸੰਭਾਵਨਾ ਪਹਿਲਾਂ ਜਿੰਨੀ ਮਜ਼ਬੂਤ ਨਹੀਂ ਰਹੀ। ਇਸ ਲਈ ਇਸ ਵਾਰ ਝੋਨਾ ਬੀਜਣ ਤੋਂ ਪਹਿਲਾਂ ਕਿਸਾਨਾਂ ਨੂੰ ਇਨ੍ਹਾਂ ਸਾਰੇ ਪਹਿਲੂਆਂ ਬਾਰੇ ਸੋਚ ਲੈਣਾ ਚਾਹੀਦਾ ਹੈ।

Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor- Surinder Kumar

ਭਾਰਤ ਵਿੱਚ ਬਹੁਤ ਸਾਰੇ ਪਿੰਡ ਸ਼ਹਿਰ ਬਣ ਗਏ ਹਨ, ਪਰ ਉਹ ਸਰਕਾਰੀ ਰਿਕਾਰਡਾਂ ਵਿੱਚ ਪਿੰਡ ਹੀ ਰਹਿੰਦੇ ਹਨ। ਅਜਿਹਾ ਕਿਉਂ ਹੈ?: ਪੇਂਡੂ-ਸ਼ਹਿਰੀ ਵਰਗੀਕਰਨ ਦੀ ਪੁਰਾਣੀ ਪ੍ਰਣਾਲੀ ਲਈ ਮਿਆਰਾਂ 'ਤੇ ਮੁੜ ਵਿਚਾਰ ਕਰਨ ਅਤੇ ਸੋਧ ਕਰਨ ਦੀ ਤੁਰੰਤ ਲੋੜ ਹੈ

ਸੰਵਿਧਾਨ ਦੇ 73ਵੇਂ ਅਤੇ 74ਵੇਂ ਸੋਧ, ਧਾਰਾ 243-ਕਿਊ,ਰਾਜ ਨਗਰਪਾਲਿਕਾ ਐਕਟਾਂ ਅਤੇ ਜਨਗਣਨਾ ਮਿਆਰਾਂ ਲਈ ਪੇਂਡੂ-ਸ਼ਹਿਰੀ ਪ੍ਰਸ਼ਾਸਨ ਦੇ ਇਹਨਾਂ ਰਵਾਇਤੀ ਮਾਪਦੰਡਾਂ ਦੀ ਤੁਰੰਤ ਸੋਧ ਦੀ ਲੋੜ ਹੈ - ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ, ਗੋਂਡੀਆ, ਮਹਾਰਾਸ਼ਟਰ

ਗੋਂਡੀਆ - ਵਿਸ਼ਵ ਪੱਧਰ 'ਤੇ, ਭਾਰਤ ਦੁਨੀਆ ਦੇ ਸਭ ਤੋਂ ਤੇਜ਼ੀ ਨਾਲ ਸ਼ਹਿਰੀਕਰਨ ਕਰ ਰਹੇ ਦੇਸ਼ਾਂ ਵਿੱਚੋਂ ਇੱਕ ਹੈ। ਦੇਸ਼ ਦੇ ਹਜ਼ਾਰਾਂ ਪਿੰਡ ਅਸਲ ਵਿੱਚ ਛੋਟੇ ਅਤੇ ਵੱਡੇ ਸ਼ਹਿਰਾਂ ਵਿੱਚ ਬਦਲ ਗਏ ਹਨ। ਉਹ ਬਹੁ-ਮੰਜ਼ਿਲਾ ਇਮਾਰਤਾਂ, ਉਦਯੋਗਿਕ ਸਥਾਪਨਾਵਾਂ, ਨਿੱਜੀ ਹਸਪਤਾਲਾਂ, ਵਿਦਿਅਕ ਸੰਸਥਾਵਾਂ, ਬਾਜ਼ਾਰਾਂ, ਬੈਂਕਿੰਗ ਸਹੂਲਤਾਂ, ਇੰਟਰਨੈਟ ਕਨੈਕਟੀਵਿਟੀ, ਪੱਕੀਆਂ ਸੜਕਾਂ ਅਤੇ ਲੱਖਾਂ ਦੀ ਆਬਾਦੀ ਦਾ ਮਾਣ ਕਰਦੇ ਹਨ। ਇਸ ਦੇ ਬਾਵਜੂਦ, ਉਹ ਅਜੇ ਵੀ ਸਰਕਾਰੀ ਰਿਕਾਰਡਾਂ ਵਿੱਚ ÷ਪਿੰਡਾਂ÷ ਵਜੋਂ ਸੂਚੀਬੱਧ ਹਨ। ਇਸ ਦੇ ਉਲਟ, ਕੁਝ ਖੇਤਰਾਂ ਵਿੱਚ, ਉਸੇ ਭੂਗੋਲਿਕ ਖੇਤਰ ਦਾ ਇੱਕ ਹਿੱਸਾ ਨਗਰ ਕੌਂਸਲ ਜਾਂ ਨਗਰ ਨਿਗਮ ਦੇ ਅਧੀਨ ਹੈ, ਜਦੋਂ ਕਿ ਦੂਜਾ ਹਿੱਸਾ ਗ੍ਰਾਮ ਪੰਚਾਇਤ ਦੇ ਅਧੀਨ ਹੈ। ਅਜਿਹੀ ਸਥਿਤੀ ਵਿੱਚ, ਉਸੇ ਖੇਤਰ ਦੇ ਨਾਗਰਿਕਾਂ ਨੂੰ ਵਿਕਾਸ ਯੋਜਨਾਵਾਂ, ਬੁਨਿਆਦੀ ਢਾਂਚੇ ਅਤੇ ਪ੍ਰਸ਼ਾਸਕੀ ਪ੍ਰਬੰਧਾਂ ਦੇ ਮਾਮਲੇ ਵਿੱਚ ਵੱਖੋ-ਵੱਖਰੇ ਵਿਵਹਾਰ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਸਥਿਤੀ ਵਿਕਾਸ ਯੋਜਨਾਬੰਦੀ ਦੇ ਦ੍ਰਿਸ਼ਟੀਕੋਣ ਤੋਂ ਇੱਕ ਗੰਭੀਰ ਚਿੰਤਾ ਬਣ ਗਈ ਹੈ, ਅਤੇ ਹੁਣ ਪਿੰਡਾਂ ਅਤੇ ਸ਼ਹਿਰਾਂ ਨੂੰ ਪਰਿਭਾਸ਼ਿਤ ਕਰਨ ਲਈ ਮਾਪਦੰਡਾਂ ਦੀ ਵਿਆਪਕ ਸਮੀਖਿਆ ਦੀ ਮੰਗ ਵੱਧ ਰਹੀ ਹੈ। ਮੈਂ, ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ, ਗੋਂਡੀਆ, ਮਹਾਰਾਸ਼ਟਰ, ਸਰਕਾਰ ਦਾ ਧਿਆਨ ਇਸ ਤੱਥ ਵੱਲ ਗੰਭੀਰਤਾ ਨਾਲ ਖਿੱਚਣਾ ਚਾਹੁੰਦਾ ਹਾਂ ਕਿ ਮੈਂ ਸ਼ਹਿਰਾਂ ਵਿੱਚ ਬਹੁਤ ਸਾਰੀਆਂ ਥਾਵਾਂ ਵੇਖੀਆਂ ਹਨ ਜਿੱਥੇ ਸੜਕਾਂ, ਨਦੀਆਂ ਅਤੇ ਨਾਲੀਆਂ ਨੂੰ ਦੂਜੇ ਪਾਸੇ ਸ਼ਹਿਰਾਂ ਅਤੇ ਪਿੰਡਾਂ ਦੁਆਰਾ ਵੱਖ ਕੀਤਾ ਜਾਂਦਾ ਹੈ, ਜਿਸ ਨਾਲ ਬਿਜਲੀ ਦੇ ਬਿੱਲਾਂ ਅਤੇ ਘਰ ਟੈਕਸਾਂ ਤੋਂ ਲੈ ਕੇ ਜੀਵਨ ਸ਼ੈਲੀ ਤੱਕ ਹਰ ਪੱਧਰ 'ਤੇ ਵਿਤਕਰਾ ਹੁੰਦਾ ਹੈ। ਅਸਲੀਅਤ ਵਿੱਚ, ਕਿਸੇ ਖੇਤਰ ਨੂੰ ਪਿੰਡ ਜਾਂ ਸ਼ਹਿਰ ਘੋਸ਼ਿਤ ਕਰਨਾ ਸਿਰਫ਼ ਇੱਕ ਪ੍ਰਸ਼ਾਸਕੀ ਰਸਮ ਨਹੀਂ ਹੈ, ਸਗੋਂ ਇਸਦੇ ਦੂਰਗਾਮੀ ਪ੍ਰਭਾਵ ਹਨ। ਕਿਸੇ ਖੇਤਰ ਦੀ ਸਥਿਤੀ ਇਹ ਨਿਰਧਾਰਤ ਕਰਦੀ ਹੈ ਕਿ ਵਿਕਾਸ ਯੋਜਨਾਵਾਂ ਕਿਵੇਂ ਲਾਗੂ ਕੀਤੀਆਂ ਜਾਣਗੀਆਂ, ਸਥਾਨਕ ਪ੍ਰਸ਼ਾਸਨ ਦੀ ਕਿਸਮ ਜੋ ਕੰਮ ਕਰੇਗੀ, ਨਾਗਰਿਕਾਂ ਲਈ ਉਪਲਬਧ ਸਹੂਲਤਾਂ, ਟੈਕਸਾਂ ਦੀਆਂ ਕਿਸਮਾਂ, ਭੂਮੀ ਵਰਤੋਂ ਨੀਤੀ, ਅਤੇ ਬੁਨਿਆਦੀ ਢਾਂਚਾ ਵਿਕਾਸ ਕਿਸ ਦਿਸ਼ਾ ਵਿੱਚ ਹੋਵੇਗਾ। ਜੇਕਰ ਕੋਈ ਖੇਤਰ ਗ੍ਰਾਮ ਪੰਚਾਇਤ ਦੇ ਅਧਿਕਾਰ ਖੇਤਰ ਵਿੱਚ ਹੈ, ਤਾਂ ਇਹ ਪੇਂਡੂ ਵਿਕਾਸ ਪ੍ਰੋਗਰਾਮਾਂ ਦੁਆਰਾ ਵਧੇਰੇ ਪ੍ਰਭਾਵਿਤ ਹੁੰਦਾ ਹੈ, ਜਦੋਂ ਕਿ ਨਗਰ ਕੌਂਸਲ, ਨਗਰਪਾਲਿਕਾ, ਜਾਂ ਨਗਰ ਨਿਗਮ ਖੇਤਰ ਵਿੱਚ ਸ਼ਾਮਲ ਕਰਨ ਨਾਲ ਸ਼ਹਿਰੀ ਵਿਕਾਸ ਯੋਜਨਾਵਾਂ, ਸੀਵਰੇਜ ਪ੍ਰਣਾਲੀਆਂ, ਸ਼ਹਿਰੀ ਆਵਾਜਾਈ, ਸਮਾਰਟ ਬੁਨਿਆਦੀ ਢਾਂਚੇ ਅਤੇ ਯੋਜਨਾਬੱਧ ਵਿਕਾਸ ਤੱਕ ਪਹੁੰਚ ਮਿਲਦੀ ਹੈ। ਇਸ ਲਈ, ਜੇਕਰ ਕਿਸੇ ਖੇਤਰ ਦੀ ਅਸਲ ਸਥਿਤੀ ਅਤੇ ਇਸਦੇ ਅਧਿਕਾਰਤ ਵਰਗੀਕਰਨ ਵਿੱਚ ਕੋਈ ਅੰਤਰ ਹੈ, ਤਾਂ ਇਹ ਸਿੱਧੇ ਤੌਰ 'ਤੇ ਨਾਗਰਿਕਾਂ ਦੇ ਜੀਵਨ ਪੱਧਰ ਅਤੇ ਵਿਕਾਸ ਦੇ ਮੌਕਿਆਂ ਨੂੰ ਪ੍ਰਭਾਵਤ ਕਰਦਾ ਹੈ।

ਦੋਸਤੋ, ਭਾਰਤ ਵਿੱਚ ਕਿਸੇ ਪਿੰਡ ਦੀ ਕੋਈ ਇਕਸਾਰ ਰਾਸ਼ਟਰੀ ਕਾਨੂੰਨੀ ਪਰਿਭਾਸ਼ਾ ਨਹੀਂ ਹੈ। ਪਿੰਡਾਂ ਦੀ ਪਛਾਣ ਆਮ ਤੌਰ 'ਤੇ ਰਾਜ ਦੇ ਮਾਲੀਆ ਰਿਕਾਰਡਾਂ ਅਤੇ ਪੰਚਾਇਤ ਕਾਨੂੰਨਾਂ ਦੇ ਅਧਾਰ 'ਤੇ ਕੀਤੀ ਜਾਂਦੀ ਹੈ। ਗ੍ਰਾਮ ਪੰਚਾਇਤਾਂ ਸੰਵਿਧਾਨ ਦੇ ਭਾਗ 9✓ ਅਤੇ ਪੰਚਾਇਤੀ ਰਾਜ ਪ੍ਰਣਾਲੀ ਦੇ ਅਧੀਨ ਸਥਾਪਿਤ ਕੀਤੀਆਂ ਜਾਂਦੀਆਂ ਹਨ, ਅਤੇ ਰਾਜ ਸਰਕਾਰਾਂ ਆਪਣੇ ਪੰਚਾਇਤ ਐਕਟਾਂ ਦੇ ਅਨੁਸਾਰ ਪਿੰਡਾਂ ਦਾ ਪ੍ਰਬੰਧਨ ਕਰਦੀਆਂ ਹਨ। ਇੱਕ ਖੇਤਰ ਨੂੰ ਆਮ ਤੌਰ 'ਤੇ ਪੇਂਡੂ ਮੰਨਿਆ ਜਾਂਦਾ ਹੈ ਜੇਕਰ ਇਹ ਮਾਲੀਆ ਰਿਕਾਰਡਾਂ ਵਿੱਚ ਇੱਕ ਪਿੰਡ ਵਜੋਂ ਰਜਿਸਟਰਡ ਹੈ, ਇੱਕ ਗ੍ਰਾਮ ਪੰਚਾਇਤ ਦੇ ਪ੍ਰਬੰਧਕੀ ਅਧਿਕਾਰ ਖੇਤਰ ਵਿੱਚ ਆਉਂਦਾ ਹੈ, ਅਤੇ ਇੱਕ ਨਗਰਪਾਲਿਕਾ ਸੰਸਥਾ ਦੀਆਂ ਸੀਮਾਵਾਂ ਤੋਂ ਬਾਹਰ ਸਥਿਤ ਹੈ। ਹਾਲਾਂਕਿ, ਪਿਛਲੇ ਕੁਝ ਦਹਾਕਿਆਂ ਵਿੱਚ, ਬਹੁਤ ਸਾਰੇ ਪਿੰਡ ਵਿਕਸਤ ਹੋਏ ਹਨ ਜਿੱਥੇ ਖੇਤੀਬਾੜੀ ਗਤੀਵਿਧੀਆਂ ਦੀ ਥਾਂ ਉਦਯੋਗ, ਵਪਾਰ ਅਤੇ ਸੇਵਾ ਖੇਤਰ ਨੇ ਲੈ ਲਈ ਹੈ, ਫਿਰ ਵੀ ਉਨ੍ਹਾਂ ਦੀ ਪ੍ਰਸ਼ਾਸਕੀ ਸਥਿਤੀ ਵਿੱਚ ਕੋਈ ਬਦਲਾਅ ਨਹੀਂ ਆਇਆ ਹੈ।

ਦੋਸਤੋ, ਭਾਰਤ ਵਿੱਚ ਸ਼ਹਿਰਾਂ ਨੂੰ ਮੁੱਖ ਤੌਰ 'ਤੇ ਦੋ ਸ਼੍ਰੇਣੀਆਂ ਵਿੱਚ ਸ਼੍ਰੇਣੀਬੱਧ ਕੀਤਾ ਗਿਆ ਹੈ: ਕਾਨੂੰਨੀ ਕਸਬੇ ਅਤੇ ਜਨਗਣਨਾ ਕਸਬੇ। ਕਾਨੂੰਨੀ ਕਸਬੇ ਉਹ ਹਨ ਜੋ ਰਾਜ ਸਰਕਾਰ ਦੁਆਰਾ ਇੱਕ ਕਾਨੂੰਨ ਅਧੀਨ ਨਗਰ ਨਿਗਮ, ਨਗਰ ਕੌਂਸਲ, ਨਗਰਪਾਲਿਕਾ, ਜਾਂ ਕਸਬਾ ਪੰਚਾਇਤ ਵਜੋਂ ਸੂਚਿਤ ਕੀਤੇ ਜਾਂਦੇ ਹਨ। ਉਹ ਰਾਜ ਦੇ ਨਗਰਪਾਲਿਕਾ ਐਕਟਾਂ ਅਧੀਨ ਸਥਾਪਿਤ ਕੀਤੇ ਜਾਂਦੇ ਹਨ, ਅਤੇ ਰਾਜ ਸਰਕਾਰ ਕੋਲ ਉਨ੍ਹਾਂ ਨੂੰ ਬਣਾਉਣ ਦਾ ਅੰਤਮ ਅਧਿਕਾਰ ਹੁੰਦਾ ਹੈ। ਨਗਰ ਨਿਗਮ, ਨਗਰਪਾਲਿਕਾ ਕੌਂਸਲ, ਨਗਰਪਾਲਿਕਾ ਅਤੇ ਕਸਬਾ ਪੰਚਾਇਤਾਂ ਇਸ ਸ਼੍ਰੇਣੀ ਵਿੱਚ ਆਉਂਦੀਆਂ ਹਨ। ਰਾਜ ਸਰਕਾਰਾਂ ਕਿਸੇ ਖੇਤਰ ਦੀ ਆਬਾਦੀ, ਆਰਥਿਕ ਗਤੀਵਿਧੀਆਂ, ਮਾਲੀਆ ਸੰਭਾਵਨਾ ਅਤੇ ਸ਼ਹਿਰੀ ਚਰਿੱਤਰ ਦੇ ਅਧਾਰ ਤੇ ਅਜਿਹੀਆਂ ਸੰਸਥਾਵਾਂ ਸਥਾਪਤ ਕਰਦੀਆਂ ਹਨ। ਦੂਜੇ ਪਾਸੇ, ਜਨਗਣਨਾ ਕਸਬੇ ਦੀ ਧਾਰਨਾ ਭਾਰਤ ਦੀ ਜਨਗਣਨਾ ਦੁਆਰਾ ਵਿਕਸਤ ਕੀਤੀ ਗਈ ਸੀ। ਜਨਗਣਨਾ ਦੇ ਅਨੁਸਾਰ, ਇੱਕ ਖੇਤਰ ਨੂੰ ਜਨਗਣਨਾ ਕਸਬਾ ਮੰਨਿਆ ਜਾਂਦਾ ਹੈ ਜੇਕਰ ਇਹ ਤਿੰਨ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕਰਦਾ ਹੈ: ਪਹਿਲਾ, ਖੇਤਰ ਦੀ ਆਬਾਦੀ ਘੱਟੋ ਘੱਟ 5,000 ਹੋਣੀ ਚਾਹੀਦੀ ਹੈ। ਦੂਜਾ, ਆਬਾਦੀ ਘਣਤਾ ਪ੍ਰਤੀ ਵਰਗ ਕਿਲੋਮੀਟਰ ਘੱਟੋ ਘੱਟ 400 ਵਿਅਕਤੀ ਹੋਣੀ ਚਾਹੀਦੀ ਹੈ। ਤੀਜਾ, ਘੱਟੋ-ਘੱਟ 75 ਪ੍ਰਤੀਸ਼ਤ ਪੁਰਸ਼ ਮੁੱਖ ਕਾਰਜਬਲ ਖੇਤੀਬਾੜੀ ਦੀ ਬਜਾਏ ਗੈਰ-ਖੇਤੀਬਾੜੀ ਗਤੀਵਿਧੀਆਂ ਵਿੱਚ ਲੱਗੇ ਹੋਣੇ ਚਾਹੀਦੇ ਹਨ। ਇਹ ਮਾਪਦੰਡ ਮੁੱਖ ਤੌਰ 'ਤੇ 1961 ਦੀ ਮਰਦਮਸ਼ੁਮਾਰੀ ਦੌਰਾਨ ਅਪਣਾਏ ਗਏ ਸਨ ਅਤੇ ਅੱਜ ਵੱਡੇ ਪੱਧਰ 'ਤੇ ਵਰਤੇ ਜਾਂਦੇ ਹਨ।

ਦੋਸਤੋ, ਇਹੀ ਸਮੱਸਿਆ ਸ਼ੁਰੂ ਹੁੰਦੀ ਹੈ। 1961 ਦਾ ਭਾਰਤ ਅਤੇ 2026 ਦਾ ਭਾਰਤ ਬਿਲਕੁਲ ਵੱਖਰੇ ਹਨ। ਛੇ ਦਹਾਕੇ ਪਹਿਲਾਂ, ਦੇਸ਼ ਦੀ ਆਰਥਿਕਤਾ ਮੁੱਖ ਤੌਰ 'ਤੇ ਖੇਤੀਬਾੜੀ-ਅਧਾਰਤ ਸੀ, ਉਦਯੋਗੀਕਰਨ ਸੀਮਤ ਸੀ, ਸ਼ਹਿਰ ਮੁਕਾਬਲਤਨ ਛੋਟੇ ਸਨ, ਅਤੇ ਪੇਂਡੂ ਆਬਾਦੀ ਬਹੁਤ ਜ਼ਿਆਦਾ ਸੀ। ਅੱਜ, ਸਥਿਤੀ ਪੂਰੀ ਤਰ੍ਹਾਂ ਬਦਲ ਗਈ ਹੈ। ਮਹਾਨਗਰ ਸ਼ਹਿਰ ਕਈ ਕਿਲੋਮੀਟਰ ਤੱਕ ਫੈਲ ਗਏ ਹਨ। ਬਹੁਤ ਸਾਰੇ ਪਿੰਡ ਮਹਾਂਨਗਰਾਂ ਦੇ ਉਪਨਗਰ ਬਣ ਗਏ ਹਨ। ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੱਖਾਂ ਲੋਕ ਰੋਜ਼ਗਾਰ ਲਈ ਸ਼ਹਿਰਾਂ ਵਿੱਚ ਆਉਂਦੇ ਹਨ। ਸੇਵਾ ਖੇਤਰ, ਸੂਚਨਾ ਤਕਨਾਲੋਜੀ, ਡਿਜੀਟਲ ਅਰਥਵਿਵਸਥਾ ਅਤੇ ਆਧੁਨਿਕ ਆਵਾਜਾਈ ਨੇ ਪੇਂਡੂ ਅਤੇ ਸ਼ਹਿਰੀ ਜੀਵਨ ਵਿਚਕਾਰ ਰਵਾਇਤੀ

ਦੂਰੀ ਨੂੰ ਬਹੁਤ ਹੱਦ ਤੱਕ ਖਤਮ ਕਰ ਦਿੱਤਾ ਹੈ। ਇਸ ਲਈ, ਸਿਰਫ਼ ਆਬਾਦੀ, ਘਣਤਾ ਅਤੇ ਗੈਰ-ਖੇਤੀਬਾੜੀ ਰੁਜ਼ਗਾਰ ਦੇ ਆਧਾਰ 'ਤੇ ਕਿਸੇ ਖੇਤਰ ਦੀ ਅਸਲ ਪ੍ਰਕਿਰਤੀ ਦਾ ਪਤਾ ਲਗਾਉਣਾ ਹੁਣ ਕਾਫ਼ੀ ਨਹੀਂ ਹੈ।

ਦੋਸਤੋ, ਭਾਰਤ ਦੇ ਸੰਵਿਧਾਨ ਵਿੱਚ ਪੇਂਡੂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਮਹੱਤਵਪੂਰਨ ਸੰਵਿਧਾਨਕ ਪ੍ਰਬੰਧ ਹਨ। 1992 ਵਿੱਚ ਲਾਗੂ ਕੀਤੇ ਗਏ 73ਵੇਂ ਸੰਵਿਧਾਨਕ ਸੋਧ ਨੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਦਿੱਤਾ। ਇਸ ਰਾਹੀਂ, ਗ੍ਰਾਮ ਪੰਚਾਇਤ, ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਵਰਗੀਆਂ ਸੰਸਥਾਵਾਂ ਨੂੰ ਸ਼ਕਤੀ ਦਿੱਤੀ ਗਈ। ਇਸੇ ਤਰ੍ਹਾਂ, 74ਵੇਂ ਸੰਵਿਧਾਨਕ ਸੋਧ ਨੇ ਸ਼ਹਿਰੀ ਸਥਾਨਕ ਸੰਸਥਾਵਾਂ ਨੂੰ ਸੰਵਿਧਾਨਕ ਮਾਨਤਾ ਦਿੱਤੀ, ਜਿਸ ਨਾਲ ਨਗਰ ਪੰਚਾਇਤਾਂ, ਨਗਰ ਪਾਲਿਕਾਵਾਂ ਅਤੇ ਨਗਰ ਨਿਗਮਾਂ ਵਰਗੀਆਂ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਮਿਲਿਆ। ਸੰਵਿਧਾਨ ਦਾ ਅਨੁਛੇਦ 243-

ਕਊਂ ਨਗਰ ਪੰਚਾਇਤਾਂ, ਨਗਰ ਪਾਲਿਕਾਵਾਂ ਅਤੇ ਨਗਰ ਨਿਗਮਾਂ ਦੇ ਗਠਨ ਨਾਲ ਸੰਬੰਧਿਤ ਹੈ। ਇਸ ਅਨੁਛੇਦ ਦੇ ਅਨੁਸਾਰ, ਰਾਜ ਸਰਕਾਰਾਂ ਸਥਾਨਕ ਸਥਿਤੀਆਂ, ਆਬਾਦੀ, ਆਰਥਿਕ ਗਤੀਵਿਧੀਆਂ, ਮਾਲੀਆ ਸੰਭਾਵਨਾ ਅਤੇ ਸ਼ਹਿਰੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਿਸੇ ਵੀ ਖੇਤਰ ਨੂੰ ਸ਼ਹਿਰੀ ਸੰਸਥਾ ਵਜੋਂ ਸੂਚਿਤ ਕਰ ਸਕਦੀਆਂ ਹਨ।ਹਾਲਾਂਕਿ ਸੰਵਿਧਾਨ ਇੱਕ ਵਿਆਪਕ ਢਾਂਚਾ ਪ੍ਰਦਾਨ ਕਰਦਾ ਹੈ, ਸ਼ਹਿਰ ਘੋਸ਼ਿਤ ਕਰਨ ਦਾ ਅੰਤਮ ਅਧਿਕਾਰ ਰਾਜਾਂ ਕੋਲ ਹੈ। ਹਰੇਕ ਰਾਜ ਦਾ ਨਗਰਪਾਲਿਕਾ ਐਕਟ ਨਗਰ ਪੰਚਾਇਤ, ਨਗਰਪਾਲਿਕਾ ਜਾਂ ਨਗਰ ਨਿਗਮ ਦੇ ਗਠਨ ਲਈ ਵੱਖ-ਵੱਖ ਮਾਪਦੰਡ ਨਿਰਧਾਰਤ ਕਰ ਸਕਦਾ ਹੈ। ਆਮ ਤੌਰ 'ਤੇ, ਆਬਾਦੀ, ਆਬਾਦੀ ਘਣਤਾ, ਸਥਾਨਕ ਮਾਲੀਆ, ਉਦਯੋਗਿਕ ਅਤੇ ਵਪਾਰਕ ਗਤੀਵਿਧੀਆਂ, ਸ਼ਹਿਰੀ ਬੁਨਿਆਦੀ ਢਾਂਚਾ ਅਤੇ ਪ੍ਰਬੰਧਕੀ ਜ਼ਰੂਰਤਾਂ ਵਰਗੇ ਕਾਰਕਾਂ ਨੂੰ ਧਿਆਨ ਵਿੱਚ ਰੱਖਿਆ ਜਾਂਦਾ ਹੈ। ਇਸ ਲਈ ਵੱਖ-ਵੱਖ ਰਾਜਾਂ ਵਿੱਚ ਸਮਾਨ ਆਬਾਦੀ ਵਾਲੇ ਖੇਤਰਾਂ ਦੀਆਂ ਵੱਖ-ਵੱਖ ਸਥਿਤੀਆਂ ਹੋ ਸਕਦੀਆਂ ਹਨ।

ਦੋਸਤੋ, ਜਦੋਂ ਕਿਸੇ ਖੇਤਰ ਦਾ ਪ੍ਰਸ਼ਾਸਕੀ ਵਰਗੀਕਰਨ ਇਸਦੀ ਅਸਲ ਸਥਿਤੀ ਨਾਲ ਮੇਲ ਨਹੀਂ ਖਾਂਦਾ, ਤਾਂ ਬਹੁਤ ਸਾਰੀਆਂ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਮੁੱਖ ਸਮੱਸਿਆ ਵਿਕਾਸ ਫੰਡਾਂ ਦੀ ਵੰਡ ਹੈ। ਸ਼ਹਿਰੀ ਵਰਗੀ ਆਬਾਦੀ ਅਤੇ ਜ਼ਰੂਰਤਾਂ ਵਾਲੇ ਖੇਤਰ ਵੀ ਸ਼ਹਿਰੀ ਵਿਕਾਸ ਯੋਜਨਾਵਾਂ ਤੋਂ ਲਾਭ ਪ੍ਰਾਪਤ ਕਰਨ ਦੇ ਯੋਗ ਨਹੀਂ ਹਨ। ਨਤੀਜੇ ਵਜੋਂ, ਸੜਕਾਂ, ਡਰੇਨੇਜ, ਸੀਵਰੇਜ, ਜਨਤਕ ਆਵਾਜਾਈ ਅਤੇ ਠੋਸ ਰਹਿੰਦ-ਖੂੰਹਦ ਪ੍ਰਬੰਧਨ ਵਰਗੀਆਂ ਸਹੂਲਤਾਂ ਨਾਕਾਫ਼ੀ ਵਿਕਸਤ ਹੁੰਦੀਆਂ ਹਨ। ਦੂਜੇ ਪਾਸੇ, ਗ੍ਰਾਮ ਪੰਚਾਇਤਾਂ ਕੋਲ ਤੇਜ਼ੀ ਨਾਲ ਵਧ ਰਹੇ ਸ਼ਹਿਰੀ ਖੇਤਰਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿੱਤੀ ਅਤੇ ਪ੍ਰਸ਼ਾਸਕੀ ਸਮਰੱਥਾ ਦੀ ਘਾਟ ਹੈ। ਇਸ ਤੋਂ ਇਲਾਵਾ, ਗੈਰ-ਯੋਜਨਾਬੱਧ ਉਸਾਰੀ, ਗੈਰ-ਕਾਨੂੰਨੀ ਕਲੋਨੀਆਂ ਦਾ ਵਿਕਾਸ, ਅਤੇ ਜ਼ਮੀਨ ਦੀ ਵਰਤੋਂ ਵਿੱਚ ਹਫੜਾ-ਦਫੜੀ ਵਧਦੀ ਹੈ। ਅਜਿਹੇ ਖੇਤਰਾਂ ਵਿੱਚ ਪ੍ਰਸ਼ਾਸਕੀ ਉਲਝਣ ਵੀ ਪ੍ਰਚਲਿਤ ਹੈ। ਅਕਸਰ, ਇੱਕੋ ਸੜਕ ਦੇ ਦੋਵੇਂ ਪਾਸੇ ਵੱਖ-ਵੱਖ ਪ੍ਰਸ਼ਾਸਕੀ ਪ੍ਰਣਾਲੀਆਂ ਲਾਗੂ ਹੁੰਦੀਆਂ ਹਨ। ਇੱਕ ਪਾਸਾ ਨਗਰ ਕੌਂਸਲ ਦੀ ਸੀਮਾ ਨੂੰ ਦਰਸਾਉਂਦਾ ਹੈ, ਜਦੋਂ ਕਿ ਦੂਜਾ ਗ੍ਰਾਮ ਪੰਚਾਇਤ ਦੇ ਖੇਤਰ ਨੂੰ ਦਰਸਾਉਂਦਾ ਹੈ। ਨਤੀਜੇ ਵਜੋਂ, ਨਾਗਰਿਕਾਂ ਨੂੰ ਟੈਕਸ, ਬਿਲਡਿੰਗ ਪਰਮਿਟ, ਪਾਣੀ ਦੀ ਸਪਲਾਈ, ਜਾਇਦਾਦ ਰਜਿਸਟ ?ਰੇਸ਼ਨ ਅਤੇ ਹੋਰ ਸੇਵਾਵਾਂ ਵਿੱਚ ਅਸਮਾਨਤਾਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਸਥਿਤੀ ਨਿਵੇਸ਼ਕਾਂ ਲਈ ਵੀ ਅਨਿਸ਼ਚਿਤਤਾ ਪੈਦਾ ਕਰਦੀ ਹੈ, ਕਿਉਂਕਿ ਜ਼ਮੀਨ ਦੀ ਵਰਤੋਂ ਅਤੇ ਵਿਕਾਸ ਨਿਯਮ ਅਸਪਸ਼ਟ ਹਨ।

ਦੋਸਤੋ, ਇਸ ਸੰਦਰਭ ਵਿੱਚ, ਸਵਾਲ ਉੱਠਦਾ ਹੈ ਕਿ ਕੀ ਇਹ ਸਥਿਤੀ ਵਿਕਾਸ ਸੰਬੰਧੀ ਵਿਤਕਰੇ ਦਾ ਗਠਨ ਕਰਦੀ ਹੈ। ਕਾਨੂੰਨੀ ਤੌਰ 'ਤੇ, ਇਸਨੂੰ ਸਿੱਧਾ ਵਿਤਕਰਾ ਨਹੀਂ ਮੰਨਿਆ ਜਾ ਸਕਦਾ ਕਿਉਂਕਿ ਸਰਕਾਰਾਂ ਮੌਜੂਦਾ ਕਾਨੂੰਨਾਂ ਅਤੇ ਸੂਚਨਾਵਾਂ ਦੇ ਅਧਾਰ ਤੇ ਕੰਮ ਕਰਦੀਆਂ ਹਨ। ਫਿਰ ਵੀ, ਨੀਤੀਗਤ ਦ੍ਰਿਸ਼ਟੀਕੋਣ ਤੋਂ, ਇਹ ਯਕੀਨੀ ਤੌਰ 'ਤੇ ਕਿਹਾ ਜਾ ਸਕਦਾ ਹੈ ਕਿ ਜੇਕਰ ਕੋਈ ਖੇਤਰ ਸੱਚਮੁੱਚ ਸ਼ਹਿਰੀ ਬਣ ਗਿਆ ਹੈ ਅਤੇ ਫਿਰ ਵੀ ਸ਼ਹਿਰੀ ਵਿਕਾਸ ਯੋਜਨਾਵਾਂ ਅਤੇ ਬੁਨਿਆਦੀ ਢਾਂਚੇ ਦੇ ਨਿਵੇਸ਼ ਤੋਂ ਵਾਂਝਾ ਹੈ, ਤਾਂ ਇਸਦੇ ਨਾਗਰਿਕ ਵਿਕਾਸ ਦੇ ਬਰਾਬਰ ਮੌਕਿਆਂ ਤੋਂ ਵਾਂਝੇ ਹਨ। ਇਸ ਲਈ, ਇਹ ਸਥਿਤੀ ਲਾਜ਼ਮੀ ਤੌਰ 'ਤੇ ਵਿਕਾਸ ਸੰਬੰਧੀ ਅਸਮਾਨਤਾ ਦਾ ਰੂਪ ਧਾਰਨ ਕਰ ਲੈਂਦੀ ਹੈ।

ਦੋਸਤੋ, ਮਾਹਿਰਾਂ ਦਾ ਮੰਨਣਾ ਹੈ ਕਿ ਪਿੰਡਾਂ ਅਤੇ ਸ਼ਹਿਰਾਂ ਨੂੰ ਪਰਿਭਾਸ਼ਿਤ ਕਰਨ ਲਈ ਹੁਣ ਨਵੇਂ ਅਤੇ ਆਧੁਨਿਕ ਮਾਪਦੰਡਾਂ ਦੀ ਲੋੜ ਹੈ। ਸਿਰਫ਼ ਆਬਾਦੀ ਅਤੇ ਰੁਜ਼ਗਾਰ 'ਤੇ ਆਧਾਰਿਤ ਮਾਪਦੰਡ ਅੱਜ ਦੀਆਂ ਗੁੰਝਲਦਾਰ ਸਮਾਜਿਕ-ਆਰਥਿਕ ਹਕੀਕਤਾਂ ਨੂੰ ਨਹੀਂ ਦਰਸਾਉਂਦੇ। ਭਵਿੱਖ ਵਿੱਚ, ਨਿਰਮਾਣ ਖੇਤਰ, ਭੂਮੀ ਵਰਤੋਂ ਦੇ ਪੈਟਰਨ, ਆਰਥਿਕ ਏਕੀਕਰਨ, ਰੋਜ਼ਾਨਾ ਯਾਤਰੀ ਆਵਾਜਾਈ, ਆਵਾਜਾਈ ਸੰਪਰਕ, ਡਿਜੀਟਲ ਸੰਪਰਕ, ਪਾਣੀ ਅਤੇ ਸੀਵਰੇਜ ਸਹੂਲਤਾਂ ਦੀ ਉਪਲਬਧਤਾ, ਅਤੇ ਵਾਤਾਵਰਣ ਸੰਭਾਲਣ ਦੀ ਸਮਰੱਥਾ ਵਰਗੇ ਮਾਪਦੰਡਾਂ ਨੂੰ ਵੀ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਇਹ ਕਿਸੇ ਖੇਤਰ ਦੀ ਅਸਲ ਪ੍ਰਕਿਰਤੀ ਦਾ ਵਧੇਰੇ ਵਿਗਿਆਨਕ ਮੁਲਾਂਕਣ ਕਰਨ ਦੇ ਯੋਗ ਬਣਾਏਗਾ। ਡਿਜੀਟਲ ਯੁੱਗ ਵਿੱਚ, ਸੈਟੇਲਾਈਟ ਇਮੇਜਰੀ, ਡਰੋਨ ਸਰਵੇਖਣ ਅਤੇ ਭੂ-ਸਥਾਨਕ ਜਾਣਕਾਰੀ ਪ੍ਰਣਾਲੀਆਂ ਦੀ ਵਰਤੋਂ ਇਸ ਕੰਮ ਨੂੰ ਹੋਰ ਸਰਲ ਬਣਾ ਸਕਦੀ ਹੈ। ਸੈਟੇਲਾਈਟ-ਅਧਾਰਤ ਵਿਸ਼ਲੇਸ਼ਣ ਆਸਾਨੀ ਨਾਲ ਕਿਸੇ ਖੇਤਰ ਵਿੱਚ ਉਸਾਰੀ ਗਤੀਵਿਧੀ ਦੀ ਹੱਦ, ਸ਼ਹਿਰੀ ਵਰਤੋਂ ਵਿੱਚ ਤਬਦੀਲ ਕੀਤੀ ਗਈ ਖੇਤੀਬਾੜੀ ਜ਼ਮੀਨ ਦੀ ਹੱਦ, ਅਤੇ ਆਬਾਦੀ ਘਣਤਾ ਅਤੇ ਆਰਥਿਕ ਗਤੀਵਿਧੀ ਦੇ ਪੱਧਰ ਨੂੰ ਨਿਰਧਾਰਤ ਕਰ ਸਕਦਾ ਹੈ। ਜੇਕਰ ਅਜਿਹੇ ਵਿਗਿਆਨਕ ਸਰਵੇਖਣ ਹਰ ਪੰਜ ਸਾਲਾਂ ਵਿੱਚ ਕੀਤੇ ਜਾਂਦੇ ਹਨ, ਤਾਂ ਪੇਂਡੂ ਅਤੇ ਸ਼ਹਿਰੀ ਵਰਗੀਕਰਨ ਨੂੰ ਹੋਰ ਯਥਾਰਥਵਾਦੀ ਬਣਾਇਆ ਜਾ ਸਕਦਾ ਹੈ।ਇਹ ਸੁਧਾਰ 2047 ਵਿੱਚ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਜ਼ਰੂਰੀ ਹੈ। ਅੱਜ, ਭਾਰਤ ਵਿੱਚ ਬਹੁਤ ਸਾਰੇ ਅਖੌਤੀ ਪਿੰਡ ਆਰਥਿਕ ਤੌਰ 'ਤੇ ਸ਼ਹਿਰੀ ਬਣ ਗਏ ਹਨ, ਜਦੋਂ ਕਿ ਬਹੁਤ ਸਾਰੇ ਛੋਟੇ ਕਸਬੇ ਮਹਾਨਗਰ ਖੇਤਰਾਂ ਦਾ ਹਿੱਸਾ ਬਣ ਗਏ ਹਨ। ਅਜਿਹੀ ਸਥਿਤੀ ਵਿੱਚ, 1961 ਦੇ ਮਾਪਦੰਡਾਂ 'ਤੇ ਅਧਾਰਤ ਵਰਗੀਕਰਨ ਪ੍ਰਣਾਲੀ ਭਵਿੱਖ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਅਸਮਰੱਥ ਜਾਪਦੀ ਹੈ। ਵਿਕਾਸ ਸਰੋਤਾਂ ਦੀ ਬਰਾਬਰ ਵੰਡ, ਯੋਜਨਾਬੱਧ ਸ਼ਹਿਰੀਕਰਨ, ਬਿਹਤਰ ਸਥਾਨਕ ਸ਼ਾਸਨ, ਅਤੇ ਸੰਤੁਲਿਤ ਖੇਤਰੀ ਵਿਕਾਸ ਤਾਂ ਹੀ ਸੰਭਵ ਹੋਵੇਗਾ ਜੇਕਰ ਪੇਂਡੂ ਅਤੇ ਸ਼ਹਿਰੀ ਖੇਤਰਾਂ ਦੀਆਂ ਪਰਿਭਾਸ਼ਾਵਾਂ ਨੂੰ ਆਧੁਨਿਕ ਹਕੀਕਤਾਂ ਨੂੰ ਦਰਸਾਉਣ ਲਈ ਮੁੜ ਪਰਿਭਾਸ਼ਿਤ ਕੀਤਾ ਜਾਵੇ।

ਇਸ ਤਰ੍ਹਾਂ, ਜੇਕਰ ਅਸੀਂ ਉਪਰੋਕਤ ਵਰਣਨ ਦੀ ਜਾਂਚ ਅਤੇ ਮੁਲਾਂਕਣ ਕਰਦੇ ਹਾਂ, ਤਾਂ ਅਸੀਂ ਪਾਉਂਦੇ ਹਾਂ ਕਿ ਭਾਰਤ ਵਿੱਚ ਪਿੰਡਾਂ ਅਤੇ ਸ਼ਹਿਰਾਂ ਨੂੰ ਪਰਿਭਾਸ਼ਿਤ ਕਰਨ ਲਈ ਮੌਜੂਦਾ ਪ੍ਰਣਾਲੀ ਨੇ ਦਹਾਕਿਆਂ ਤੋਂ ਪ੍ਰਸ਼ਾਸਕੀ ਸਥਿਰਤਾ ਪ੍ਰਦਾਨ ਕੀਤੀ ਹੈ, ਪਰ ਬਦਲਦੇ ਸਮੇਂ ਨੇ ਇਸਦੀ ਵਿਆਪਕ ਸਮੀਖਿਆ ਨੂੰ ਅਟੱਲ ਬਣਾ ਦਿੱਤਾ ਹੈ। ਸੰਵਿਧਾਨ ਵਿੱਚ 73ਵੇਂ ਅਤੇ 74ਵੇਂ ਸੋਧਾਂ, ਧਾਰਾ 243-ਕਿਊ, ਰਾਜ ਨਗਰਪਾਲਿਕਾ ਐਕਟਾਂ ਅਤੇ ਜਨਗਣਨਾ ਦੇ ਮਿਆਰਾਂ ਨੇ ਪੇਂਡੂ ਅਤੇ ਸ਼ਹਿਰੀ ਸ਼ਾਸਨ ਦੀ ਨੀਂਹ ਰੱਖੀ ਹੈ। ਹਾਲਾਂਕਿ, ਅੱਜ, ਇਹਨਾਂ ਰਵਾਇਤੀ ਮਾਪਦੰਡਾਂ ਨੂੰ ਆਧੁਨਿਕ ਤਕਨੀਕੀ, ਆਰਥਿਕ ਅਤੇ ਸਮਾਜਿਕ ਸੂਚਕਾਂ ਨਾਲ ਜੋੜਨ ਦੀ ਜ਼ਰੂਰਤ ਪੈਦਾ ਹੁੰਦੀ ਹੈ। ਕੇਵਲ ਤਦ ਹੀ ਭਾਰਤ ਦੇ ਅਸਲ ਸ਼ਹਿਰੀਕਰਨ ਨੂੰ ਮਾਨਤਾ ਦਿੱਤੀ ਜਾਵੇਗੀ ਅਤੇ ਵਿਕਾਸ ਦੇ ਲਾਭ ਹਰ ਨਾਗਰਿਕ ਤੱਕ ਬਰਾਬਰ ਪਹੁੰਚਣਗੇ।

-ਕੰਪਾਈਲਰ ਲੇਖਕ - ਟੈਕਸ ਮਾਹਿਰ
ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ
ਲੇਖਕ ਚਿੰਤਕ ਕਵੀ ਸੰਗੀਤ ਮੀਡੀਆ
ਸੀਏ(ਏਟੀਸੀ) ਐਡਵੋਕੇਟ ਕਿਸ਼ਨ ਸੰਮੁਖਦਾਸ
ਭਵਨਾਨੀ ਗੋਂਡੀਆ ਮਹਾਰਾਸ਼ਟਰ
9226229318

ਲੀਚੀ: ਗਰਮੀਆਂ ਦਾ ਰਸਭਰਿਆ ਤੋਹਫ਼ਾ

ਪਠਾਨਕੋਟ ਬਣ ਰਿਹਾ ਹੈ ਪੰਜਾਬ ਦਾ 'ਲੀਚੀ ਹੱਬ', ਉਤਪਾਦਨ 3700 ਮੀਟਰਿਕ ਟਨ ਤੱਕ ਪਹੁੰਚਿਆ

ਪਠਾਨਕੋਟ ਜ਼ਿਲ੍ਹਾ ਲੀਚੀ ਦੀ ਪੈਦਾਵਾਰ ਦੇ ਖੇਤਰ ਵਿੱਚ ਲਗਾਤਾਰ ਨਵੇਂ ਕੀਰਤੀਮਾਨ ਸਥਾਪਤ ਕਰਦਾ ਹੋਇਆ ਪੰਜਾਬ ਦਾ ਪ੍ਰਮੁੱਖ "ਲੀਚੀ ਹੱਬ "ਬਣਦਾ ਜਾ ਰਿਹਾ ਹੈ। ਇਸ ਸਾਲ ਜ਼ਿਲ੍ਹੇ ਵਿੱਚ ਲੀਚੀ ਦਾ ਉਤਪਾਦਨ ਲਗਭਗ 3700 ਮੀਟਰਿਕ ਟਨ ਦਰਜ ਕੀਤਾ ਗਿਆ ਹੈ, ਜੋ ਕਿ ਪਿਛਲੇ ਸਾਲ ਦੇ 3500 ਮੀਟਰਿਕ ਟਨ ਉਤਪਾਦਨ ਨਾਲੋਂ ਕਾਫ਼ੀ ਵੱਧ ਹੈ।

ਲੀਚੀ ਦੀ ਪੈਦਾਵਾਰ ਵਿੱਚ ਹੋਏ ਇਸ ਵਾਧੇ ਨੇ ਬਾਗਬਾਨਾਂ ਅਤੇ ਕਿਸਾਨਾਂ ਦੇ ਚਿਹਰਿਆਂ 'ਤੇ ਖੁਸ਼ੀ ਖਿੜਾ ਦਿੱਤੀ ਹੈ। ਮਾਹਿਰਾਂ ਅਨੁਸਾਰ ਅਨੁਕੂਲ ਮੌਸਮ, ਬਿਹਤਰ ਖੇਤੀ ਤਕਨੀਕਾਂ ਅਤੇ ਬਾਗਬਾਨਾਂ ਦੀ ਮਿਹਨਤ ਇਸ ਵਧੇ ਹੋਏ ਉਤਪਾਦਨ ਦੇ ਮੁੱਖ ਕਾਰਨ ਹਨ।

ਪਠਾਨਕੋਟ ਦੀ ਲੀਚੀ ਆਪਣੀ ਮਿੱਠਾਸ, ਰਸਭਰੇ ਸੁਆਦ ਅਤੇ ਉੱਚ ਗੁਣਵੱਤਾ ਕਾਰਨ ਨਾ ਸਿਰਫ਼ ਪੰਜਾਬ ਭਰ ਵਿੱਚ ਪ੍ਰਸਿੱਧ ਹੈ, ਸਗੋਂ ਇਸ ਦੀ ਮੰਗ ਦੇਸ਼ ਦੇ ਹੋਰ ਰਾਜਾਂ ਵਿੱਚ ਵੀ ਤੇਜ਼ੀ ਨਾਲ ਵਧ ਰਹੀ ਹੈ। ਪਹਿਲਾਂ ਪਠਾਨਕੋਟ ਦੀ ਲੀਚੀ ਅਰਬ ਦੇਸ਼ਾਂ ਤੱਕ ਆਪਣੀ ਪਹੁੰਚ ਬਣਾ ਚੁੱਕੀ ਹੈ, ਜਦਕਿ ਹੁਣ ਇਸ ਨੂੰ ਯੂਨਾਈਟਿਡ ਕਿੰਗਡਮ (ਯੂਕੇ) ਦੇ ਬਾਜ਼ਾਰਾਂ ਵਿੱਚ ਭੇਜਣ ਦੀਆਂ ਤਿਆਰੀਆਂ ਵੀ ਜ਼ੋਰਾਂ 'ਤੇ ਹਨ।

ਜੇਕਰ ਨਿਰਯਾਤ ਦੀਆਂ ਇਹ ਯੋਜਨਾਵਾਂ ਸਫਲ ਰਹਿੰਦੀਆਂ ਹਨ ਤਾਂ ਪਠਾਨਕੋਟ ਦੀ ਲੀਚੀ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਨਵੀਂ ਪਛਾਣ ਮਿਲੇਗੀ ਅਤੇ ਇਲਾਕੇ ਦੇ ਬਾਗਬਾਨਾਂ ਦੀ ਆਮਦਨ ਵਿੱਚ ਵੀ ਵੱਡਾ ਵਾਧਾ ਹੋਵੇਗਾ। ਲੀਚੀ ਦੀ ਵਧਦੀ ਮੰਗ ਅਤੇ ਉਤਪਾਦਨ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪਠਾਨਕੋਟ ਆਉਣ ਵਾਲੇ ਸਮੇਂ ਵਿੱਚ ਦੇਸ਼ ਦੇ ਪ੍ਰਮੁੱਖ ਫਲ ਉਤਪਾਦਕ ਖੇਤਰਾਂ ਵਿੱਚ ਆਪਣੀ ਵਿਸ਼ੇਸ਼ ਥਾਂ ਬਣਾ ਸਕਦਾ ਹੈ।

ਗਰਮੀਆਂ ਦੀ ਆਹਟ ਨਾਲ ਹੀ ਮੰਡੀਆਂ ਅਤੇ ਬਾਜ਼ਾਰਾਂ ਵਿੱਚ ਫਲਾਂ ਦੀ ਇੱਕ ਵਿਲੱਖਣ ਰੌਣਕ ਨਜ਼ਰ ਆਉਣ ਲੱਗਦੀ ਹੈ। ਰੰਗ-ਬਿਰੰਗੇ ਫਲਾਂ ਵਿਚਕਾਰ ਆਪਣੀ ਗੁਲਾਬੀ-ਲਾਲ ਛਟਾ ਅਤੇ ਮਿੱਠੀ ਮਹਿਕ ਨਾਲ ਲੀਚੀ ਹਰ ਕਿਸੇ ਦਾ ਧਿਆਨ ਆਪਣੇ ਵੱਲ ਖਿੱਚ ਲੈਂਦੀ ਹੈ। ਆਕਾਰ ਵਿੱਚ ਭਾਵੇਂ ਇਹ ਇੱਕ ਛੋਟਾ ਜਿਹਾ ਫਲ ਹੈ, ਪਰ ਆਪਣੇ ਬੇਮਿਸਾਲ ਸੁਆਦ, ਰਸਭਰੀ ਮਿੱਠਾਸ ਅਤੇ ਪੌਸ਼ਟਿਕ ਗੁਣਾਂ ਕਰਕੇ ਇਹ ਵੱਡੇ-ਵੱਡੇ ਫਲਾਂ ਨੂੰ ਵੀ ਮਾਤ ਦੇ ਜਾਂਦੀ ਹੈ। ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਉਮਰ ਦੇ ਲੋਕਾਂ ਦੀ ਮਨਪਸੰਦ ਬਣੀ ਲੀਚੀ ਗਰਮੀਆਂ ਦੇ ਸਭ ਤੋਂ ਵੱਧ ਉਡੀਕੇ ਜਾਣ ਵਾਲੇ ਫਲਾਂ ਵਿੱਚੋਂ ਇੱਕ ਹੈ।

ਤਪਦੀ ਧੁੱਪ ਅਤੇ ਵਧਦੇ ਤਾਪਮਾਨ ਦੇ ਦਿਨਾਂ ਵਿੱਚ ਜਦੋਂ ਸਰੀਰ ਨੂੰ ਤਾਜ਼ਗੀ, ਠੰਢਕ ਅਤੇ ਊਰਜਾ ਦੀ ਲੋੜ ਹੁੰਦੀ ਹੈ, ਉਦੋਂ ਲੀਚੀ ਕੁਦਰਤ ਵੱਲੋਂ ਮਿਲਿਆ ਇੱਕ ਅਨਮੋਲ ਤੋਹਫ਼ਾ ਸਾਬਤ ਹੁੰਦੀ ਹੈ। ਇਸ ਦੀ ਮਿੱਠੀ ਸੁਗੰਧ ਅਤੇ ਰਸਭਰਾ ਸੁਆਦ ਨਾ ਕੇਵਲ ਜੀਭ ਨੂੰ ਤ੍ਰਿਪਤ ਕਰਦਾ ਹੈ, ਸਗੋਂ ਸਰੀਰ ਨੂੰ ਵੀ ਕਈ ਪੱਖਾਂ ਤੋਂ ਲਾਭ ਪਹੁੰਚਾਉਂਦਾ ਹੈ।

ਲੀਚੀ ਵਿਟਾਮਿਨ ਸੀ, ਮੈਗਨੀਸ਼ੀਅਮ, ਫਾਸਫੋਰਸ,ਪੋਟਾਸ਼ੀਅਮ, ਫਾਈਬਰ ਅਤੇ ਐਂਟੀਆਕਸੀਡੈਂਟਸ ਵਰਗੇ ਮਹੱਤਵਪੂਰਨ ਪੌਸ਼ਟਿਕ ਤੱਤਾਂ ਨਾਲ ਭਰਪੂਰ ਹੁੰਦੀ ਹੈ। ਇਹ ਸ਼ਰੀਰ ਦੀ ਰੋਗ-ਪ੍ਰਤੀਰੋਧਕ ਸਮਰੱਥਾ ਨੂੰ ਮਜ਼ਬੂਤ ਬਣਾਉਣ, ਥਕਾਵਟ ਦੂਰ ਕਰਨ ਅਤੇ ਗਰਮੀ ਕਾਰਨ ਹੋਣ ਵਾਲੀ ਕਮਜ਼ੋਰੀ ਤੋਂ ਬਚਾਅ ਕਰਨ ਵਿੱਚ ਸਹਾਇਕ ਮੰਨੀ ਜਾਂਦੀ ਹੈ। ਲੀਚੀ ਵਿੱਚ ਪਾਣੀ ਦੀ ਮਾਤਰਾ ਕਾਫ਼ੀ ਵੱਧ ਹੋਣ ਕਰਕੇ ਇਹ ਸਰੀਰ ਨੂੰ ਹਾਈਡ ?ਰੇਟ ਰੱਖਣ ਅਤੇ ਲੂ ਦੇ ਪ੍ਰਭਾਵ ਤੋਂ

ਬਚਾਉਣ ਵਿੱਚ ਵੀ ਮਦਦ ਕਰਦੀ ਹੈ।

ਸਿਹਤ ਮਾਹਿਰਾਂ ਅਨੁਸਾਰ ਇੱਕ ਤੰਦਰੁਸਤ ਵਿਅਕਤੀ ਰੋਜ਼ਾਨਾ ਲਗਭਗ 8 ਤੋਂ 10 ਲੀਚੀਆਂ ਦਾ ਸੇਵਨ ਕਰ ਸਕਦਾ ਹੈ। ਸੰਤੁਲਿਤ ਮਾਤਰਾ ਵਿੱਚ ਖਾਧੀ ਗਈ ਲੀਚੀ ਸਰੀਰ ਨੂੰ ਤੁਰੰਤ ਊਰਜਾ ਪ੍ਰਦਾਨ ਕਰਦੀ ਹੈ ਅਤੇ ਮਨ ਨੂੰ ਤਾਜ਼ਗੀ ਦਾ ਅਹਿਸਾਸ ਕਰਵਾਉਂਦੀ ਹੈ। ਇਸ ਵਿੱਚ ਮੌਜੂਦ ਕੁਦਰਤੀ ਸ਼ੱਕਰ ਥਕਾਵਟ ਨੂੰ ਘਟਾਉਂਦੀ ਹੈ, ਜਦ ਕਿ ਐਂਟੀਆਕਸੀਡੈਂਟਸ ਸਰੀਰ ਨੂੰ ਕਈ ਬਿਮਾਰੀਆਂ ਤੋਂ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਹਾਲਾਂਕਿ ਇਸ ਸੁਆਦਲੇ ਫਲ ਦਾ ਆਨੰਦ ਮਾਣਦੇ ਸਮੇਂ ਕੁਝ ਸਾਵਧਾਨੀਆਂ ਵਰਤਣੀਆਂ ਵੀ ਲਾਜ਼ਮੀ ਹਨ। ਹਮੇਸ਼ਾਂ ਤਾਜ਼ੀ, ਸਾਫ਼-ਸੁਥਰੀ ਅਤੇ ਪੂਰੀ ਤਰ੍ਹਾਂ ਪੱਕੀ ਹੋਈ ਲੀਚੀ ਹੀ ਖਾਣੀ ਚਾਹੀਦੀ ਹੈ। ਕੀੜੇ ਲੱਗੀ, ਸੜੀ-ਗਲੀ ਜਾਂ ਫੱਟੀ ਹੋਈ ਲੀਚੀ ਸਿਹਤ ਲਈ ਹਾਨੀਕਾਰਕ ਹੋ ਸਕਦੀ ਹੈ। ਇਸੇ ਤਰ੍ਹਾਂ ਉਹ ਲੀਚੀਆਂ ਵੀ ਨਹੀਂ ਖਾਣੀਆਂ ਚਾਹੀਦੀਆਂ ਜਿਨ੍ਹਾਂ 'ਤੇ ਮੱਖੀਆਂ ਬੈਠੀਆਂ ਹੋਣ, ਕਿਉਂਕਿ ਉਨ੍ਹਾਂ ਵਿੱਚ ਗੰਦਗੀ ਅਤੇ ਹਾਨੀਕਾਰਕ ਜੀਵਾਣੂ ਹੋਣ ਦੀ ਸੰਭਾਵਨਾ ਵੱਧ ਜਾਂਦੀ ਹੈ, ਜੋ ਪੇਟ ਸੰਬੰਧੀ ਬਿਮਾਰੀਆਂ ਦਾ ਕਾਰਨ ਬਣ ਸਕਦੇ ਹਨ।

ਇਸ ਸੰਦਰਭ ਵਿੱਚ ਫਲ ਵਿਕਰੇਤਾਵਾਂ ਦੀ ਜ਼ਿੰਮੇਵਾਰੀ ਵੀ ਘੱਟ ਨਹੀਂ। ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਵਿਕਰੇਤਾਵਾਂ ਨੂੰ ਚਾਹੀਦਾ ਹੈ ਕਿ ਉਹ ਸਿਰਫ਼ ਤਾਜ਼ੀ ਅਤੇ ਉੱਤਮ ਗੁਣਵੱਤਾ ਵਾਲੀ ਲੀਚੀ ਹੀ ਵੇਚਣ। ਫਲਾਂ ਨੂੰ ਧੂੜ, ਗੰਦਗੀ ਅਤੇ ਮੱਖੀਆਂ ਤੋਂ ਬਚਾ ਕੇ ਰੱਖਿਆ ਜਾਵੇ ਅਤੇ ਸਫ਼ਾਈ ਦੇ ਮਿਆਰਾਂ ਦੀ ਪੂਰੀ ਪਾਲਣਾ ਕੀਤੀ ਜਾਵੇ। ਵਪਾਰ ਦੇ ਨਾਲ-ਨਾਲ ਜਨ-ਸਿਹਤ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰੀ ਵੀ ਹਰ ਵਿਕਰੇਤਾ ਦਾ ਫਰਜ਼ ਹੈ।

ਕੁਦਰਤ ਦੇ ਇਸ ਮਿੱਠੇ ਤੋਹਫ਼ੇ ਦਾ ਆਨੰਦ ਲੈਂਦੇ ਸਮੇਂ ਸਫ਼ਾਈ ਅਤੇ ਸੰਤੁਲਨ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਜੇਕਰ ਲੀਚੀ ਨੂੰ ਸਹੀ ਮਾਤਰਾ ਅਤੇ ਸਹੀ ਢੰਗ ਨਾਲ ਖਾਧਾ ਜਾਵੇ, ਤਾਂ ਇਹ ਗਰਮੀਆਂ ਵਿੱਚ ਨਾ ਕੇਵਲ ਸੁਆਦ ਦਾ ਆਨੰਦ ਦਿੰਦੀ ਹੈ, ਸਗੋਂ ਸਿਹਤ, ਤੰਦਰੁਸਤੀ ਅਤੇ ਤਾਜ਼ਗੀ ਦਾ ਵੀ ਅਨਮੋਲ ਸਰੋਤ ਬਣ ਜਾਂਦੀ ਹੈ।

ਅਸਲ ਵਿੱਚ ਲੀਚੀ ਸਿਰਫ਼ ਇੱਕ ਫਲ ਨਹੀਂ, ਸਗੋਂ ਗਰਮੀਆਂ ਦੀ ਤਪਸ਼ ਵਿੱਚ ਸਿਹਤ, ਸੁਆਦ ਅਤੇ ਤਾਜ਼ਗੀ ਦਾ ਸੁੰਦਰ ਮੇਲ ਹੈ। ਕੁਦਰਤ ਵੱਲੋਂ ਮਨੁੱਖੀ ਜੀਵਨ ਨੂੰ ਬਖ਼ਸ਼ੀ ਗਈ ਇਹ ਮਿੱਠੀ ਰਹਿਮਤ ਹਰ ਸਾਲ ਕੁਝ ਹੀ ਸਮੇਂ ਲਈ ਸਾਡੇ ਕੋਲ ਆਉਂਦੀ ਹੈ।

ਸੋ ਲੀਚੀ ਵੇਚਣ ਵਾਲੇ ਸਾਰੇ ਦੁਕਾਨਦਾਰਾਂ ਅਤੇ ਫਲ ਵਿਕਰੇਤਾਵਾਂ ਦੀ ਸਮਾਜ ਪ੍ਰਤੀ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਲੋਕਾਂ ਦੀ ਸਿਹਤ ਨੂੰ ਪਹਿਲ ਦੇਣ। ਗਾਹਕਾਂ ਨੂੰ ਹਮੇਸ਼ਾਂ ਤਾਜ਼ੀ, ਸਾਫ਼-ਸੁਥਰੀ ਅਤੇ ਪੂਰੀ ਤਰ੍ਹਾਂ ਤਿਆਰ ਹੋਈ ਲੀਚੀ ਹੀ ਵੇਚਣੀ ਚਾਹੀਦੀ ਹੈ। ਸੜੀ-ਗਲੀ, ਕੀੜੇ ਲੱਗੀ ਜਾਂ ਫੱਟੀ ਹੋਈ ਲੀਚੀ ਨੂੰ ਵਿਕਰੀ ਲਈ ਨਾ ਰੱਖਿਆ ਜਾਵੇ। ਫਲਾਂ ਨੂੰ ਧੂੜ-ਮਿੱਟੀ, ਮੱਖੀਆਂ ਅਤੇ ਹੋਰ ਗੰਦਗੀ ਤੋਂ ਬਚਾਉਣ ਲਈ ਉਨ੍ਹਾਂ ਨੂੰ ਢੱਕ ਕੇ ਰੱਖਣਾ ਬਹੁਤ ਜ਼ਰੂਰੀ ਹੈ।

ਵਿਕਰੇਤਾਵਾਂ ਨੂੰ ਚਾਹੀਦਾ ਹੈ ਕਿ ਉਹ ਸਫ਼ਾਈ ਦੇ ਮਿਆਰਾਂ ਦੀ ਪਾਲਣਾ ਕਰਨ ਅਤੇ ਗਾਹਕਾਂ ਨੂੰ ਵੀ ਫਲ ਖਾਣ ਤੋਂ ਪਹਿਲਾਂ ਚੰਗੀ ਤਰ੍ਹਾਂ ਧੋਣ ਬਾਰੇ ਜਾਗਰੂਕ ਕਰਨ। ਕੁਝ ਵੱਧ ਮੁਨਾਫ਼ੇ ਦੀ ਖਾਤਰ ਖਰਾਬ ਜਾਂ ਗੈਰ-ਮਿਆਰੀ ਫਲ ਵੇਚਣਾ ਨਾ ਸਿਰਫ਼ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੈ, ਸਗੋਂ ਸਮਾਜਿਕ ਅਤੇ ਨੈਤਿਕ ਜ਼ਿੰਮੇਵਾਰੀ ਤੋਂ ਵੀ ਮੂੰਹ ਮੋੜਨ ਦੇ ਬਰਾਬਰ ਹੈ।

ਦੂਸਰੇ ਪਾਸੇ ਸਿਹਤ ਵਿਭਾਗ ਦੀ ਵੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਲੋਕਾਂ ਦੀ ਸਿਹਤ ਨੂੰ ਸਰਵਉੱਚ ਰੱਖਦਿਆਂ ਸ਼ਹਿਰਾਂ ਅਤੇ ਪਿੰਡਾਂ ਵਿੱਚ ਲੱਗੀਆਂ ਫਲਾਂ ਅਤੇ ਸਬਜ਼ੀਆਂ ਦੀਆਂ ਰੇਹੜੀਆਂ ਦੀ ਨਿਯਮਿਤ ਜਾਂਚ ਕੀਤੀ ਜਾਵੇ। ਇਸ ਨਾਲ ਨਾ ਸਿਰਫ਼ ਮਿਲਾਵਟਖੋਰੀ ਅਤੇ ਘਟੀਆ ਗੁਣਵੱਤਾ ਵਾਲੀਆਂ ਵਸਤਾਂ ਦੀ ਵਿਕਰੀ 'ਤੇ ਰੋਕ ਲੱਗੇਗੀ, ਸਗੋਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਅਨਸਰਾਂ ਖ਼ ?ਲਾਫ਼ ਸਖ਼ਤ ਕਾਰਵਾਈ ਵੀ ਯਕੀਨੀ ਬਣਾਈ ਜਾ ਸਕੇਗੀ।

ਆਓ, ਅਸੀਂ ਸਾਰੇ ਮਿਲ ਕੇ ਇਹ ਯਕੀਨੀ ਬਣਾਈਏ ਕਿ ਲੋਕਾਂ ਤੱਕ ਸਿਹਤਮੰਦ, ਸੁਰੱਖਿਅਤ ਅਤੇ ਗੁਣਵੱਤਾ ਭਰਪੂਰ ਫਲ ਪਹੁੰਚਣ, ਤਾਂ ਜੋ ਕੁਦਰਤ ਦੇ ਫ਼ਲਾਂ-ਲੀਚੀਆ ਦਾ ਆਨੰਦ ਹਰ ਕੋਈ ਬਿਨਾਂ ਕਿਸੇ ਸਿਹਤ ਸੰਬੰਧੀ ਚਿੰਤਾ ਦੇ ਲੈ ਸਕੇ।

ਪੇਸ਼ਕਸ਼
ਲੇਖਕ: ਰਾਜਿੰਦਰ ਸਿੰਘ ਰਾਜਨ ਪਠਾਨਕੋਟ
ਮੋਬਾਇਲ ਫੋਨ ਨੰਬਰ 9417427656
ਈਮੇਲ rajan_pathankot@yahoo.com
ਪਤਾ :ਉੱਤਮ ਗਾਰਡਨ ਕਲੋਨੀ,
ਮਨਵਾਲ ਬਾਗ ਪਠਾਨਕੋਟ (ਪੰਜਾਬ)

ਲੇਖਕ ਆਪਣੀਆਂ ਰਚਨਾਵਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਮੋਬਾਇਲ ਨੰਬਰ 79860-87886'ਤੇ ਸੰਪਰਕ ਕਰਨ।

ਰੋਜ਼ਾਨਾ ਆਜ਼ਾਦ ਸੋਚ 'ਚ ਛਪਣ ਵਾਲੀ ਲੇਖ ਸਮਗਰੀ ਲੇਖਕਾਂ ਦੇ ਨਿਜੀ ਵਿਚਾਰ ਹੁੰਦੇ ਹਨ। ਇੰਨਾਂ ਨਾਲ ਅਖਬਾਰ ਦਾ ਕੋਈ ਲੈਣਾ ਦੇਣਾ ਨਹੀਂ ਹੈ। ਪਾਠਕ ਸਾਹਿਬਾਨ ਨੋਟ ਕਰਨ। ਪ੍ਰਕਾਸ਼ਤ ਸਮੱਗਰੀ ਬਾਰੇ ਕੋਈ ਵੀ ਇਤਰਾਜ਼ ਸਬੰਧਤ ਲੇਖਕ ਕੋਲ ਹੀ ਉਠਾਇਆ ਜਾਵੇ। - ਸੰਪਾਦਕ

ਵਿਧਾਨ ਸਭਾ ਹਲਕਾ ਭੋਆ 'ਚ ਕਰੀਬ 80 ਪਰਿਵਾਰ ਆਪ ਵਿੱਚ ਸ਼ਾਮਲ

ਆਜ਼ਾਦ ਸੋਚ, ਅਸ਼ਵਨੀ ਭਗਤ, ਪਠਾਨਕੋਟ, 17 ਜੂਨ:
============

ਵਿਧਾਨ ਸਭਾ ਹਲਕਾ ਭੋਆ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਵਾਰਡ ਨੰਬਰ 45 ਵਿੱਚ ਆਯੋਜਿਤ ਇੱਕ ਸਮਾਗਮ ਦੌਰਾਨ ਗੁੱਜਰ ਭਾਈਚਾਰੇ ਦੇ ਕਰੀਬ 80 ਪਰਿਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਨਵੇਂ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ।
ਕੌਂਸਲਰ ਹਰਿਸ਼ ਗੋਰਖਾ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਸਮਾਗਮ ਵਿੱਚ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਸੈਕੂਲਰ ਅਤੇ ਲੋਕਾਂ ਦੀ ਸਾਂਝੀ ਪਾਰਟੀ ਹੈ, ਜਿਸ ਨੇ ਹਮੇਸ਼ਾ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਗੁੱਜਰ ਭਾਈਚਾਰੇ ਦੇ ਪਰਿਵਾਰਾਂ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਣਾ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਵਿਕਾਸ ਕਾਰਜਾਂ ਉੱਤੇ ਲੋਕਾਂ ਦੇ ਭਰੋਸੇ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਕਈ ਮਹੱਤਵਪੂਰਨ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕੰਮ ਜਾਰੀ ਰੱਖਿਆ ਜਾਵੇਗਾ।
ਕੈਬਨਿਟ ਮੰਤਰੀ ਨੇ ਘੱਟ ਗਿਣਤੀ ਵਿੰਗ ਦੇ ਚੇਅਰਮੈਨ ਅਬਦੁਲ ਰਹਿਮਾਨ ਅਨੂ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਰਹਿਨੁਮਾਈ ਅਤੇ ਸਥਾਨਕ ਆਗੂਆਂ ਦੇ ਸਹਿਯੋਗ ਨਾਲ ਪਾਰਟੀ ਦਾ ਆਧਾਰ ਹੋਰ ਮਜ਼ਬੂਤ ਹੋ ਰਿਹਾ ਹੈ। ਇਸ ਮੌਕੇ ਅਬਦੁਲ ਰਹਿਮਾਨ ਅਨੂ (ਚੇਅਰਮੈਨ, ਘੱਟ ਗਿਣਤੀ ਵਿੰਗ), ਮੁਕੇਸ਼ ਸ਼ਰਮਾ (ਵਾਈਸ ਚੇਅਰਮੈਨ, ਪੰਜਾਬ ਐਗਰੀਕਲਚਰ ਡਿਵੈਲਪਮੈਂਟ ਬੈਂਕ, ਪਠਾਨਕੋਟ), ਹਰਿਸ਼ ਗੋਰਖਾ (ਐਮ.ਸੀ. ਵਾਰਡ ਨੰਬਰ 45), ਬਲਜਿੰਦਰ ਕੌਰ (ਐਮ.ਸੀ. ਵਾਰਡ ਨੰਬਰ 43), ਪਰਮਜੀਤ ਕੌਰ (ਐਮ.ਸੀ. ਵਾਰਡ ਨੰਬਰ 46), ਸ਼ਕਤੀ ਸੈਣੀ (ਬਲਾਕ ਸਮਿਤੀ ਮੈਂਬਰ), ਮਨੋਜ ਮੌਜੀ (ਬਲਾਕ ਪ੍ਰਧਾਨ), ਭੁਪਿੰਦਰ ਸਿੰਘ ਮੁੰਨਾ (ਜ਼ਿਲ੍ਹਾ ਪਰਿਸ਼ਦ ਮੈਂਬਰ), ਗੋਲਡੀ ਸਰਨਾ ਸਮੇਤ ਆਮ ਆਦਮੀ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਕਾਰਜਕਰਤਾ ਵੀ ਹਾਜ਼ਰ ਸਨ।

ਬਸਪਾ ਜ਼ਿਲ੍ਹਾ ਸੰਗਰੂਰ ਦੀ ਸੰਗਠਨ ਸਮੀਖਿਆ ਮੀਟਿੰਗ 25 ਜੂਨ ਨੂੰ: ਡਾ. ਮੱਖਣ ਸਿੰਘ

ਆਜ਼ਾਦ ਸੋਚ, ਸਤਨਾਮ ਸਿੰਘ ਛਾਬੜਾ, ਖਨੌਰੀ, 17 ਜੂਨ:
=============

ਅੱਜ ਬੇਗਮਪੁਰਾ ਧਾਮ ਖਨੌਰੀ ਦੀ ਧਰਮਸ਼ਾਲਾ ਵਿਖੇ ਬਹੁਜਨ ਸਮਾਜ ਪਾਰਟੀ ਹਲਕਾ ਲਹਿਰਾਗਾਗਾ ਦੀ ਸੰਗਠਨਾਤਮਕ ਸਮੀਖਿਆ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਮੁੱਖ ਤੌਰ 'ਤੇ ਡਾ. ਮੱਖਣ ਸਿੰਘ (ਸੂਬਾ ਜਨਰਲ ਸਕੱਤਰ), ਇੰਜੀ. ਅਮਨ ਬੋਧ (ਇੰਚਾਰਜ ਲੋਕ ਸਭਾ ਸੰਗਰੂਰ), ਜ਼ਿਲ੍ਹਾ ਪ੍ਰਧਾਨ ਸਤਿਗੁਰੂ ਸਿੰਘ ਮੱਟੂ, ਸੀਨੀਅਰ ਆਗੂ ਪਵਿੱਤਰ ਸਿੰਘ ਅਤੇ ਰਤਨ ਸਿੰਘ ਸੰਗਰੂਰ ਸ਼ਾਮਲ ਹੋਏ। ਮੀਟਿੰਗ ਦੌਰਾਨ ਹਲਕੇ ਅੰਦਰ ਬਸਪਾ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਸੰਭਾਲੋ ਮੁਹਿੰਮ ਨੂੰ ਘਰ-ਘਰ ਤੱਕ ਪਹੁੰਚਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਡਾ. ਮੱਖਣ ਸਿੰਘ ਨੇ ਪਾਰਟੀ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਵੱਲੋਂ ਚਲਾਈ ਜਾ ਰਹੀ ਪੰਜਾਬ ਸੰਭਾਲੋ ਮੁਹਿੰਮ ਸਬੰਧੀ ਵਰਕਰਾਂ ਨੂੰ ਲਾਮਬੰਦ ਕੀਤਾ। ਸੰਗਠਨ ਦੇ ਵਿਸਥਾਰ ਤਹਿਤ ਰਾਮਦਾਸ ਭੁੱਕਲ ਨੂੰ ਜ਼ਿਲ੍ਹਾ ਮੀਤ ਪ੍ਰਧਾਨ, ਹਰਦੀਪ ਨੰਬਰਦਾਰ ਰਾਮਪੁਰਾ ਅਤੇ ਭੂਰਾ ਸਿੰਘ ਲਹਿਲ ਨੂੰ ਹਲਕਾ ਕੋਆਰਡੀਨੇਟਰ, ਰੂਪ ਸਿੰਘ ਠਸਕਾ ਨੂੰ ਹਲਕਾ ਕੈਸ਼ੀਅਰ, ਪਰਦੀਪ ਅਨਦਾਨਾ ਨੂੰ ਅਨਦਾਨਾ ਸੈਕਟਰ ਦਾ ਪ੍ਰਧਾਨ ਅਤੇ ਗੁਰਪ੍ਰੀਤ ਸੈਨ ਨੂੰ ਖਨੌਰੀ ਸੈਕਟਰ ਦਾ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਇੰਜੀ. ਅਮਨ ਬੋਧ ਨੇ ਕਿਹਾ ਕਿ ਲੋਕ ਸਭਾ ਸੰਗਰੂਰ ਅੰਦਰ ਨੌਜਵਾਨਾਂ ਦਾ ਰੁਝਾਨ ਤੇ ਜੋਸ਼ ਲਗਾਤਾਰ ਬਸਪਾ ਵੱਲ ਵੱਧ ਰਿਹਾ ਹੈ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ। ਡਾ. ਮੱਖਣ ਸਿੰਘ ਨੇ ਦੱਸਿਆ ਕਿ 25 ਜੂਨ ਨੂੰ ਸੰਗਰੂਰ ਦੇ ਮਾਯੂਰ ਪੈਲਸ ਵਿਖੇ ਜ਼ਿਲ੍ਹਾ ਸੰਗਰੂਰ ਦੇ ਪੰਜਾਂ ਵਿਧਾਨ ਸਭਾ ਹਲਕਿਆਂ ਦੀ ਸੰਗਠਨ ਸਮੀਖਿਆ ਮੀਟਿੰਗ ਕਰਵਾਈ ਜਾ ਰਹੀ ਹੈ। ਇਸ ਮੀਟਿੰਗ ਵਿੱਚ ਮੁੱਖ ਕੇਂਦਰੀ ਇੰਚਾਰਜ ਅਤੇ ਰਾਜ ਸਭਾ ਮੈਂਬਰ ਰਾਮਜੀ ਗੌਤਮ, ਕੇਂਦਰੀ ਇੰਚਾਰਜ ਵਿਪੁਲ ਕੁਮਾਰ, ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਅਤੇ ਸੂਬਾ ਇੰਚਾਰਜ ਅਜੀਤ ਸਿੰਘ ਭੈਣੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਜ਼ਿਲ੍ਹਾ ਪ੍ਰਧਾਨ ਸਤਿਗੁਰੂ ਸਿੰਘ ਮੱਟੂ ਨੇ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ, ਜਦਕਿ ਹਲਕਾ ਪ੍ਰਧਾਨ ਡਾ. ਰਾਜਕੁਮਾਰ ਜੱਸਲ ਨੇ ਮੀਟਿੰਗ ਵਿੱਚ ਸ਼ਾਮਲ ਹੋਏ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹਲਕਾ ਮੀਤ ਪ੍ਰਧਾਨ ਗੁਰਪ੍ਰੀਤ ਕੰਬੋਜ, ਸਕੱਤਰ ਅਮਰੀਕ ਸਿੰਘ ਮੰਡਵੀ, ਖਨੌਰੀ ਸ਼ਹਿਰੀ ਪ੍ਰਧਾਨ ਗੁਲਾਬ ਸਿੰਘ ਛਾਡੀਆ, ਦਿਹਾਤੀ ਪ੍ਰਧਾਨ ਰਾਜਵੀਰ ਸਿੰਘ, ਸ਼ਹਿਰੀ ਮੀਤ ਪ੍ਰਧਾਨ ਸੋਨੂੰ ਰਾਣਾ, ਜੋਨ ਇੰਚਾਰਜ ਜਸਵੰਤ ਚੌਹਾਨ, ਸੀਨੀਅਰ ਆਗੂ ਬਾਲੀ ਲਹਿਲ, ਸੋਹਨ ਗੁਲਾੜੀ, ਚੰਨਣ ਭੂਲਣ, ਕਾਲਾ ਨੰਬਰਦਾਰ, ਵਿਕਾਸ, ਸਾਹਿਬ ਛਾਡੀਆ, ਦੇਸਰਾਜ, ਗੁਰਸੇਵਕ ਰਾਮਪੁਰਾ, ਸੰਦੀਪ ਵੂਲਦ,ਮੰਗਾ ਰਾਮਪੁਰਾ ਸੁਖਮਨ, ਰਾਜੇਸ ,ਹਰਮਨ, ਸ਼ਾਲੂ, ਸਿਮਰਜੀਤ ਅਤੇ ਹੋਰ ਕਈ ਆਗੂ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਜੱਥੇਬੰਦੀ ਦੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਡਾਕਟਰ ਸਾਥੀ ਨੂੰ ਬਖਸ਼ਿਆ ਨਹੀਂ ਜਾਵੇਗਾ : ਮਚਾਕੀ, ਭੂਸ਼ਨ

ਬਲਾਕ ਸਾਦਿਕ ਦੇ ਸਮੂਹ ਮੈਂਬਰਾਂ ਨੇ ਆਗੂਆਂ ਨੂੰ ਨਿਯਮਾਂ ਦੀ ਪਾਲਣਾ ਕਰਨ ਦਾ ਦਿੱਤਾ ਭਰੋਸਾ

ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 17 ਜੂਨ:
============

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. 295 ਜ਼ਿਲ੍ਹਾ ਫ਼ਰੀਦਕੋਟ ਦੇ ਬਲਾਕ ਸਾਦਿਕ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਬਾਉਲੀ ਸਾਹਿਬ ਵਿਖੇ ਬਲਾਕ ਪ੍ਰਧਾਨ ਡਾ. ਭਾਰਤ ਭੂਸ਼ਨ ਦੀ ਪ੍ਰਧਾਨਗੀ ਹੇਠ ਕਰਵਾਈ ਗਈ। ਮੀਟਿੰਗ ਦੀ ਸ਼ੁਰੂਆਤ ਬਲਾਕ ਜਨਰਲ ਸਕੱਤਰ ਡਾ. ਜਗਰੂਪ ਸਿੰਘ ਸੰਧੂ ਵੱਲੋਂ ਸਾਰੇ ਮੈਂਬਰਾਂ ਨੂੰ ਜੀ ਆਇਆਂ ਆਖ ਕੇ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਡਾ. ਗੁਰਤੇਜ ਸਿੰਘ ਮਚਾਕੀ, ਡਾ. ਇਕਬਾਲ ਸਿੰਘ ਗੋਲੇਵਾਲਾ, ਬਲਾਕ ਪ੍ਰਧਾਨ ਡਾ. ਭਾਰਤ ਭੂਸ਼ਨ, ਬਲਾਕ ਖ਼ਜ਼ਾਨਚੀ ਡਾ. ਪ੍ਰਮੇਸ਼ਰ ਸਿੰਘ, ਡਾ. ਪਿੰਕਾ ਸੰਧੂ, ਡਾ. ਬਸੰਤ ਸਿੰਘ, ਡਾ. ਧਰਮਪਾਲ ਸਿੰਘ, ਡਾ. ਟੇਕ ਸਿੰਘ ਬੱਬੂ, ਡਾ. ਗੁਰਮੀਤ ਸਿੰਘ ਅਤੇ ਡਾ. ਪਰਮਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪ੍ਰਧਾਨ ਡਾ. ਰਸ਼ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਸਾਦਿਕ ਦੀ ਐਗਜ਼ੀਕਿਊਟਿਵ ਕਮੇਟੀ ਵੱਲੋਂ ਦੋ ਟੀਮਾਂ ਦਾ ਗਠਨ ਕਰਕੇ ਵੱਖ-ਵੱਖ ਪਿੰਡਾਂ ਵਿੱਚ ਫਸਟਏਡ ਦਾ ਕੰਮ ਕਰ ਰਹੇ ਸਾਥੀਆਂ ਦੇ ਕਲੀਨਿਕਾਂ ਦੀ ਜਾਂਚ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਜਾਂਚ ਦੌਰਾਨ ਜਿੱਥੇ ਵੀ ਕਲੀਨਿਕਾਂ ਦੀ ਸਫ਼ਾਈ ਜਾਂ ਹੋਰ ਪ੍ਰਬੰਧਾਂ ਵਿੱਚ ਕੋਈ ਕਮੀ ਪਾਈ ਗਈ, ਉਥੇ ਸੰਬੰਧਤ ਸਾਥੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਜੱਥੇਬੰਦੀ ਦੇ ਨਿਯਮਾਂ ਅਤੇ ਮਿਆਰਾਂ ਦੀ ਪਾਲਣਾ ਹਰ ਮੈਂਬਰ ਲਈ ਲਾਜ਼ਮੀ ਹੈ ਅਤੇ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਡਾਕਟਰ ਸਾਥੀ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਡਾ. ਲਖਵਿੰਦਰ ਸਿੰਘ, ਡਾ. ਰਾਮ ਚੰਦਰ, ਡਾ. ਸੁਖਦੀਪ ਸਿੰਘ, ਡਾ. ਗੁਰਸੇਵਕ ਸਿੰਘ, ਰੋਬਿਨ ਕੌਣੀ, ਡਾ. ਮਨਪ੍ਰੀਤ ਸਿੰਘ, ਡਾ. ਬਲਜੀਤ ਸਿੰਘ, ਡਾ. ਕ੍ਰਿਸ਼ਨ ਸਿੰਘ, ਡਾ. ਬਿੰਦਰ ਸਿੰਘ, ਡਾ. ਹਮੀਰ ਸਿੰਘ, ਡਾ. ਵਾਰਿੰਦਰ ਸ਼ਰਮਾ, ਡਾ. ਤਰਸੇਮ ਸਿੰਘ, ਡਾ. ਜੋਗਾ ਸਿੰਘ, ਡਾ. ਬੇਅੰਤ ਸਿੰਘ, ਡਾ. ਜਗਵਿੰਦਰ ਸਿੰਘ, ਡਾ. ਜਸਕਰਨ ਸਿੰਘ, ਡਾ. ਸੁਖਵੀਰ ਸਿੰਘ, ਡਾ. ਪਵਨ ਕੁਮਾਰ, ਡਾ. ਰਣਜੀਤ ਸਿੰਘ, ਡਾ. ਗੁਰਵਿੰਦਰ ਸਿੰਘ ਅਤੇ ਮੈਡਮ ਲਖਵੀਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ। ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਜੱਥੇਬੰਦੀ ਦੇ ਨਿਯਮਾਂ ਦੀ ਪਾਲਣਾ ਕਰਨ ਅਤੇ ਆਗੂਆਂ ਦਾ ਪੂਰਾ ਸਹਿਯੋਗ ਕਰਨ ਦਾ ਭਰੋਸਾ ਦਿੱਤਾ।

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਬੁਲਾਰੇ ਸੰਬਿਤ ਪਾਤਰਾ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ, ਸਰਬੱਤ ਦੇ ਭਲੇ ਦੀ ਕੀਤੀ ਅਰਦਾਸ

ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੰਦਿਆਂ ਅਕੈਡਮੀ ਰੋਡ ਸਥਿਤ ਆਈਟੀਆਈ ਵਿਖੇ ਲਗਾਇਆ ਪੌਦਾ

ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 17 ਜੂਨ:
============

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਬੁਲਾਰੇ ਅਤੇ ਸ਼੍ਰੀ ਜਗਨਨਾਥ ਪੁਰੀ ਤੋਂ ਮੈਂਬਰ ਪਾਰਲੀਮੈਂਟ ਡਾ. ਸੰਬਿਤ ਪਾਤਰਾ ਅੱਜ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਉਨ੍ਹਾਂ ਗੁਰੂ ਘਰ ਵਿੱਚ ਮੱਥਾ ਟੇਕ ਕੇ ਸਰਬੱਤ ਦੇ ਭਲੇ, ਦੇਸ਼ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਤਖ਼ਤ ਸਾਹਿਬ ਵਿਖੇ ਪਹੁੰਚਣ 'ਤੇ ਡਾ. ਸੰਬਿਤ ਪਾਤਰਾ ਦਾ ਭਾਜਪਾ ਆਗੂਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਨੇ ਗੁਰਬਾਣੀ ਦਾ ਸਰਵਣ ਕਰਦਿਆਂ ਗੁਰੂ ਘਰ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ ਅਤੇ ਸਿੱਖ ਗੁਰੂ ਸਾਹਿਬਾਨ ਵੱਲੋਂ ਦਿੱਤੇ ਮਨੁੱਖਤਾ, ਸੇਵਾ ਅਤੇ ਭਾਈਚਾਰੇ ਦੇ ਸੰਦੇਸ਼ ਨੂੰ ਅਪਣਾਉਣ ਦਾ ਸੱਦਾ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਸੰਬਿਤ ਪਾਤਰਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਸਰਵਪੱਖੀ ਵਿਕਾਸ ਲਈ ਇਤਿਹਾਸਕ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਬੁਨਿਆਦੀ ਢਾਂਚੇ ਦੇ ਵਿਕਾਸ, ਡਿਜੀਟਲ ਇੰਡੀਆ, ਗਰੀਬ ਕਲਿਆਣ ਯੋਜਨਾਵਾਂ ਅਤੇ ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਲਾਭ ਦੇਸ਼ ਦੇ ਕਰੋੜਾਂ ਲੋਕਾਂ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਹੈ।ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਡਾ. ਸੰਬਿਤ ਪਾਤਰਾ ਨੇ ਜਿਥੇ ਮੰਡਲ ਪ੍ਰਧਾਨ ਰਤਨ ਧਨੇੜਾ ਦੇ ਗ੍ਰਹਿ ਵਿਖੇ ਚਾਹ ਦਾ ਕੱਪ ਸਾਂਝਾ ਕੀਤਾ ਉਥੇ ਹੀ ਸੀਨੀਅਰ ਭਾਜਪਾ ਆਗੂ ਜਤਿੰਦਰ ਸਿੰਘ ਅਠਵਾਲ ਦੇ ਅਕੈਡਮੀ ਰੋਡ ਸਥਿਤ ਆਈਟੀਆਈ ਵਿਖੇ ਪਹੁੰਚ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੰਦਿਆਂ ਇੱਕ ਪੌਦਾ ਵੀ ਲਗਾਇਆ। ਇਸ ਮੌਕੇ ਉਨ੍ਹਾਂ ਵਾਤਾਵਰਨ ਦੀ ਸੁਰੱਖਿਆ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਵਾਤਾਵਰਨ ਦੇਣ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ, ਸੀਨੀਅਰ ਭਾਜਪਾ ਆਗੂ ਜਤਿੰਦਰ ਸਿੰਘ ਅਠਵਾਲ, ਮੰਡਲ ਪ੍ਰਧਾਨ ਰਤਨ ਕੁਮਾਰ ਧਨੇੜਾ, ਅਮਨ ਕਾਬੜਵਾਲ ਯੂਥ ਆਗੂ, ਨੰਗਲ ਮੰਡਲ ਦੇ ਪ੍ਰਧਾਨ ਹਰਮਨਜੀਤ ਸਿੰਘ ਪ੍ਰਿੰਸ, ਸ਼ਾਮ ਸੁੰਦਰ ਪਰਾਸ਼ਰ, ਪ੍ਰਦੀਪ ਕੁਮਾਰ ਕੋਟਲਾ, ਕਰਨ ਮਹਿਣ, ਮੋਹਿਤ ਸ਼ਰਮਾ, ਦਲਜੀਤ ਸਿੰਘ ਮਾਂਗੇਵਾਲ, ਐਡਵੋਕੇਟ ਸਿਮਰਨ, ਅਦਿਤਿਆ ਸ਼ਰਮਾ, ਗੁਰਚਰਨ ਸਿੰਘ, ਸਤਿੰਦਰ ਸਿੰਘ ਸਮੇਤ ਹੋਰ ਭਾਜਪਾ ਆਗੂ ਅਤੇ ਵਰਕਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਮਿਊਂਸਪਲ ਪਾਰਕ ਭੀਖੀ 'ਚ ਸ਼ੁਰੂ ਹੋਇਆ ਪੰਜ ਰੋਜ਼ਾ ਯੋਗਾ ਕੈਂਪ

ਆਜ਼ਾਦ ਸੋਚ, ਪਰਿੰਸ ਜਿੰਦਲ, ਭੀਖੀ, 17 ਜੂਨ:
============

ਸਥਾਨਕ ਲਾਲਾ ਦੌਲਤ ਮੱਲ ਮਿਊਂਸਪਲ ਪਾਰਕ ਵਿਖੇ ਸਮਾਜ ਸੇਵੀ ਸੰਸਥਾ ਸੇਵਾ ਭਾਰਤੀ ਵੱਲੋਂ 17 ਜੂਨ ਤੋਂ 21 ਜੂਨ ਤੱਕ ਲਾਇਆ ਜਾ ਰਿਹਾ ਅੰਤਰਰਾਸ਼ਟਰੀ ਯੋਗ ਦਿਵਸ ਨੂੰ ਸਮਰਪਿਤ ਪੰਜ ਰੋਜ਼ਾ ਵਿਸ਼ੇਸ਼ ਯੋਗ ਕੈਂਪ ਅੱਜ ਬੜੇ ਹੀ ਉਤਸ਼ਾਹ ਨਾਲ ਸ਼ੁਰੂ ਹੋ ਗਿਆ ਹੈ। ਸੰਸਥਾ ਦੇ ਪ੍ਰਧਾਨ ਅਨਿੱਲ ਅੱਗਰਵਾਲ (ਜਿੰਦਲ) ਅਤੇ ਨਰਿੰਦਰ ਰੱਤੀ ਨੇ ਦੱਸਿਆ ਕਿ ਮਿਊਂਸਪਲ ਪਾਰਕ ਦੀ ਸਾਂਭ ਸੰਭਾਲ ਕਰ ਰਹੀ ਕਮੇਟੀ ਦੇ ਸਹਿਯੋਗ ਨਾਲ ਲਾਏ ਜਾ ਰਹੇ ਇਸ ਕੈਂਪ ਦੀ ਸ਼ੁਰੂਆਤ ਮੌਕੇ ਯੋਗ ਆਚਾਰੀਆ ਯੋਗੇਸ਼ ਖੁਰਾਣਾ (ਸੰਗਰੂਰ) ਮਹੱਤਤਾ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਉਂਦੇ ਹੋਏ ਕਿਹਾ ਕਿ ਪ੍ਰਾਣਾਯਾਮ ਅਤੇ ਯੋਗ ਧਿਆਨ ਨਾਲ ਕਰਨ ਨਾਲ ਸਾਡਾ ਮਿਲਾਪ ਪ੍ਰਮਾਤਮਾ ਨਾਲ ਹੋਣਾ ਸ਼ੁਰੂ ਹੋ ਜਾਂਦਾ ਹੈ। ਉਹਨਾਂ ਕਿਹਾ ਰੋਜ਼ਾਨਾ ਯੋਗ ਅਤੇ ਪ੍ਰਾਣਾਯਾਮ ਕਰਕੇ ਅਸੀਂ ਆਪਣੇ ਸਰੀਰ ਨੂੰ ਸਦਾ ਲਈ ਨਿਰੋਗ ਅਤੇ ਤੰਦਰੁਸਤ ਰੱਖ ਸਕਦੇ ਹਾਂ।ਉਹਨਾਂ ਕਿਹਾ ਕਿ ਸਾਡੇ ਵੇਦਾਂ ਅਤੇ ਵੈਦਿਕ ਗ੍ਰੰਥਾਂ ਵਿੱਚ ਬਹੁਤ ਸਾਰੀਆਂ ਧਿਆਨ ਤਕਨੀਕਾਂ ਦਾ ਜ਼ਿਕਰ ਆਉਂਦਾ ਹੈ। ਉਹਨਾਂ ਕਿਹਾ ਕਿ ਵੱਖ-ਵੱਖ ਵਿਧੀਆਂ ਅਨੁਸਾਰ ਅਸੀਂ ਯੋਗ ਅਤੇ ਪ੍ਰਾਣਾਯਾਮ ਕਰਕੇ ਮਾਨਸਿਕ ਤਣਾਅ ਤੋਂ ਮੁਕਤੀ ਪਾ ਸਕਦੇ ਹਾਂ। ਉਹਨਾਂ ਯੋਗ ਸਾਧਕਾਂ ਨੂੰ ਰੋਜ਼ਾਨਾ ਯੋਗ ਕੈਂਪ 'ਚ ਸ਼ਮੂਹਲੀਅਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਇਕੱਤਰ ਯੋਗ ਸਾਧਕਾਂ ਨੇ ਯੋਗ ਅਚਾਰੀਆਂ ਯੋਗੇਸ਼ ਖੁਰਾਣਾ ਨੂੰ ਵਿਸ਼ਵਾਸ਼ ਦਵਾਇਆ ਕਿ ਉਹ ਇਸ ਪੰਜ ਰੋਜ਼ਾ ਕੈਂਪ ਤੋਂ ਬਾਅਦ ਵੀ ਨਿੱਤ ਦਿਨ ਯੋਗ ਕਲਾਸ 'ਚ ਆਇਆ ਕਰਨਗੇ।

ਪੱਤਰਕਾਰ ਸਤਵਿੰਦਰ ਸ਼ਰਮਾ ਨੂੰ ਸਦਮਾ, ਦਾਦੀ ਦਾ ਦਿਹਾਂਤ

ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 17 ਜੂਨ:
=============

ਪੱਤਰਕਾਰ ਸਤਵਿੰਦਰ ਸ਼ਰਮਾ ਦੀ ਦਾਦੀ ਮਾਤਾ ਮਾਇਆ ਦੇਵੀ, ਧਰਮ ਪਤਨੀ ਵੇਦ ਪ੍ਰਕਾਸ਼ ਜੋ 9 ਜੂਨ 2026 ਨੂੰ ਅਕਾਲ ਚਲਾਣਾ ਕਰ ਗਏ ਸਨ, ਉਹਨਾਂ ਦੀ ਮੌਤ ਤੇ ਵੱਖ ਵੱਖ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਤੋਂ ਇਲਾਵਾ ਪੱਤਰਕਾਰ ਭਾਈਚਾਰੇ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦਾ ਭੋਗ 19 ਜੂਨ 2026 (ਸ਼ੁੱਕਰਵਾਰ) ਨੂੰ ਦੁਪਹਿਰ 1:00 ਵਜੇ ਚੜ੍ਹਦੀ ਕਲਾ ਪੈਲਸ, ਪਿੰਡ ਸ਼ਾਦੀ ਹਰੀ, ਜ਼ਿਲ੍ਹਾ ਸੰਗਰੂਰ ਵਿਖੇ ਪਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮਾਤਾ ਮਾਇਆ ਦੇਵੀ ਆਪਣੇ ਪਰਿਵਾਰ ਵਿੱਚ ਪਵਨ ਕੁਮਾਰ ਸ਼ਰਮਾ (ਰਿਟਾਇਰਡ ਸੂਬੇਦਾਰ), ਰਾਜ ਕੁਮਾਰ ਸ਼ਰਮਾ

ਰਾਜੀ,ਬਲਵਿੰਦਰ ਸ਼ਰਮਾ, ਸਪੁੱਤਰੀ ਕਲਾਵਤੀ ਦੇਵੀ, ਪੋਤਰੇ-ਪੋਤਰੀਆਂ ਅਤੇ ਹੋਰ ਸਮੂਹ ਪਰਿਵਾਰਕ ਮੈਂਬਰਾਂ ਦਾ ਪਰਿਵਾਰ ਛੱਡ ਕੇ ਪਰਮਾਤਮਾ ਵਿੱਚ ਲੀਨ ਹੋ ਗਏ ਹਨ। ਸਮੂਹ ਪਰਿਵਾਰ ਵੱਲੋਂ ਰਿਸ਼ਤੇਦਾਰਾਂ, ਸਨੇਹੀਆਂ, ਮਿੱਤਰਾਂ ਅਤੇ ਨਗਰ ਨਿਵਾਸੀਆਂ ਨੂੰ ਭੋਗ ਸਮਾਗਮ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਦੀ ਅਪੀਲ ਕੀਤੀ ਗਈ ਹੈ।

ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਪ੍ਰੋਗਰਾਮਾਂ ਦੀ ਸ਼ੁਰੂਆਤ ਕਰਨੀ ਸ਼ਲਾਘਾਯੋਗ: ਵਿਜਯਾ.ਕੇ. ਰਹਾਟਕਰ

ਆਜ਼ਾਦ ਸੋਚ, ਹਰਵਿੰਦਰ ਸਿੰਘ ਲਾਲੀ, ਪਟਿਆਲਾ, 17 ਜੂਨ:
============

ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਵੱਲੋਂ ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਵੱਲੋਂ ਭਾਰਤ ਦੇ 372 ਜ਼ਿਲਿਆਂ ਵਿੱਚ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਮੁਹਿੰਮ ਤਹਿਤ ਮਿਤੀ 17 ਜੂਨ ਤੋਂ ਲੈ ਕੇ 26 ਜੂਨ ਤੱਕ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦੀ ਸ਼ੁਰੂਆਤ ਸਬੰਧੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਰਾਸ਼ਟਰੀ ਮਹਿਲਾ ਕਮਿਸ਼ਨ ਦੇ ਪ੍ਰਧਾਨ ਸ੍ਰੀਮਤੀ ਵਿਜਯਾ ਰਹਾਟਕਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਡਿਪਟੀ ਕਮਿਸ਼ਨਰ ਪਟਿਆਲਾ ਡਾਕਟਰ ਹਿਮਾਂਸ਼ੂ ਅਗਰਵਾਲ ਨੇ ਕੀਤੀ।ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵਰਿੰਦਰ ਸਿੰਘ ਟਿਵਾਣਾ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਵਿਸ਼ੇਸ਼ ਤੌਰ ਤੇ ਏ ਡੀ ਸੀ ਸ਼ਹਿਰੀ ਨਵਰੀਤ ਕੌਰ ਸੇਖੋਂ, ਐਸ ਡੀ ਐਮ ਪਟਿਆਲਾ ਗੁਰਦੇਵ ਸਿੰਘ ਧੰਮ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪਟਿਆਲਾ ਪ੍ਰਦੀਪ ਸਿੰਘ ਗਿੱਲ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ , ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸ਼ਿਰਕਤ ਕੀਤੀ। ਇਸ ਮੌਕੇ ਰਾਸ਼ਟਰੀ ਮਹਿਲਾ ਕਮਿਸ਼ਨ ਦੇ ਪ੍ਰਧਾਨ ਸ੍ਰੀਮਤੀ ਵਿਜਯਾ .ਕੇ.ਰਹਾਟਕਰ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾਕਟਰ ਹਿਮਾਂਸ਼ੂ ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਅਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਦੀ ਅਗਵਾਈ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਵੱਲੋਂ ਜਾਰੀ ਹੋਏ ਗਤੀਵਿਧੀਆਂ ਦੇ ਕਲੰਡਰ ਅਨੁਸਾਰ ਮਿਤੀ 17 ਜੂਨ ਤੋਂ ਲੈ ਕੇ 26 ਜੂਨ ਤੱਕ ਅੰਤਰਰਾਸ਼ਟਰੀ ਨਸ਼ਿਆਂ ਵਿਰੋਧੀ ਦਿਵਸ ਮਨਾਉਣ ਤੱਕ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਨ ਵੱਖ ਵੱਖ ਪ੍ਰੋਗਰਾਮਾ ਦਾ ਆਯੋਜਨ ਕੀਤਾ ਜਾਣਾ ਹੈ। ਜਿਸ ਸਬੰਧੀ ਪਟਿਆਲਾ ਜ਼ਿਲ੍ਹੇ ਦੇ ਵੱਖ ਵੱਖ ਵਿਭਾਗਾਂ ਨੂੰ ਪੱਤਰ ਜਾਰੀ ਕਰਕੇ ਹਿਦਇਤਾ ਜਾਰੀ ਕਰ ਦਿੱਤੀਆਂ ਹਨ। ਇਸ ਲਈ ਅੱਜ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਵੱਖ ਵੱਖ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਵੱਖ ਵੱਖ ਪਿੰਡਾਂ ਕਸਬਿਆਂ ਵਿੱਚ ਜਾ ਕੇ ਨੌਜਵਾਨਾਂ ਨੂੰ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਦੀ ਸ਼ੁਰੂਆਤ ਕਰਨੀ ਸ਼ਲਾਘਾਯੋਗ ਹੈ।ਉਹਨਾਂ ਕਿਹਾ ਕਿਸ਼ੋਰ ਅਵਸਥਾ ਵਿਚ ਹੀ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ ।ਉਹਨਾਂ ਕਿਹਾ ਕਿ ਅੱਜ ਬਹੁਤ ਹੀ ਚਿੰਤਾ ਦੀ ਗੱਲ ਹੈ ਕਿ ਛੋਟੇ ਛੋਟੇ ਬੱਚੇ ਵੀ ਨਸ਼ਿਆਂ ਦੀ ਦਲਦਲ ਵਿੱਚ ਫਸ ਰਹੇ ਹਨ ਇਸ ਲਈ ਸਾਨੂੰ ਸਾਰਿਆਂ ਨੂੰ ਸਕੂਲ ਪੱਧਰ ਤੇ ਵਿਦਿਆਰਥੀ ਵਰਗ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਚਾਹੀਦਾ ਹੈ।

ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਦੀ ਵੰਡ ਕਰਵਾਈ ਸ਼ੁਰੂ

ਅਜਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 17 ਜੂਨ:
==============

ਪੰਜਾਬ ਸਰਕਾਰ ਵੱਲੋਂ "ਮੇਰੀ ਰਸੋਈ"ਸਕੀਮ ਤਹਿਤ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਬਰਿੰਦਰ ਗੋਇਲ ਦੀ ਅਗਵਾਈ ਹੇਠ ਨੇੜਲੇ ਪਿੰਡ ਲਹਿਲ ਕਲਾਂ ਵਿਖੇ ਆਮ ਆਦਮੀਂ ਪਾਰਟੀ ਦੇ ਬਲਾਕ ਪ੍ਰਧਾਨ ਚਰਨਜੀਤ ਸ਼ਰਮਾਂ, ਪਰਗਰੇਨ ਇੰਚਾਰਜ਼ ਗਗਨਦੀਪ ਬਾਂਸਲ , ਸਰਪੰਚ ਜਸਪਾਲ ਸ਼ਰਮਾਂ, ਗੁਰਪ੍ਰੀਤ ਰੰਧਾਵਾ ਵੱਲੋਂ ਅੱਜ ਗਰੀਬ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਦੀ ਵੰਡ ਸ਼ੰਭੂ ਗੋਇਲ ਅਤੇ ਸੁਰੇਸ਼ ਕੁਮਾਰ ਦੇ ਰਾਸ਼ਨ ਡੀਪੂ ਤੋਂ ਸ਼ੁਰੂ ਕਰਵਾਈ ਗਈ। ਇਸ ਇਸ ਸਮੇਂ ਬਲਾਕ ਪ੍ਰਧਾਨ ਚਰਨਜੀਤ ਸ਼ਰਮਾਂ ਨੇ ਕਿਹਾ, ਕਿ ਭਗਵੰਤ ਮਾਨ ਸਰਕਾਰ ਦਾ ਬਹੁਤ ਵੱਡਾ ਉਪਰਾਲਾ ਹੈ, ਜਿਨਾਂ ਨੇ ਫਰੀ ਕਣਕ ਦੇ ਨਾਲ ਨਾਲ ਦੋ ਕਿਲੋ ਦਾਲ, ਦੋ ਕਿਲੋ ਚੀਨੀ, ਇਕ ਕਿਲੋ ਨਮਕ, ਇਕ ਲੀਟਰ ਸਰੋਂ ਦਾ ਤੇਲ ਅਤੇ 200 ਗ੍ਰਾਮ ਹਲਦੀ ਰਾਸ਼ਨ ਧਾਰਕ ਪਰਿਵਾਰਾਂ ਨੂੰ ਮੁਹਈਆ ਕਰਵਾਇਆ ਹੈ। ਉਨ੍ਹਾਂ ਹਲਕੇ ਦੇ ਸਮੂਹ ਡੀਪੂ ਹੋਲਡਰਾਂ ਨੂੰ ਕਿਹਾ, ਕਿ ਰਾਸ਼ਨ ਕਿੱਟਾਂ ਦੀ ਵੰਡ ਪਾਰਦਰਸ਼ੀ ਤਰੀਕੇ ਨਾਲ ਕੀਤੀ ਜਾਵੇ ਤਾਂ ਜੋ ਹਰੇਕ ਪਰਿਵਾਰ ਦੇ ਘਰੇ ਇਹ ਮੇਰੀ ਰਸੋਈ ਨਾਲ ਸਬੰਧਿਤ ਕਿੱਟ ਪਹੁੰਚ ਸਕੇ। ਇਸ ਸਮੇਂ ਬਲਾਕ ਸੰਮਤੀ ਮੈਂਬਰ ਚਮਕੌਰ ਸਿੰਘ ਸਰਾਓ, ਕੁਲਵਿੰਦਰ ਸਿੰਘ ਕਾਲਾ, ਮਾਸਟਰ ਹਰਪਾਲ ਸ਼ਰਮਾਂ, ਬਲਵਿੰਦਰ ਸਿੰਘ, ਰੇਸ਼ਮ ਸਿੰਘ, ਹਰਵਿੰਦਰ ਸਿੰਘ, ਪਰਗਟ ਸਿੰਘ ਪੰਚ, ਮਹਿੰਦਰ ਸਿੰਘ ਮਿੰਦਾ ਅਤੇ ਹੋਰ ਪਾਰਟੀ ਵਰਕਰ ਅਤੇ ਆਗੂ ਵੀ ਮੌਜੂਦ ਸਨ।

ਐਸ. ਆਈ. ਆਰ ਸਬੰਧੀ ਐਸ.ਜੀ. ਟੀ.ਬੀ ਖਾਲਸਾ ਕਾਲਜ ਵਿੱਚ ਹਲਕੇ ਦੇ ਸੁਪਰਵਾਈਜ਼ਰਾਂ ਅਤੇ ਬੀ.ਐਲ.ਓਜ਼ ਦੀ ਕਰਵਾਈ ਟ੍ਰੇਨਿੰਗ

ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ਼੍ਰੀ ਅਨੰਦਪੁਰ ਸਾਹਿਬ, 17 ਜੂਨ:
============

ਜੂਨ 2026 ਤੋਂ ਪੰਜਾਬ ਵਿੱਚ ਸ਼ੁਰੂ ਹੋ ਰਹੀ ਸਪੈਸ਼ਲ ਗਹਿਰੀ ਸੁਧਾਈ (ਐਸ.ਆਈ.ਆਰ.) ਸਬੰਧੀ ਵਿਧਾਨ ਸਭਾ ਹਲਕਾ 049-ਅਨੰਦਪੁਰ ਸਾਹਿਬ ਦੇ ਸਮੂਹ 233 ਬੀ.ਐਲ.ਓਜ਼, 24 ਸੁਪਰਵਾਈਜ਼ਰਾਂ ਅਤੇ ਵੱਖ-ਵੱਖ ਪਾਰਟੀਆਂ ਦੇ ਬੀ.ਐਲ.ਏ-1 ਦੀ ਟ੍ਰੇਨਿੰਗ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਕਾਨਫਰੰਸ ਹਾਲ ਵਿੱਚ ਕਰਵਾਈ ਗਈ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਚੋਣਕਾਰ ਰਜਿਸਟ੍ਰੇਸ਼ਨ ਅਫਸਰ, ਸੁਖਪਾਲ ਸਿੰਘ, ਪੀ.ਸੀ.ਐਸ. ਕਮ ਐਸ.ਡੀ.ਐਮ., ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦੱਸਿਆ ਗਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਮੁਤਾਬਕ ਸਪੈਸ਼ਲ ਗਹਿਰੀ ਸੁਧਾਈ (ਐਸ.ਆਈ.ਆਰ.) ਦਾ ਪਹਿਲਾ ਰਾਊਂਡ 25 ਜੂਨ ਤੋਂ ਸ਼ੁਰੂ ਹੋਣ ਜਾ ਰਿਹਾ ਹੈ ਕਿ ਵਿੱਚ ਬੀ.ਐਲ.ਓਜ਼ ਘਰ-ਘਰ ਜਾ ਕੇ ਵੋਟਰਾਂ ਦੇ ਵੇਰਵੇ ਇਕੱਤਰ ਕਰਨਗੇ ਅਤੇ ਗਣਨਾ ਫਾਰਮ ਭਰਵਾ ਕੇ ਆਨਲਾਈਨ ਕਰਨਗੇ। ਇਹ ਪ੍ਰਕਿਰਿਆ 24 ਜੁਲਾਈ 2026 ਨੂੰ ਖਤਮ ਹੋਵੇਗੀ ਜਿਸ ਉਪਰੰਤ 3 ਅਗਸਤ 2026 ਨੂੰ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਹੋਵੇਗੀ। ਪਹਿਲੇ ਰਾਊਂਡ ਵਿੱਚ ਸਿਰਫ ਗਣਨਾ ਫਾਰਮ ਭਰੇ ਜਾਣਗੇ ਕੋਈ ਵੀ ਪਰੂਫ ਨਹੀ ਲਿਆ ਜਾਵੇਗਾ। ਇਸ ਸਬੰਧੀ ਉਨਾਂ ਵੋਟਰਾਂ ਦੇ ਸ਼ੰਕੇ ਦੂਰ ਕਰਦਿਆਂ ਸੂਚਿਤ ਕੀਤਾ ਕਿ ਜੇਕਰ ਵੋਟਰ ਵੱਲੋਂ ਗਣਨਾ ਫਾਰਮ ਕਿਸੇ ਵੀ ਕਾਰਨ ਕਰਕੇ ਭਰਿਆ ਨਹੀ ਗਿਆ ਹੈ ਤਾਂ ਉਸ ਨੂੰ ਨੋਟਿਸ ਜਾਰੀ ਕਰਕੇ ਆਪਣੇ ਪਰੂਫ ਜਮਾਂ ਕਰਨ ਦਾ ਮੌਕੇ ਦਿੱਤਾ ਜਾਵੇਗਾ। ਇਸ ਦੌਰਾਨ ਕਿਸੇ ਵੀ ਯੋਗ ਵੋਟਰ ਦੀ ਵੋਟ ਕੱਟੀ ਨਹੀ ਜਾਵੇਗੀ। ਉਨਾਂ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਹਾਜਰ ਬੀ.ਐਲ.ਏ.1 ਨੂੰ ਵੀ ਅਪੀਲ ਕੀਤੀ ਕਿ ਉਹ ਜਲਦ ਤੋਂ ਜਲਦ ਆਪਣੀ-ਆਪਣੀ ਪਾਰਟੀ ਦੇ ਬੀ.ਐਲ.ਏ.-2 ਦੇ ਫਾਰਮ ਭਰ ਕੇ ਦਫਤਰ ਵਿਖੇ ਜਮਾਂ ਕਰਵਾਉਣ ਤਾਂ ਜੋ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਾਰੀ ਪ੍ਰਕਿਰਿਆ ਵਿੱਚ ਸ਼ਾਮਿਲ ਕਰਕੇ ਪਾਰਦਰਸ਼ੀ ਢੰਗ ਨਾਲ ਸਪੈਸ਼ਲ ਗਹਿਰੀ ਸੁਧਾਈ (ਐਸ.ਆਈ.ਆਰ.) ਦਾ ਕੰਮ ਮੁਕੰਮਲ ਕੀਤਾ ਜਾ ਸਕੇ। ਇਸ ਟ੍ਰੇਨਿੰਗ ਵਿੱਚ ਬੀ.ਐਲ.ਓਜ਼ ਤੇ ਸੁਪਰਵਾਈਜ਼ਰਾਂ ਤੋਂ ਇਲਾਵਾ ਸੰਦੀਪ ਕੁਮਾਰ ਤਹਿਸੀਲਦਾਰ, ਸ੍ਰੀ ਅਨੰਦਪੁਰ ਸਾਹਿਬ, ਮਾਸਟਰ ਟ੍ਰੇਨਰ ਰਜਿੰਦਰ ਕੁਮਾਰ, ਅਜੇ ਕੁਮਾਰ ਬੈਂਸ, ਪ੍ਰੇਮ ਕੁਮਾਰ ਧੀਮਾਨ , ਸੰਤੋਸ਼ ਕੁਮਾਰ, ਸੰਦੀਪ ਬਸੀ, ਮੁਕੇਸ਼ ਕੁਮਾਰ ਅਤੇ ਜਤਿੰਦਰ ਸਿੰਘ ਆਦਿ ਹਾਜਰ ਸਨ।

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਨੇ ਅਧਿਕਾਰੀਆਂ ਤੇ ਗਊਸ਼ਾਲਾਵਾਂ ਦੇ ਪ੍ਰਬੰਧਕਾਂ ਨਾਲ ਕੀਤੀਆਂ ਵਿਚਾਰਾਂ

ਆਜ਼ਾਦ ਸੋਚ, ਅਸ਼ਵਨੀ ਭਗਤ, ਪਠਾਨਕੋਟ, 17 ਜੂਨ :
=============

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਅੱਜ ਇਥੇ ਕਿਹਾ ਕਿ ਸੂਬੇ ਭਰ ਵਿਚ ਸੜਕਾਂ ਅਤੇ ਆਮ ਥਾਵਾਂ 'ਤੇ ਘੁੰਮ ਰਹੇ ਬੇਸਹਾਰਾ, ਅਵਾਰਾ ਅਤੇ ਲਵਾਰਸ ਗਊਧਨ ਨੂੰ ਜਲਦ ਹੀ ਸਰਕਾਰੀ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਵਿਚ ਭੇਜਿਆ ਜਾਵੇਗਾ ਤਾਂ ਜੋ ਲੋਕਾਂ ਨੂੰ ਰਾਹਤ ਦਿਵਾਉਣ ਦੇ ਨਾਲ-ਨਾਲ ਸੜਕੀ ਹਾਦਸਿਆਂ ਨਾਲ ਜਾਣ ਵਾਲੀਆਂ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕੇ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਜ਼ਿਲ੍ਹੇ ਦੀਆਂ ਗਊਸ਼ਾਲਾਵਾਂ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਵਿਸਥਾਰਤ ਗੱਲਬਾਤ ਕਰਦਿਆਂ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ ਆਉਂਦੇ ਕੁਝ ਮਹੀਨਿਆਂ ਵਿਚ ਹੀ ਬੇਸਹਾਰਾ ਅਤੇ ਲਵਾਰਸ ਗਊਧਨ ਦੀ ਗਊਸ਼ਾਲਾਵਾਂ ਵਿਚ ਸੁਚੱਜੀ ਸਾਂਭ-ਸੰਭਾਲ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵਲੋਂ ਲਗਾਤਾਰ ਵੱਖ-ਵੱਖ ਜ਼ਿਲ੍ਹਿਆਂ ਵਿਚ ਸਬੰਧਤ ਧਿਰਾਂ ਨਾਲ ਵਿਚਾਰਾਂ ਕਰਕੇ ਜਲਦ ਤੋਂ ਜਲਦ ਗਊਧਨ ਨੂੰ ਸਰਕਾਰੀ ਅਤੇ ਪ੍ਰਾਇਵੇਟ ਗਊਸ਼ਾਲਾਵਾਂ ਵਿਚ ਭੇਜਣ ਦੀ ਪ੍ਰਕਿਰਿਆ ਦੀ ਸਮੀਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਨਗਰ ਨਿਗਮ ਦੇ ਕਮਿਸ਼ਨਰ ਨੂੰ ਹਦਾਇਤ ਕੀਤੀ ਕਿ ਨਿਗਮ ਟੀਮਾਂ ਵਲੋਂ ਸ਼ਹਿਰ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਲਗਾਤਾਰ ਰਾਊਂਡ ਲਾ ਕੇ ਅਜਿਹੇ ਗਊਧਨ ਨੂੰ ਸਰਕਾਰੀ ਜਾਂ ਪ੍ਰਾਇਵੇਟ ਗਊਸ਼ਾਲਾ ਵਿਚ ਭੇਜਣਾ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਬੇਜ਼ੁਬਾਨਾਂ ਦੀ ਸਹੀ ਦੇਖਭਾਲ ਹੋ ਸਕੇ। ਉਪ ਚੇਅਰਮੈਨ ਕੀਮਤੀ ਭਗਤ ਨੇ ਪਸ਼ੂ ਪਾਲਣ ਵਿਭਾਗ ਦੇ ਸਥਾਨਕ ਡਿਪਟੀ ਡਾਇਰੈਕਟਰ ਨੂੰ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਗਊਸ਼ਾਲਾਵਾਂ ਦਾ ਬਿਜਲੀ ਦਾ ਬਿੱਲ ਮੁਆਫ਼ ਹੋਣੋ ਰਹਿੰਦਾ ਹੈ ਉਨ੍ਹਾਂ ਦੇ ਕੇਸ ਜਲਦ ਬਣਾ ਕੇ ਕਮਿਸ਼ਨ ਨੂੰ ਭੇਜੇ ਜਾਣ ਤਾਂ ਜੋ ਇਹ ਕਾਰਜ ਛੇਤੀ ਮੁਕੰਮਲ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਵਿਭਾਗ ਦੀ ਟੀਮ ਵਲੋਂ ਲਗਾਤਾਰ ਗਊਸ਼ਾਲਾਵਾਂ ਵਿਖੇ ਜਾ ਕੇ ਗਊਧਨ ਦਾ ਲੋੜੀਂਦਾ ਟੀਕਾਕਰਨ ਕੀਤਾ ਜਾਵੇ ਅਤੇ ਜ਼ਖਮੀ ਗਊਧਨ ਦਾ ਢੁੱਕਵਾਂ ਇਲਾਜ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਜ਼ਿਲ੍ਹੇ ਦੀਆਂ ਨਗਰ ਕੌਂਸਲਾਂ ਦੇ ਕਾਰਜਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧਿਕਾਰ ਖੇਤਰ ਵਿਚ ਪੈਣ ਵਾਲੀਆਂ ਗਊਸ਼ਾਲਾਵਾਂ ਦੀ ਦੇਖਰੇਖ ਲਈ ਗਊਆਂ ਲਈ ਨਿਰਧਾਰਤ ਸੈੱਸ ਦੀ ਰਕਮ ਵਿਚ ਢੁੱਕਵੀਂ ਰਕਮ ਆਉਂਦੇ ਕੁਝ ਦਿਨਾਂ ਵਿਚ ਜਾਰੀ ਕਰਨੀ ਯਕੀਨੀ ਬਣਾਉਣ ਤਾਂ ਜੋ ਗਊਸ਼ਾਲਾਵਾਂ ਦਾ ਪ੍ਰਬੰਧ ਹੋ ਵਧੀਆ ਤਰੀਕੇ ਨਾਲ ਦੇਖਿਆ ਜਾ ਸਕੇ। ਪੰਜਾਬ ਸਰਕਾਰ ਵਲੋਂ ਸਰਕਾਰੀ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਵਿਚ ਰੱਖੇ ਗਊਧਨ ਲਈ ਚਾਰੇ ਅਤੇ ਹੋਰ ਲੋੜੀਂਦੇ ਖਰਚਿਆਂ ਲਈ ਪ੍ਰਤੀ ਗਾਂ ਰਾਸ਼ੀ ਵਧਾਉਣ ਬਾਰੇ ਉਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਪਸ਼ੂ ਪਾਲਣ ਵਿਭਾਗ ਵਲੋਂ ਨੋਟੀਫਿਕੇਸ਼ਨ ਜਾਰੀ ਕਰਕੇ ਇਹ ਰਾਸ਼ੀ ਵਧਾ ਕੇ ਰੋਜ਼ਾਨਾ 61 ਰੁਪਏ ਪ੍ਰਤੀ ਗਾਂ ਕਰ ਦਿੱਤੀ ਗਈ ਹੈ ਜਿਸ ਨਾਲ ਗਊਸ਼ਾਲਾਵਾਂ ਨੂੰ ਲਾਜ਼ਮੀ ਰਾਹਤ ਮਿਲੇਗੀ। ਉਨ੍ਹਾਂ ਨੇ ਨਿਗਮ ਕਮਿਸ਼ਨਰ ਨੂੰ ਕਿਹਾ ਕਿ ਸ਼ਹਿਰ ਵਿਚ ਗਊਆਂ ਨੂੰ ਅਵਾਰਾ ਛੱਡਣ ਵਾਲੇ ਡੇਅਰੀ ਫਾਰਮਾਂ ਖਿਲਾਫ਼ ਮਿਉਂਸਪਲ ਐਕਟ ਤਹਿਤ ਜ਼ੁਰਮਾਨੇ ਅਤੇ ਕਾਨੂੰਨੀ ਕਾਰਵਾਈ ਦੀ ਪ੍ਰਕਿਰਿਆ ਅਪਨਾਈ ਜਾਵੇ ਤਾਂ ਜੋ ਕੋਈ ਵੀ ਡੇਅਰੀ ਫਾਰਮ ਬੇਜੁ ?ਬਾਨਾਂ ਨੂੰ ਸੜਕਾਂ 'ਤੇ ਆਵਾਰਾ ਨਾਲ ਛੱਡੇ। ਉਨ੍ਹਾਂ ਨੇ ਜ਼ਿਲ੍ਹਾ ਪੁਲਿਸ ਨੂੰ ਵੀ ਹਦਾਇਤ ਕੀਤੀ ਕਿ ਗਊਧਨ ਦੀ ਕਿਸੇ ਵੀ ਤਰ੍ਹਾਂ ਦੀ ਸਮਗਲਿੰਗ ਨਹੀਂ ਹੋਣੀ ਚਾਹੀਦੀ ਅਤੇ ਅਜਿਹੇ ਮਾਮਲਿਆਂ ਵਿਚ ਐਫ.ਆਈ.ਆਰ. ਦਰਜ ਕਰਕੇ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵ ਸ਼੍ਰੀ ਅਰਸ਼ਦੀਪ ਸਿੰਘ ਲੁਬਾਣਾ ਵਧੀਕ ਡਿਪਟੀ ਕਮਿਸ਼ਨਰ (ਜ), ਡਾਕਟਰ ਵਿਜੇ ਕੁਮਾਰ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਵਿਜੇ ਪਾਸੀ, ਪ੍ਰੇਮ ਗਰਗ, ਮਨ ਮਹੇਸ਼, ਰੰਜਨਾ ਮਹਾਜਨ,ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਅਤੇ ਗਊਸ਼ਾਲਾਵਾਂ ਦੇ ਪ੍ਰਬੰਧਕ ਮੌਜੂਦ ਸਨ।

ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 6 ਕੇਸ ਦਰਜ; 7 ਮੁਲਜ਼ਮ ਗ੍ਰਿਫਤਾਰ

ਆਜ਼ਾਦ ਸੋਚ, ਅਮਨਜੋਤ ਸਿੰਘ, ਸੰਗਰੂਰ, 17 ਜੂਨ:
=============

ਡਾ. ਰਵਜੋਤ ਗਰੇਵਾਲ , ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਤਹਿਤ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਲੰਘੇ ਹਫਤੇ ਮਿਤੀ 09.06.2026 ਤੋਂ 15.06.2026 ਦੌਰਾਨ ਡਰੱਗ ਦੇ ਤਹਿਤ 06 ਮੁਕੱਦਮੇਂ ਦਰਜ ਕਰਕੇ 07 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਉਪਰੰਤ ਇਨ੍ਹਾਂ ਪਾਸੋਂ 30.15 ਗ੍ਰਾਮ ਹੈਰੋਇਨ/ਚਿੱਟਾ ਅਤੇ ਆਬਕਾਰੀ ਤਹਿਤ 01 ਮੁਕੱਦਮਾਂ ਦਰਜ ਕਰਕੇ 01 ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 12 ਬੋਤਲਾਂ ਸ਼ਰਾਬ ਠੇਕਾ ਦੇਸੀ ਬ੍ਰਾਮਦ ਕੀਤੀ ਗਈ ਹੈ। ਹੀਨੀਅਸ ਕਰਾਇਮ ਵਾ ਹੋਰ ਜੁਰਮਾਂ ਤਹਿਤ 13 ਕਥਿਤ ਦੋਸ਼ੀਆਨ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਨਸ਼ੇ ਤੋਂ ਨਿਜਾਤ ਦਿਵਾਉਣ ਲਈ 02 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿਚ ਦਾਖਲ ਕਰਵਾਉਣ ਦੇ ਨਾਲ ਨਾਲੇ 02 ਵਿਅਕਤੀਆ ਨੂੰ ਦਵਾਈ ਦਿਵਾਈ ਗਈ ਹੈ। ਇਸਤੋਂ ਇਲਾਵਾ ਥਾਣਾ ਸਿਟੀ-1 ਸੰਗਰੂਰ ਵਿਖੇ ਆਰਮਜ਼ ਐਕਟ ਤਹਿਤ 01 ਮੁਕੱਦਮਾਂ ਦਰਜ ਕਰਕੇ 01 ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 32 ਬੋਰ ਪਿਸਟਲ ਦੇਸੀ ਸਮੇਤ 02 ਜਿੰਦਾ ਕਾਰਤੂਸ ਬ੍ਰਾਮਦ ਕੀਤੇ ਗਏ ਹਨ।ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 184 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 144 ਵਿਅਕਤੀਆਂ ਵਿਰੁੱਧ 172 ਤਹਿਤ ਕਾਰਵਾਈ ਕੀਤੀ ਗਈ ਅਤੇ 11 ਵਿਅਕਤੀਆਂ ਵਿਰੁੱਧ ਰੋਕ ਕਾਰਵਾਈ ਅਮਲ ਵਿਚ ਲਿਆਂਦੀ ਗਈ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਨਸ਼ਿਆਂ ਸਬੰਧੀ ਪੁਲਿਸ ਨੂੰ ਸਮੇਂ ਸਿਰ ਸੂਚਨਾ ਦੇਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਇਤਲਾਹ ਮਿਲਣ 'ਤੇ ਫੌਰੀ ਕਾਨੂੰਨੀ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

ਭਾਸ਼ਾ ਵਿਭਾਗ ਪੰਜਾਬ ਵੱਲੋਂ 'ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਭਾਸ਼ਾ ਪ੍ਰਸੰਗ' ਵਿਸ਼ੇ 'ਤੇ ਕੀਤੀਆਂ ਵਿਚਾਰਾਂ

ਆਜ਼ਾਦ ਸੋਚ, ਹਰਵਿੰਦਰ ਸਿੰਘ ਲਾਲੀ, ਪਟਿਆਲਾ, 17 ਜੂਨ:

ਪੰਜਾਬ ਸਰਕਾਰ ਦੀ ਸਰਪ੍ਰਸਤੀ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਉੱਘੇ ਵਿਦਵਾਨ ਪਦਮਸ੍ਰੀ ਡਾ. ਰਤਨ ਸਿੰਘ ਜੱਗੀ ਦੀ ਯਾਦ 'ਚ ਇਕ ਯਾਦਗਾਰੀ ਭਾਸ਼ਣ ਭਾਸ਼ਾ ਭਵਨ ਪਟਿਆਲਾ ਵਿਖੇ ਕਰਵਾਇਆ ਗਿਆ। 'ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਭਾਸ਼ਾ ਪ੍ਰਸੰਗ' ਵਿਸ਼ੇ 'ਤੇ ਕਰਵਾਏ ਗਏ ਇਸ ਭਾਸ਼ਣ ਦੌਰਾਨ ਡਾ. ਬਲਕਾਰ ਸਿੰਘ ਨੇ ਆਪਣਾ ਭਾਵਪੂਰਤ ਖੋਜ ਪੱਤਰ ਪੜ੍ਹਿਆ।ਸਮਾਗਮ 'ਚ ਹੌਸਲਾ ਅਫ਼ਜ਼ਾਈ ਲਈ ਡਾ. ਗੁਰਸ਼ਰਨ ਕੌਰ ਜੱਗੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਸਮਾਗਮ ਦੀ ਪ੍ਰਧਾਨਗੀ ਸ੍ਰੀ ਬੀ. ਐੱਸ. ਰਤਨ (ਸੇਵਾ ਮੁਕਤ ਆਈ.ਆਰ.ਐਸ.) ਨੇ ਕੀਤੀ। ਡਾ. ਚਰਨਜੀਤ ਕੌਰ ਬਰਾੜ ਨੇ ਡਾ. ਰਤਨ ਸਿੰਘ ਜੱਗੀ ਬਾਰੇ ਵਿਚਾਰ ਪੇਸ਼ ਕੀਤੇ।

ਬੇਦਖਲੀ ਸੂਚਨਾ

ਮੈਂ ਬੇਦੀ ਰਾਮ ਪੁਤਰ ਸ੍ਰੀ ਕੰਦਾ ਰਾਮ ਵਾਸੀ ਪਿੰਡ ਅਲੀਪੁਰ ਜੱਟਾਂ ਤਹਿ: ਵਾ ਜਿਲ੍ਹਾ ਪਟਿਆਲਾ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਚੈਨ ਰਾਮ ਅਤੇ ਇਸਦੀ ਪਤਨੀ ਗੀਨਾ ਦੇਵੀ ਪੁੱਤਰੀ ਸੰਤ ਰਾਮ ਵਾਸੀ ਕਲਰ ਮਾਜਰਾ ਜਿਲ੍ਹਾ ਕੈਥਲ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀਆ ਮਨ ਮਰਜੀਆ ਕਰਦੇ ਹਨ, ਮੈਂ ਇਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਅੱਜ ਤੋਂ ਬਾਅਦ ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਅਤੇ ਇਹ ਆਪਣੇ ਨਫੇ ਨੁਕਸ਼ਾਨ ਦੇ ਖੁਦ ਜਿੰਮੇਵਾਰ ਹੋਣਗੇ। ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਦਰਸ਼ਨ ਸਿੰਘ ਪੁੱਤਰ ਹਰਪਾਲ ਸਿੰਘ ਵਾ ਪਰਮਜੀਤ ਕੌਰ ਪਤਨੀ ਦਰਸ਼ਨ ਸਿੰਘ ਵਾਸੀਆਨ ਪਿੰਡ ਵਜੀਦਪੁਰ, ਡਾਕਖਾਨਾ ਵਜੀਦਪੁਰ, ਤਹਿ ਵਾ ਜਿਲ੍ਹਾ ਪਟਿਆਲਾ ਦੇ ਰਹਿਣ ਵਾਲੇ ਹਾਂ ਅਤੇ ਹਲਫ ਨਾਲ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡਾ ਲੜਕਾ ਨਸ਼ੇ ਦੀ ਹਾਲਤ ਵਿੱਚ ਸਾਡੇ ਨਾਲ ਕੁਟਮਾਰ ਅਤੇ ਗਾਲੀ ਗਲੋਚ ਕਰਦਾ ਹੈ । ਸਾਡੇ ਲੜਕੇ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਦਾ ਰਵੱਈਆ ਸਾਡੇ ਪ੍ਰਤੀ ਮਾੜਾ ਹੋਣ ਕਰਕੇ, ਅੱਜ ਅਸੀਂ ਆਪਣੇ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਨੂੰ ਆਪਣੀ ਹਰ ਕਿਸਮ ਦੀ ਚੱਲ ਵਾ ਅਚੱਲ ਜਾਇਦਾਦ ਤੋ ਬੇਦਖਲ ਕਰਦੇ ਹਾਂ ।ਅੱਜ ਤੋਂ ਬਾਅਦ ਸਾਡਾ ਸਾਡੇ ਮਨਿੰਦਰ ਸਿੰਘ ਅਤੇ ਉਸਦੀ ਘਰਵਾਲੀ ਦਲਾਇਕੀ ਦੇਵੀ ਨਾਲ ਹਰ ਪ੍ਰਕਾਰ ਦਾ ਰਿਸ਼ਤਾ ਕੱਟਦੀ ਤੌਰ ਤੇ ਖਤਮ ਸਮਝਿਆ ਜਾਵੇ,ਸਾਡੇ ਲੜਕੇ ਅਤੇ ਉਸਦੀ ਘਰਵਾਲੀ ਨਾਲ ਕਿਸੇ ਕਿਸਮ ਦਾ ਲੈਣ-ਦੇਣ ਜਾਂ ਕੋਈ ਸੰਬੰਧ ਰੱਖਦਾ ਹੈ, ਤਾਂ ਉਹ ਆਪਣੇ ਹਰ ਤਰ੍ਹਾਂ ਦੇ ਨਫੇ ਨੁਕਸਾਨ ਦਾ ਖੁਦ ਆਪ ਜਿੰਮੇਵਾਰ ਹੋਵੇਗਾ। ਇਸ ਵਿੱਚ ਸਾਡੀ ਕੋਈ ਵੀ ਜਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਤੇਜਿੰਦਰ ਪਾਲ ਸਿੰਘ ਪੁੱਤਰ ਸ੍ਰੀ ਮਾਨ ਸਿੰਘ ਅਤੇ ਗੁਰਮੀਤ ਕੌਰ ਪਤਨੀ ਸ੍ਰੀ ਤੇਜਿੰਦਰ ਪਾਲ ਸਿੰਘ, ਵਾਸੀਆਨ ਮਕਾਨ ਨੰਬਰ 51. ਗਲੀ ਨੰਬਰ 4, ਆਨੰਦ ਨਗਰ-ਏ ਐਕਸਟੈਂਸ਼ਨ, ਪਟਿਆਲਾ ਹਲਫ ਨਾਲ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਨੈ ਪਾਲ ਸਿੰਘ ਹੈ ਅਤੇ ਉਸ ਦੀ ਪਤਨੀ ਪ੍ਰਭਜੋਤ ਸੰਧੂ ਪਤਨੀ ਵਿਨੈ ਪਾਲ ਸਿੰਘ, ਸਾਡੀ ਨੂੰਹ ਸਾਨੂੰ ਤੰਗ ਤੇ ਪਰੇਸ਼ਾਨ ਕਰਦੇ ਹਨ, ਸਾਡੇ ਨਾਲ ਲੜਾਈ ਝਗੜਾ ਕਰਦੇ ਰਹਿੰਦੇ ਹਨ ਤੇ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਵਿਨੈ ਪਾਲ ਸਿੰਘ, ਉਸ ਦੀ ਪਤਨੀ ਪ੍ਰਭਜੋਤ ਸੰਧੂ ਨੂੰ ਆਪਣੀ ਜਾਇਦਾਦ ਅਤੇ ਹੋਰ ਸਾਰੀ ਚਲ ਅਤੇ ਅਚਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ ਅਤੇ ਅੱਜ ਤੋਂ ਬਾਅਦ ਵਿਨੈ ਪਾਲ ਸਿੰਘ, ਉਸ ਦੀ ਪਤਨੀ ਪ੍ਰਭਜੋਤ ਸੰਧੂ ਦਾ ਸਾਡੀ ਚਲ ਅਤੇ ਅਚਲ ਜਾਇਦਾਦ ਨਾਲ ਕੋਈ ਤਾਲੁਕ ਜਾਂ ਵਾਸਤਾ ਨਾ ਹੋਵੇਗਾ ਅਤੇ ਨਾ ਹੀ ਇਸ ਵਿਚ ਉਹਨਾਂ ਦਾ ਕੋਈ ਕਾਨੂੰਨੀ ਹੱਕ ਹੋਵੇਗਾ। ਜੋ ਕੋਈ ਵਿਨੈ ਪਾਲ ਸਿੰਘ ਅਤੇ ਉਸ ਦੀ ਪਤਨੀ ਪ੍ਰਭਜੋਤ ਸੰਧੂ ਨਾਲ ਲੈਣ ਦੇਣ ਕਰੇਗਾ ਉਹ ਖੁਦ ਹੀ ਉਸ ਦਾ ਜਿੰਮੇਵਾਰ ਹੋਵੇਗਾ ਇਸ ਵਿਚ ਸਾਡੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਜ਼ਿਲ੍ਹਾ ਫਿਰੋਜ਼ਪੁਰ ਦੀਆਂ 2 ਹੋਣਹਾਰ ਵਿਦਿਆਰਥਣਾਂ ਨੇ ਸੂਬੇ ਅਤੇ ਦੇਸ਼ ਪੱਧਰ ‘ਤੇ ਚਮਕਾਇਆ ਨਾਮ :ਦੀਪਸ਼ਿਖਾ ਸ਼ਰਮਾ

ਆਜ਼ਾਦ ਸੋਚ, ਰਮਨਦੀਪ ਕੁੱਲਗੜ੍ਹੀ, ਫ਼ਿਰੋਜ਼ਪੁਰ, 17 ਜੂਨ:
=============

ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ (ਆਈ.ਏ.ਐਸ.) ਵੱਲੋਂ ਜ਼ਿਲ੍ਹੇ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਜਸ਼ਨਦੀਪ ਕੌਰ ਅਤੇ ਅਨਮੋਲਪ੍ਰੀਤ ਕੌਰ ਦੀਆਂ ਸਿਖਿਆ ਦੇ ਖੇਤਰ ਵਿੱਚ ਵਿਸ਼ੇਸ਼ ਪ੍ਰਾਪਤੀਆਂ ‘ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਇਨ੍ਹਾਂ ਵਿਦਿਆਰਥਣਾਂ ਦੀ ਹੌਸਲਾ ਅਫਜਾਈ ਵਾਸਤੇ ਇਹਨਾਂ ਦਾ ਵਿਸ਼ੇਸ਼ ਤੌਰ ‘ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਮੁਨੀਲਾ ਅਰੋੜਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਡਾ. ਸਤਿੰਦਰ ਸਿੰਘ ਵੀ ਵਿਸ਼ੇਸ਼ ਤੌਰ ‘ਤੇ ਹਾਜ਼ਰ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਆਪਣੇ ਪ੍ਰੇਰਨਾਦਾਇਕ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵੱਧਣ ਅਤੇ ਖ਼ੂਬ ਤਰੱਕੀ ਕਰਨ ਦੀ ਪ੍ਰੇਰਨਾ ਦਿੰਦਿਆਂ ਸਖਤ ਮਿਹਨਤ ਕਰਨ ਦੀ ਗੱਲ ਕਹੀ। ਉਨ੍ਹਾਂ ਨੇ ਜ਼ਿੰਦਗੀ ਵਿੱਚ ਸਕਾਰਾਤਮਕ ਸੋਚ ਅਪਣਾਉਣ ਅਤੇ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਠੱਠਾ ਕਿਸ਼ਨ ਸਿੰਘ ਦੀ ਵਿਦਿਆਰਥਣ ਜਸ਼ਨਦੀਪ ਕੌਰ ਪੁੱਤਰੀ ਕਰਮਪਾਲ ਸਿੰਘ ਨੇ ਜੇ.ਈ.ਈ. ਮੇਨਜ਼ ਅਤੇ ਜੇ.ਈ.ਈ. ਐਡਵਾਂਸਡ ਪ੍ਰੀਖਿਆਵਾਂ ਸਫਲਤਾਪੂਰਵਕ ਪਾਸ ਕਰਕੇ ਭਾਰਤੀ ਤਕਨਾਲੋਜੀ ਸੰਸਥਾਨ (ਆਈ.ਆਈ.ਟੀ.) ਦਿੱਲੀ ਵਿੱਚ ਦਾਖਲਾ ਪ੍ਰਾਪਤ ਕੀਤਾ ਹੈ। ਇਸ ਪ੍ਰਾਪਤੀ ਨਾਲ ਸਕੂਲ, ਪਰਿਵਾਰ ਅਤੇ ਪੂਰੇ ਜ਼ਿਲ੍ਹੇ ਦਾ ਮਾਣ ਵਧਿਆ ਹੈ।ਇਸੇ ਤਰ੍ਹਾਂ ਸ਼ਹੀਦ ਗੁਰਦਾਸ ਰਾਮ ਮੈਮੋਰੀਅਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਜ਼ੀਰਾ ਦੀ ਵਿਦਿਆਰਥਣ ਅਨਮੋਲਪ੍ਰੀਤ ਕੌਰ, ਜੋ ਇਸ ਸਮੇਂ ਬਾਰ੍ਹਵੀਂ ਜਮਾਤ (ਸਾਇੰਸ ਸਟਰੀਮ) ਦੀ ਵਿਦਿਆਰਥਣ ਹੈ, ਨੇ ਆਪਣੀ ਵਿਲੱਖਣ ਅਕਾਦਮਿਕ ਯੋਗਤਾ ਨਾਲ ਲਗਾਤਾਰ ਨਵੀਆਂ ਕਾਮਯਾਬੀਆਂ ਪ੍ਰਾਪਤ ਕੀਤੀਆਂ ਹਨ, ਇਸ ਨੇ ਅੱਠਵੀਂ ਜਮਾਤ ਦੀ ਮੈਰਿਟ ਸੂਚੀ, ਦਸਵੀਂ ਜਮਾਤ ਦੀ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕੀਤਾ ਸੀ। ਇਸ ਤੋਂ ਇਲਾਵਾ, ਉਸਨੇ ਨੈਸ਼ਨਲ ਮੀਨਜ਼ ਕਮ ਮੈਰਿਟ ਸਕਾਲਰਸ਼ਿਪ (ਐਨ.ਐਮ.ਐਮ.ਐਸ.) ਪ੍ਰੀਖਿਆ ਵਿੱਚ ਪੰਜਾਬ ਭਰ ਵਿੱਚ ਦੂਜਾ ਅਤੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ।

ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਅਨਮੋਲਪ੍ਰੀਤ ਦੀਆਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਨੂੰ ਦੇਖਦੇ ਹੋਏ ਭਾਰਤ ਸਰਕਾਰ ਵੱਲੋਂ ਉਸਦੀ ਚੋਣ ਜਾਪਾਨ ਦੇ ਸਾਕੂਰਾ ਹਾਈ ਸਕੂਲ ਪ੍ਰੋਗਰਾਮ ਲਈ ਕੀਤੀ ਗਈ। ਇਸ ਤਹਿਤ ਉਹ 24 ਮਈ ਤੋਂ 31 ਮਈ ਤੱਕ ਜਾਪਾਨ ਵਿੱਚ ਆਯੋਜਿਤ ਗਿਆਨ ਵਟਾਂਦਰਾ (ਨਾਲੇਜ ਐਕਸਚੇਂਜ) ਪ੍ਰੋਗਰਾਮ ਵਿੱਚ ਸ਼ਾਮਲ ਹੋ ਕੇ ਵਾਪਸ ਪਰਤੀ ਹੈ, ਇਸ ਵਿਲੱਖਣ ਪ੍ਰਾਪਤੀ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਮੁਨੀਲਾ ਅਰੋੜਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਲਗਾਤਾਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ‘ਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣਦੀਆਂ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਮਿਲ ਰਹੀ ਗੁਣਵੱਤਾਪੂਰਨ ਸਿੱਖਿਆ ਦਾ ਪ੍ਰਮਾਣ ਹਨ। ਸਨਮਾਨ ਸਮਾਰੋਹ ਦੌਰਾਨ ਪ੍ਰਿੰਸੀਪਲ ਰਾਕੇਸ਼ ਸ਼ਰਮਾ ਡੀਐਸਐਮ, ਪ੍ਰਿੰਸੀਪਲ ਸੁਖਵਿੰਦਰ ਸਿੰਘ, ਇੰਚਾਰਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਠੱਠਾ ਕਿਸ਼ਨ ਸਿੰਘ ਹਿਤਪਾਲ ਸਿੰਘ, ਗਾਈਡ ਅਧਿਆਪਕ ਗੁਰਸੇਵਕ ਸਿੰਘ ਸਾਇੰਸ ਮਾਸਟਰ, ਬੀਆਰਸੀ ਗੁਰਪ੍ਰੀਤ ਸਿੰਘ, ਬੀਆਰਸੀ ਗੁਰਦੇਵ ਸਿੰਘ, ਬੀਆਰਸੀ ਸੰਦੀਪ ਕੁਮਾਰ, ਸਟੈਨੋ ਸੁਖਚੈਨ ਸਿੰਘ ਆਦਿ ਵੀ ਹਾਜ਼ਰ ਸਨ।

ਪਿੰਡ ਢੁੱਡੀ ਵਿਖੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਲੋਕ ਮਿਲਣੀ ਕਰਕੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

ਆਜ਼ਾਦ ਸੋਚ, ਗੁਲਜ਼ਾਰ ਮਦੀਨਾ, ਸਾਦਿਕ, 17 ਜੂਨ:
=============

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪਿੰਡ ਢੁੱਡੀ ਵਿਖੇ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਸੁਣੀਆਂ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਘਰ-ਘਰ ਸਰਕਾਰੀ ਸੇਵਾਵਾਂ ਅਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦਾ ਮੁੱਖ ਉਦੇਸ਼ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ ’ਤੇ ਹੀ ਨਿਪਟਾਰਾ ਕਰਨਾ ਅਤੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਦੇਣਾ ਹੈ। ਪਿੰਡ ਵਾਸੀਆਂ ਨੇ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਪੀਕਰ ਸਾਹਿਬ ਦੇ ਧਿਆਨ ਵਿੱਚ ਲਿਆਂਦੇ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਵੱਲੋਂ ਉਠਾਏ ਗਏ ਮਸਲਿਆਂ ਦੇ ਤੁਰੰਤ ਅਤੇ ਤਰਜੀਹੀ ਆਧਾਰ ’ਤੇ ਹੱਲ ਲਈ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਜਲੌਰ ਸਿੰਘ ਸਰਪੰਚ, ਲਾਡੀ ਢੁੱਡੀ, ਜਸਵਿੰਦਰ ਸਿੰਘ ਢੁੱਡੀ, ਕਰਨਵੀਰ ਸੰਘਾ, ਵੀਰੂ ਢੁੱਡੀ, ਜਸਵੀਰ ਸਿੰਘ ਮੈਂਬਰ, ਧਰਮ ਸਿੰਘ ਮੈਂਬਰ, ਗੁਰਚਰਨ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਮੈਂਬਰ, ਪ੍ਰਤਾਪ ਸਿੰਘ ਮਾਨ, ਜੱਗੀ ਸੇਖੋਂ, ਗਿਆਨ ਸਿੰਘ ਫੌਜੀ, ਬਲਦੇਵ ਸਿੰਘ ਸੰਧੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਪੰਜਾਬ ਟ੍ਰੇਡ ਕਮਿਸ਼ਨ ਵਲੋਂ ਵੱਡੀ ਮੰਗ ਪੂਰੀ

ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ, ਘਨੌਰ, 17 ਜੂਨ:
=============

ਮਹਿੰਦਰਗਜ ਬਾਜ਼ਾਰ ਦੇ ਦੁਕਾਨਦਾਰਾਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਜਦੋਂ ਬਾਜ਼ਾਰ ਦੀ ਦਹਾਕਾ ਪੁਰਾਣੀ ਮੰਗ ਪੂਰੀ ਹੋ ਗਈ। ਜਾਣਕਾਰੀ ਦਿੰਦਿਆ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮਹਿੰਦਰਗੰਜ ਬਾਜ਼ਾਰ ਵਿਚ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਟਿੰਕੂ ਬਾਂਸਲ ਦੀ ਅਗਵਾਈ ਹੇਠ ਵਪਾਰੀਆਂ ਦੀ ਮੀਟਿੰਗ ਹੋਈ ਸੀ ਜਿਸ ਵਿੱਚ ਦੁਕਾਨਦਾਰ ਵੀਰਾਂ ਨੇ ਦੱਸਿਆ ਕਿ ਕਰੀਬ ਇਕ ਦਹਾਕੇ ਤੋਂ ਪੁਰਾਣਾ ਬੱਸ ਸਟੈਂਡ ਵਿਚ ਬੱਸਾਂ ਨਾ ਆਉਣ ਕਾਰਨ ਕੰਮ ਕਾਰ ਠੱਪ ਹੋਣ ਕਾਰਨ ਦੁਕਾਨਦਾਰ ਆਪਣੀਆਂ ਦੁਕਾਨਾਂ ਘੱਟ ਰੇਟ ਤੇ ਵੇਚਣ ਲਈ ਮਜਬੂਰ ਸਨ ਅਤੇ ਦੁਕਾਨਾਂ ਵੇਚਣ ਉਪਰੰਤ ਕਿਸੇ ਹੋਰ ਦੁਕਾਨ ਤੇ ਨੌਕਰੀ ਕਰਨ ਲਈ ਮਜਬੂਰ ਸਨ । ਗੁਰਪ੍ਰੀਤ ਸਿੰਘ ਧਮੋਲੀ ਨੇ ਦੱਸਿਆ ਕਿ ਇਨਾਂ ਦੀ ਮੰਗ

ਪੰਜਾਬ ਟ੍ਰੇਡ ਕਮਿਸ਼ਨ ਦੀਆਂ ਬੈਠਕਾਂ ਵਿਚ ਜੋਰਦਾਰ ਢੰਗ ਨਾਲ ਰੱਖਣ ਅਤੇ ਲਗਾਤਾਰ ਮਿਹਨਤ ਨਾਲ ਅੱਜ ਪਟਿਆਲਾ ਤੋਂ ਦਿੱਲੀ ,ਚੰਡੀਗੜ੍ਹ, ਮੁਹਾਲੀ, ਅੰਬਾਲਾ ਆਉਣ ਅਤੇ ਜਾਣ ਵਾਲੀਆਂ ਬੱਸਾਂ ਸ਼ੁਰੂ ਹੋ ਗਈਆਂ ਹਨ ਇਸ ਖੁਸ਼ੀ ਵਿਚ ਦੁਕਾਨਦਾਰ ਵੀਰਾਂ ਵਲੋਂ ਪੰਜਾਬ ਟ੍ਰੇਡ ਕਮਿਸ਼ਨ ਦੇ ਵਾਈਸ ਚੇਅਰਮੈਨ ਪਟਿਆਲਾ ਗੁਰਪ੍ਰੀਤ ਸਿੰਘ ਧਮੋਲੀ ਅਤੇ ਹਲਕਾ ਰਾਜਪੁਰਾ ਦੇ ਚੇਅਰਮੈਨ ਟਿੰਕੂ ਬਾਂਸਲ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਹ ਬੱਸਾਂ ਰਾਜਪੁਰਾ ਟਾਊਨ ਅਤੇ ਪੁਰਾਣਾ ਬੱਸ ਸਟੈਂਡ ਰੇਲਵੇ ਸਟੇਸ਼ਨ ਰਾਹੀਂ ਚੱਲਣ ਨਾਲ ਮਹਿੰਦਰਗੰਜ ਬਾਜ਼ਾਰ ਵਿਚ ਰੌਣਕਾਂ ਲੱਗਣਗੀਆਂ ਅਤੇ ਟਾਊਨ ਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ । ਇਸ ਮੌਕੇ ਪੰਜਾਬ ਟ੍ਰੇਡ ਕਮਿਸ਼ਨ ਰਾਜਪੁਰਾ ਦੇ ਮੈਂਬਰ ਮੁਕੇਸ਼ ਗੁਪਤਾ, ਕੀਰਤ ਸਿੰਘ ਸੇਹਰਾ,ਡਾਕਟਰ ਅਸ਼ੋਕ, ਮਨੀਸ਼ ਸੂਦ, ਸੁਖਵਿੰਦਰ ਸਿੰਘ ਸੁੱਖੀ ਚੀਫ ਇੰਸਪੈਕਟਰ ਪੀ ਆਰ ਟੀ ਸੀ, ਇੰਸਪੈਕਟਰ ਗੁਰਤੇਜ ਸਿੰਘ, ਇੰਸਪੈਕਟਰ ਜਸਪਾਲ ਸਿੰਘ, ਬਲਜਿੰਦਰ ਸਿੰਘ ਅੱਡਾ ਇੰਚਾਰਜ ਰਾਜਪੁਰਾ, ਲੱਕੀ ਪ੍ਰਧਾਨ ,ਵਿਕਾਸ ਵਰਮਾ, ਸਚਿਨ ਬਾਂਸਲ, ਜਸਵਿੰਦਰ ਸਿੰਘ, ਰਾਜਿੰਦਰ ਕੁਮਾਰ, ਜਸਵੰਤ ਸਿੰਘ ਪ੍ਰਧਾਨ ਟੈਕਸੀ ਸਟੈਂਡ, ਮੋਹਨ ਬੇਕਰੀ, ਚੌਹਾਨ ਟੇਲਰ, ਗੁਰਿੰਦਰ ਸਿੰਘ ਹਾਜ਼ਰ ਸਨ।

ਸੀਬਾ ਸਕੂਲ ਦੇ ਪ੍ਰਬੰਧਕ ਨੇ ਕੀਤਾ ਜਰਮਨੀ ਸਕੂਲਾਂ ਦਾ ਦੌਰਾ

ਅਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 17 ਜੂਨ:
=============

ਸੀਬਾ ਇੰਟਰਨੈਸ਼ਨਲ ਪਬਲਿਕ ਸਕੂਲ ਲਹਿਰਾਗਾਗਾ ਦੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਅੰਤਰਰਾਸ਼ਟਰੀ ਸੰਸਥਾ ਡਿਡੈਕਟਿਕ ਦੇ ਨਾਲ ਮਿਲ ਕੇ ਭਾਰਤ ਦੇ ਸਿੱਖਿਆ ਨੁਮਾਇੰਦੇ ਦੇ ਤੌਰ ‘ਤੇ ਜਰਮਨ ਦੇ ਸਕੂਲ ਸਿੱਖਿਆ ਸਿਸਟਮ ਅਤੇ ਸਕਿਲ ਐਜੂਕੇਸ਼ਨ ਨੂੰ ਜਾਣਨ ਦੇ ਤੌਰ ‘ਤੇ 15 ਰੋਜ਼ਾ ਦੌਰਾ ਕੀਤਾ। ਉਨ੍ਹਾਂ ਇਸ ਦੌਰਾਨ ਸਟਿਕ ਗਾਰਡ ਹੈਡਲਬਰਗ ਅਤੇ ਫਰੈਂਕਫੋਡ ਦੇ ਪ੍ਰਾਇਮਰੀ, ਹਾਈ ਸਕੂਲਾਂ ਤੋਂ ਇਲਾਵਾ ਵਿਸ਼ਵ ਪ੍ਰਸਿੱਧ ਹੈਡਲਬਰਕ ਅਤੇ ਮੈਨਹਮ ਯੂਨੀਵਰਸਿਟੀ ਜੋ ਕਿ 260 ਸਾਲ ਪੁਰਾਣੀ ਸੰਸਥਾ ਹੈ,ਦਾ ਦੌਰਾ ਕੀਤਾ। ਇਸ ਵਕਤ ਵਿਚ ਦਿੱਲੀ, ਉੱਤਰਾਖੰਡ, ਯੂ.ਪੀ, ਐਮ.ਪੀ, ਮਹਾਰਾਸ਼ਟਰ, ਅਸਾਮ, ਕੇਰਲਾ, ਕਲਕੱਤਾ ਤੋਂ ਇਲਾਵਾ ਪੰਜਾਬ ਦੇ ਫਿਰੋਜ਼ਪੁਰ ਡੀ.ਸੀ.ਐਮ ਗਰੁੱਪ ਦੇ ਸਕੂਲ ਪ੍ਰਬੰਧਕ ਸ਼ਾਮਿਲ ਸਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੰਵਲਜੀਤ ਸਿੰਘ ਢੀਂਡਸਾ ਨੇ ਦੱਸਿਆ, ਕਿ ਜਰਮਨ ਵਿਚ ਬਹੁਤੀ ਬੇਸਿਕ ਪੜ੍ਹਾਈ ਮਾਤ ਭਾਸ਼ਾ ਵਿਚ ਹੁੰਦੀ ਹੈ ਅਤੇ ਹੁਨਰ ਵਿਕਾਸ ਲਈ ਸਕੂਲ ਵਿਚ ਖਰਾਦ ਡਰਿਲ ਆਰੀ ਚਲਾਉਣ ਤੋਂ ਲੈ ਕੇ ਬਾਹਰੀ ਸੰਸਾਰ ਦੇ ਜਾਣਕਾਰੀ ਲਈ ਪੇਂਟ ਪੌਦਿਆਂ ਦੇ ਨਾਲ-ਨਾਲ ਕੀਟ ਪਤੰਗਿਆਂ ਦੀ ਜਾਣਕਾਰੀ ਲਈ ਕਈ ਡਿਵਾਈਸਾਂ ਦੇ ਸਹਿਯੋਗ ਨਾਲ ਸਿੱਖਦੇ ਹਨ। ਜ਼ਿਆਦਾਤਰ ਪੜ੍ਹਾਈ ਪ੍ਰੈਕਟੀਕਲ ਰੂਪ ਵਿਚ ਹੁੰਦੀ ਹੈ ਅਤੇ ਕਿਸੇ ਵੀ ਬੱਚੇ ਨੂੰ ਵਰਦੀ ਜ਼ਰੂਰੀ ਨਹੀਂ ਹੈ। ਸਵੈ-ਅਨੁਸ਼ਾਸਨ ਪੂਰਾ ਹੁੰਦਾ ਹੈ। ਇਸ ਵਕਤ ਨੇ ਬਕਾਇਦਾ ਜਰਮਨ ਸਰਕਾਰ ਦੇ ਸਹਿਯੋਗ ਨਾਲ ਕਲਾਸ ਰੂਮ ਵਿੱਚ ਬੈਠ ਕੇ ਪੜ੍ਹਾਉਣ ਦੇ ਤਰੀਕੇ, ਸਿਲੇਬਸ ਅਤੇ ਵਿਸ਼ਿਆਂ ਦੀ ਵਿਸਥਾਰ ਪੂਰਵਕ ਜਾਣਕਾਰੀ ਲਈ ਅਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸੰਵਾਦ ਕੀਤਾ। ਸ਼ਿਸ਼ਟਾਚਾਰ ਅਤੇ ਸਲੀਕਾ ਉੱਥੋਂ ਦੀ ਪਹਿਚਾਣ ਹੈ।ਪਹਿਲੀ ਕਾਰ ਬਣਾਉਣ ਵਾਲੀ ਕੰਪਨੀ ਬੈਂਸ ਮਰਸਡੀ ਦਾ ਵਿਸ਼ਾਲ ਮਿਊਜ਼ੀਅਮ ਵਿਚ ਕਾਰਾਂ ਅਤੇ ਤਕਨੀਕ ਦਾ ਵਿਕਾਸ ਵੇਖਣ ਵਾਲਾ ਹੈ, ਜਿਸ ਵਿਚ ਮਹਾਤਮਾ ਗਾਂਧੀ ਦਾ ਉਚੇਚੇ ਤੌਰ ‘ਤੇ ਜ਼ਿਕਰ ਹੈ। ਉਨ੍ਹਾਂ ਕਿਹਾ ਕਿ ਉਹ ਆਪਣੀ ਸੰਸਥਾ ਵਿਚ ਵੀ ਸਿੱਖਿਆ ਦੇ ਤੌਰ ਤਰੀਕਿਆਂ ਨੂੰ ਬਦਲਣਗੇ ਅਤੇ ਨਾਲ-ਨਾਲ ਵਿਸ਼ੇਸ਼ ਟ੍ਰੇਨਿੰਗਾਂ ਅਤੇ ਵਰਕਸ਼ਾਪਾਂ ਰਾਹੀਂ ਬਾਕੀ ਸੰਸਥਾਵਾਂ ਦੇ ਵਿਕਾਸ ਵਿਚ ਯੋਗਦਾਨ ਪਾਉਣਗੇ। ਉਨ੍ਹਾਂ ਇਹ ਦੌਰਾ ਕਰਾਉਣ ਵਾਲੀ ਸੰਸਥਾ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਵਿੱਦਿਆ ਦੇ ਸਿਰਜਣਾਤਮਿਕ ਖੇਤਰ ਵਿਚ ਵਿਸ਼ੇਸ਼ ਸਥਾਨ ਰੱਖਣ ਵਾਲੇ ਕੰਵਲਜੀਤ ਸਿੰਘ ਢੀਂਡਸਾ ਇਸ ਤੋਂ ਪਹਿਲਾਂ ਫਿਨਲੈਂਡ, ਇੰਗਲੈਂਡ ਅਤੇ ਜਪਾਨ ਦੇ ਸਕੂਲਾਂ ਦੀ ਸਟੱਡੀ ਕਰ ਚੁੱਕੇ ਹ।

ਗਊਆਂ ਦੀ ਸੇਵਾ ਕਰਨ ਨਾਲ ਹੁੰਦਾ ਜੀਵਨ ਸਫ਼ਲ

ਆਜ਼ਾਦ ਸੋਚ, ਸੂਦ, ਅੰਟਾਲ, ਘਨੌਰ, 17 ਜੂਨ:
=============

ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਵਿਖੇ ਗਊਆਂ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੀ ਜਾਂਦੀ ਹੈ। ਇਹ ਗਊਸ਼ਾਲਾ ਇਲਾਕ ?ਾ ਵਾਸੀਆਂ ਦੇ ਸਹਿਯੋਗ ਨਾਲ ਚੱਲ ਰਹੀ ਹੈ ਇਥੇ 600 ਤੋਂ ਵੱਧ ਗਊਆਂ ਹਨ ਇਨ੍ਹਾਂ ਗਊਆਂ ਦੀ ਦੇਖਭਾਲ ਗਊਸ਼ਾਲਾ ਦੇ ਪ੍ਰਧਾਨ ਗੁਲਸ਼ਨ ਕੁਮਾਰ ਦੀ ਅਗਵਾਈ ਹੇਠ ਬਹੁਤ ਹੀ ਸੁਚੱਜੇ ਢੰਗ ਨਾਲ ਕੀਤੀ ਜਾਂਦੀ ਹੈ। ਇਥੇ ਸੇਵਾਦਾਰ ਸਫ਼ਾਈ ਕਰਨ ਤੋਂ ਲੈ ਕੇ ਗਊਆਂ ਲਈ ਸੰਨੀਆ ਤੱਕ ਵੀ ਆਪਣੇ ਹੱਥੀਂ ਕਰਦੇ ਹਨ ਇਥੇ ਸੇਵਾਦਾਰ ਤਨ-ਮਨ-ਧਨ ਨਾਲ ਪੂਰੀ ਤਨਦੇਹੀ ਨਾਲ ਨਿਭਾਉਂਦੇ ਹਨ। ਇਥੇ ਦੱਸਣਾ ਬਣਦਾ ਹੈ ਕਿ ਬਹੁਤ ਸਾਰੇ ਸੇਵਾਦਾਰ ਕਰੀਬ 15-16 ਸਾਲਾਂ ਤੋਂ ਗਊਮਾਤਾ ਜੀ ਦੀ ਸੇਵਾ ਨਿਰਸਵਾਰਥ ਨਿਭਾ ਰਹੇ ਹਨ ਅਤੇ ਕਰੀਬ 15 ਸੇਵਾਦਾਰ ਐਸੇ ਜੁੜੇ ਹੋਏ ਹਨ ਜੋ ਹਰ ਮਹੀਨੇ ਹਰੇ ਚਾਰੇ ਦੀ ਟਰਾਲੀ ਦਾਨ ਵਿੱਚ ਦਿੰਦੇ ਹਨ ਪਰ 15 ਸੇਵਾਦਾਰ ਵੀਰਾਂ ਦੀ ਹੋਰ ਲੋੜ ਹੈ ਜੋਂ ਹਰ ਮਹੀਨੇ ਹਰੇ ਚਾਰੇ ਦੀ ਟਰਾਲੀ ਦੇ ਸਕਦੇ ਹੋਣ ਤਾਂ ਜੋ ਹਰ ਰੋਜ਼ ਇੱਕ ਟਰਾਲੀ ਹਰੇ ਚਾਰੇ ਦੀ ਆ ਜਾਵੇ ਤਾਂ ਜੋ ਗਊਮਾਤਾ ਪੇਟ ਭਰ ਕੇ ਖਾਂ ਸਕੇਂ ਇਲਾਕ ?ਾ ਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਵੱਧ ਤੋਂ ਵੱਧ ਗਊਆਂ ਦੀ ਸੇਵਾ ਕਰਨ ਲਈ ਸ੍ਰੀ ਕ੍ਰਿਸ਼ਨ ਜੀ ਗਊਸ਼ਾਲਾ ਘਨੌਰ ਨਾਲ ਜੁੜੋਂ ਅਤੇ ਗਊਮਾਤਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰੋ ਅਤੇ ਆਪਣਾ ਜੀਵਨ ਸਫਲ ਬਣਾਉ। ਆਸ਼ੂ ਸਿੰਗਲਾ,ਧਰਮਪਾਲ ਵਰਮਾ, ਜਰਨੈਲ ਸਿੰਘ, ਸਤਪਾਲ ਸ਼ਰਮਾ, ਤਰਸੇਮ ਬਾਂਸਲ, ਰਾਜੀਵ ਸ਼ਰਮਾ, ਗੁਰਪ੍ਰੀਤ ਸਿੰਘ,ਕ੍ਰਿਸ਼ਨ ਵਰਮਾ, ਬਲਬੀਰ ਸ਼ਰਮਾ, ਵਰਿੰਦਰ ਸਿੰਘ ਬਿੱਟੂ, ਭੁਪਿੰਦਰ ਸਿੰਘ, ਲਵਲੀ ਗੋਇਲ, ਸ਼ੈਟੀ ਗੋਇਲ, ਰਾਹੁਲ ਗੋਇਲ, ਆਸ਼ੂ ਸ਼ਰਮਾ,ਰਜੀਵ ਸੂਦ,ਗੌਤਮ ਸੂਦ, ਪ੍ਰਵੀਨ ਸੂਦ,ਅਤੇ ਮਦਨ ਲਾਲ ਸਮੇਤ ਹੋਰ ਵੀ ਸੇਵਾਦਾਰ ਆਪਣੀ ਸੇਵਾ ਬਾਖੂਬੀ ਨਿਭਾਉਂਦੇ ਹਨ।

ਮੈਡਮ ਰਜ਼ੀਆ ਸੁਲਤਾਨਾ ਦੇ ਵਿਕਾਸ ਕਾਰਜਾਂ ਨੂੰ ਲੋਕ ਅੱਜ ਵੀ ਕਰ ਰਹੇ ਨੇ ਯਾਦ: ਸੁੱਖਾ ਧਾਲੀਵਾਲ, ਡਾ. ਮੁਹੰਮਦ ਅਸਲਮ

ਆਜ਼ਾਦ ਸੋਚ, ਡਾ. ਅਕਬਰ, ਸੰਦੌੜ, 17 ਜੂਨ:
=============

ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ ਹਰ ਫਰੰਟ ‘ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ ਅਤੇ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਗਏ ਸਾਰੇ ਵਾਅਦੇ ਮਹਿਜ਼ ਝੂਠ ਦਾ ਪੁਲੰਦਾ ਨਿਕਲੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਕਮੇਟੀ ਜ਼ਿਲ੍ਹਾ ਮਾਲੇਰਕੋਟਲਾ ਦੇ ਪ੍ਰਧਾਨ ਸੁਖਵੀਰ ਸਿੰਘ ਸੁੱਖਾ ਧਾਲੀਵਾਲ ਦਸੌਂਧਾ ਸਿੰਘ ਵਾਲਾ ਅਤੇ ਕਾਂਗਰਸ ਦੇ ਸੂਝਵਾਨ ਆਗੂ ਡਾ. ਮੁਹੰਮਦ ਅਸਲਮ ਦਹਿਲੀਜ ਕਲਾਂ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੀਤਾ।

?ਜ਼ਿਲ੍ਹਾ ਪ੍ਰਧਾਨ ਸੁੱਖਾ ਧਾਲੀਵਾਲ ਤੇ ਡਾ. ਮੁਹੰਮਦ ਅਸਲਮ ਨੇ ਆਖਿਆ ਕਿ ਭਗਵੰਤ ਮਾਨ ਸਰਕਾਰ ਨੇ ਆਪਣੇ ਹੁਣ ਤੱਕ ਦੇ ਕਾਰਜਕਾਲ ਵਿੱਚ ਸਿਰਫ਼ ਵੱਖ-ਵੱਖ ਵਰਗਾਂ ਨੂੰ ਤੰਗ-ਪ੍ਰੇਸ਼ਾਨ ਕਰਨ ਦਾ ਕੰਮ ਕੀਤਾ ਹੈ। ਉਨ੍ਹਾਂ ਸਰਕਾਰ ਦੀ ਕਾਰਗੁਜ਼ਾਰੀ ‘ਤੇ ਤਿੱਖੇ ਸਵਾਲ ਚੁੱਕਦਿਆਂ ਕਿਹਾ ਕਿ ਗਰੀਬਾਂ ਦੀ ਬਾਂਹ ਫੜਨ ਦੀ ਬਜਾਏ, ਸਰਕਾਰ ਵੱਲੋਂ ‘ਨਸ਼ਿਆਂ ਵਿਰੁੱਧ ਯੁੱਧ’ ਦੇ ਨਾਂ ‘ਤੇ ਗਰੀਬ ਲੋਕਾਂ ਦੇ ਬਣੇ-ਬਣਾਏ ਘਰ ਢਾਹ ਕੇ ਉਨ੍ਹਾਂ ਨੂੰ ਬੇਘਰ ਕੀਤਾ ਗਿਆ ਹੈ, ਜੋ ਕਿ ਬੇਹੱਦ ਨਿੰਦਣਯੋਗ ਹੈ। ਉਹਨਾ ਅੱਗੇ ਕਿਹਾ ਕਿ ਸੂਬੇ ਵਿੱਚ ‘ਬਦਲਾਅ’ ਨਾਂ ਦੀ ਕੋਈ ਵੀ ਸਥਿਤੀ ਦੇਖਣ ਨੂੰ ਨਹੀਂ ਮਿਲ ਰਹੀ, ਸਗੋਂ ਉਲਟਾ ਆਪਣੇ ਹੱਕ ਮੰਗ ਰਹੇ ਅਧਿਆਪਕਾਂ ਉੱਪਰ ਪੁਲਿਸ ਵੱਲੋਂ ਬੇਰਹਿਮੀ ਨਾਲ ਡਾਂਗਾਂ ਵਰ੍ਹਾਈਆਂ ਜਾ ਰਹੀਆਂ ਹਨ। ?ਪੰਜਾਬ ਦੇ ਮੌਜੂਦਾ ਹਾਲਾਤਾਂ ‘ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਾਂਗਰਸੀ ਆਗੂਆਂ ਨੇ ਕਿਹਾ ਕਿ ਅੱਜ ਸੂਬੇ ਦਾ ਹਰ ਵਰਗ

ਸੜਕਾਂ ‘ਤੇ ਉਤਰਨ ਲਈ ਮਜਬੂਰ ਹੈ। ਚੋਣਾਂ ਵੇਲੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦੀਆਂ ਗਾਰੰਟੀਆਂ ਦੇਣ ਵਾਲੀ ਸਰਕਾਰ ਅੱਜ ਆਪਣੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਭੱਜ ਚੁੱਕੀ ਹੈ। ਨੌਜਵਾਨ ਰੁਜ਼ਗਾਰ ਦੀ ਭਾਲ ਵਿੱਚ ਦਰ-ਦਰ ਦੀਆਂ ਠੋਕਰਾਂ ਖਾ ਰਹੇ ਹਨ ਅਤੇ ਜਦੋਂ ਉਹ ਸ਼ਾਂਤਮਈ ਢੰਗ ਨਾਲ ਆਪਣਾ ਹੱਕ ਮੰਗਦੇ ਹਨ, ਤਾਂ ਉਨ੍ਹਾਂ ਨੂੰ ਤਸ਼ੱਦਦ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ, ਸੂਬੇ ਦੇ ਕਿਸਾਨ, ਵਪਾਰੀ ਅਤੇ ਮਜ਼ਦੂਰ ਵੀ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਆਰਥਿਕ ਮੰਦਹਾਲੀ ਦੇ ਦੌਰ ਵਿੱਚੋਂ ਗੁਜ਼ਰ ਰਹੇ ਹਨ। ?ਉਨ੍ਹਾਂ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ‘ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ‘ਆਪ’ ਸਰਕਾਰ ਦੇ ਰਾਜ ਵਿੱਚ ਪੰਜਾਬ ਅੰਦਰ ਗੁੰਡਾਗਰਦੀ ਬਹੁਤ ਜ਼ਿਆਦਾ ਵਧ ਚੁੱਕੀ ਹੈ। ਸੂਬੇ ਵਿੱਚ ਦਿਨ-ਦਿਹਾੜੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ ਅਤੇ ਸਰੇਆਮ ਕਤਲੋਗਾਰਤ, ਫਿਰੌਤੀਆਂ ਅਤੇ ਬਲਾਤਕਾਰ ਵਰਗੀਆਂ ਸ਼ਰਮਨਾਕ ਤੇ ਖ਼ੌਫ਼ਨਾਕ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ। ਗੈਂਗਸਟਰਵਾਦ ਸਿਰ ਚੜ੍ਹ ਕੇ ਬੋਲ ਰਿਹਾ ਹੈ, ਜਿਸ ਕਾਰਨ ਆਮ ਜਨਤਾ ਦੇ ਨਾਲ-ਨਾਲ ਵਪਾਰੀ ਵਰਗ ਖ਼ੁਦ ਨੂੰ ਬੇਹੱਦ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ।

?ਇਸ ਦੌਰਾਨ ਕਾਂਗਰਸ ਪਾਰਟੀ ਦੇ ਰਾਜ ਦਾ ਜ਼ਿਕਰ ਕਰਦਿਆਂ ਸੁੱਖਾ ਧਾਲੀਵਾਲ ਅਤੇ ਡਾ. ਮੁਹੰਮਦ ਅਸਲਮ ਨੇ ਸਾਂਝੇ ਤੌਰ ਤੇ ਕਿਹਾ ਕਿ ਕਾਂਗਰਸ ਸਰਕਾਰ ਦੇ ਸਮੇਂ ਦੌਰਾਨ ਹਲਕਾ ਮਾਲੇਰਕੋਟਲਾ ਦੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸਾਬਕਾ ਕੈਬਨਿਟ ਮੰਤਰੀ ਮੈਡਮ ਰਜ਼ੀਆ ਸੁਲਤਾਨਾ ਜੀ ਨੇ ਪਿੰਡਾਂ ਨੂੰ ਗਰਾਂਟਾਂ ਦੇ ਗੱਫੇ ਦਿੱਤੇ ਸਨ। ਲਿੰਕ ਸੜਕਾਂ, ਪੀਣ ਵਾਲੇ ਸਾਫ਼ ਪਾਣੀ, ਸਕੂਲਾਂ ਦੀਆਂ ਇਮਾਰਤਾਂ ਅਤੇ ਹਸਪਤਾਲਾਂ ਦੇ ਸੁਧਾਰ ਲਈ ਜੋ ਕੰਮ ਮੈਡਮ ਰਜ਼ੀਆ ਸੁਲਤਾਨਾ ਦੇ ਸਮੇਂ ਹੋਏ, ਉਹ ਮੌਜੂਦਾ ਸਰਕਾਰ ਦੇ ਸਮੇਂ ਬਿਲਕੁਲ ਠੱਪ ਹੋ ਕੇ ਰਹਿ ਗਏ ਹਨ। ?ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਵੱਲੋਂ ਕੀਤੇ ਗਏ ਰਿਕਾਰਡਤੋੜ ਵਿਕਾਸ ਕਾਰਜਾਂ ਅਤੇ ਅਮਨ-ਸ਼ਾਂਤੀ ਵਾਲੇ ਮਾਹੌਲ ਨੂੰ ਹਲਕੇ ਦੇ ਲੋਕ ਅੱਜ ਵੀ ਬੜੇ ਸਤਿਕਾਰ ਨਾਲ ਯਾਦ ਕਰ ਰਹੇ ਹਨ। ਲੋਕ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ ਤੋਂ ਤੰਗ ਆ ਚੁੱਕੇ ਹਨ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ, ਤਾਂ ਜੋ ਵੋਟ ਦੀ ਚੋਟ ਰਾਹੀਂ ਇਸ ਹੰਕਾਰੀ ਸਰਕਾਰ ਨੂੰ ਚਲਦਾ ਕਰਕੇ ਮੁੜ ਕਾਂਗਰਸ ਦੀ ਲੋਕ-ਪੱਖੀ ਸਰਕਾਰ ਬਣਾਈ ਜਾ ਸਕੇ।

ਬਾਬਾ ਫਰੀਦ ਪ੍ਰੈਸ ਵੈਲਫੇਅਰ ਸੋਸਾਇਟੀਫਰੀਦਕੋਟ ਵੱਲੋ ਸ਼ਹੀਦੀ ਦਿਵਸ ਨੂੰ ਸਮਰਪਿਤ ਛਬੀਲ ਅੱਜ :ਰਾਕੇਸ਼ ਗਰਗ

ਆਜ਼ਾਦ ਸੋਚ, ਕੰਵਲ ਸਰਾਂ, ਫਰੀਦਕੋਟ, 17 ਜੂਨ:
============

ਸਿੱਖ ਧਰਮ ਦੇ ਪੰਜਵੇਂ ਗੁਰੂ ਸ੍ਰੀ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਸਥਾਨਕ ਘੰਟਾ ਕਰ ਚੌਂਕ ਫਰੀਦਕੋਟ ਵਿਖੇ ਮਿਤੀ 18 ਜੂਨ ਦਿਨ ਵੀਰਵਾਰ ਨੂੰ ਸਵੇਰ 9 ਵਜੇ ਬਾਬਾ ਫਰੀਦ ਪ੍ਰੈਸ ਵੈਲਫੇਅਰ ਸੁਸਾਇਟੀ ਫਰੀਦਕੋਟ ਦੇ ਚੇਅਰਮੈਨ ਰਜਿੰਦਰ ਅਰੋੜਾ,ਪ੍ਰਧਾਨ ਰਾਕੇਸ਼ ਗਰਗ ਅਤੇ ਸੈਕਟਰੀ ਪ੍ਰਦੀਪ ਗਰਗ ਦੀ ਯੋਗ ਅਗਵਾਈ ਵਿੱਚ ਲਗਾਈ ਜਾ ਰਹੀ ਹੈ। ਰਾਕੇਸ਼ ਗਰਗ ਨੇ ਸੋਸਾਇਟੀ ਦੇ ਸਾਰੇ ਮੈਂਬਰਾਂ ਨੂੰ ਅਪੀਲ ਕੀਤੀ ਹੈ ਕਿ ਸਮੇਂ ਸਿਰ ਪਹੁੰਚ ਕੇ ਇਸ ਨੇਕ ਕਾਰਜ ਵਿਚ ਆਪਣਾ ਯੋਗਦਾਨ ਪਾਈਏ ਤੇ ਠੰਡੇ ਮਿੱਠੇ ਜਲ ਦੀ ਛਬੀਲ ਦੀ ਸੇਵਾ ਕਰਕੇ ਜੀਵਨ ਨੂੰ ਸਫਲ ਬਣਾਈਏ। ਇਸ ਮੌਕੇ ਤੇ ਸੁਸਾਇਟੀ ਦੇ ਮੈਂਬਰ ਗੁਰਪ੍ਰੀਤ ਸਿੰਘ ਪੱਕਾ ਮੀਤ ਪ੍ਰਧਾਨ, ਪਰਵਿੰਦਰ ਸਿੰਘ ਕੰਧਾਰੀ ਕੈਸ਼ੀਅਰ, ਅਜੈ ਸਿੰਗਲਾ, ਅਜੈ ਮਨਚੰਦਾ, ਨਾਇਬ ਰਾਜ ਅਤੇ ਕੇ.ਪੀ.ਸਿੰਘ ਸਰਾਂ ਆਦਿ ਮੌਜੂਦ ਸਨ।



ਰਾਜਪੁਰਾ ਵਿਖੇ ਮੁਫ਼ਤ ਯੋਗਾ ਕੈਂਪ ਜਾਰੀ, 35 ਭਾਗੀਦਾਰਾਂ ਨੇ ਲਿਆ ਹਿੱਸਾ

ਆਜ਼ਾਦ ਸੋਚ, ਰਾਜਪੁਰਾ, 17 ਜੂਨ :
============

12ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਸਬੰਧ ਵਿੱਚ ਆਯੁਸ਼ਮਾਨ ਆਰੋਗਿਆ ਕੇਂਦਰ ਰਾਜਪੁਰਾ ਵਿਖੇ 1 ਜੂਨ ਤੋਂ 30 ਜੂਨ ਤੱਕ ਮੁਫ਼ਤ ਯੋਗਾ ਸਮਰ ਕੈਂਪ ਲਗਾਇਆ ਗਿਆ ਹੈ। ਇਹ ਕੈਂਪ ਡਾ. ਪੂਜਾ ਅਰੋੜਾ (ਇੰਚਾਰਜ) ਦੀ ਅਗਵਾਈ ਹੇਠ ਚੱਲ ਰਿਹਾ ਹੈ। ਅੱਜ ਕੈਂਪ ਦੌਰਾਨ 35 ਭਾਗੀਦਾਰਾਂ ਨੇ ਹਾਜ਼ਰੀ ਭਰੀ। ਯੋਗਾ ਸੈਸ਼ਨ ਵਿੱਚ ਭਾਗੀਦਾਰਾਂ ਨੂੰ ਵੱਖ-ਵੱਖ ਯੋਗ ਆਸਨਾਂ ਦੀ ਸਿਖਲਾਈ ਦਿੱਤੀ ਗਈ ਅਤੇ ਉਨ੍ਹਾਂ ਦੇ ਸਰੀਰਕ ਤੇ ਮਾਨਸਿਕ ਸਿਹਤ ਲਈ ਹੋਣ ਵਾਲੇ ਲਾਭਾਂ ਬਾਰੇ ਜਾਣੂ ਕਰਵਾਇਆ ਗਿਆ। ਯੋਗਾ ਰਾਹੀਂ ਤੰਦਰੁਸਤ ਜੀਵਨ ਸ਼ੈਲੀ ਅਪਣਾਉਣ ਅਤੇ ਬਿਮਾਰੀਆਂ ਤੋਂ ਬਚਾਅ ਲਈ ਵੀ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਰਾਜਪੁਰਾ ਬਲਾਕ ਦੇ ਯੋਗਾ ਇੰਸਟ੍ਰਕਟਰ ਸਾਹਿਲ ਅਤੇ ਕਿਰਣ ਵੱਲੋਂ ਵੱਖ-ਵੱਖ ਉਮਰ ਵਰਗਾਂ ਦੇ ਬੱਚਿਆਂ ਲਈ ਮਨੋਰੰਜਕ ਅਤੇ ਸਿਹਤਵਰਧਕ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਸਰੀਰਕ ਤੰਦਰੁਸਤੀ, ਮਾਨਸਿਕ ਵਿਕਾਸ ਅਤੇ ਆਤਮ-ਵਿਸ਼ਵਾਸ ਨੂੰ ਉਤਸ਼ਾਹਿਤ ਕੀਤਾ ਗਿਆ।ਡਾ.. ਪੂਜਾ ਅਰੋੜਾ ਨੇ ਕਿਹਾ ਕਿ ਯੋਗਾ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਅਸੀਂ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਬਤੀਤ ਕਰ ਸਕਦੇ ਹਾਂ। ਉਨ੍ਹਾਂ ਨੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਮੁਫ਼ਤ ਯੋਗਾ ਕੈਂਪ ਨਾਲ ਜੁੜਨ ਦੀ ਅਪੀਲ ਕੀਤੀ।



ਮੁੱਖ ਮੰਤਰੀ ਨੇ ਲੋਹਾਰੂ ਵਿਧਾਨ ਸਭਾ ਖੇਤਰ ਲਈ ਕੀਤੇ ਕਈ ਐਲਾਨ

ਆਜ਼ਾਦ ਸੋਚ, ਚੰਡੀਗੜ੍ਹ, 17 ਜੂਨ :
=============

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਸਿਵਾਨੀ, ਜ਼ਿਲ੍ਹਾ ਭਿਵਾਨੀ ਵਿੱਚ ਆਯੋਜਿਤ ‘ਖਾਦੀ ਰੁਜ਼ਗਾਰ ਉਤਸਵ’ ਪ੍ਰੋਗਰਾਮ ਦੌਰਾਨ ਸਾਬਕਾ ਮੰਤਰੀ ਜੇਪੀ ਦਲਾਲ ਵੱਲੋਂ ਰੱਖੀਆਂ ਗਈਆਂ ਲੋਹਾਰੂ ਵਿਧਾਨ ਸਭਾ ਖੇਤਰ ਦੀਆਂ ਮੰਗਾਂ ‘ਤੇ ਪਿੰਡ ਗੁਰੇਰਾ, ਕਿਕਰਾਲ, ਨਲੋਈ, ਦੇਵਸਰ, ਢਾਣੀ ਰਾਮਜਸ, ਢਾਣੀ ਕਿਸ਼ਨਲਾਲ, ਢਾਣੀ ਮਿੱਠੀ ਵਿੱਚ ‘ਜਗਮਗ ਯੋਜਨਾ’ ਲਾਗੂ ਕਰਨ ਦਾ ਐਲਾਨ ਕੀਤਾ, ਜਿਸ ‘ਤੇ 3 ਕਰੋੜ 28 ਲੱਖ ਰੁਪਏ ਦਾ ਖ਼ਰਚ ਆਵੇਗਾ। ਇਸੇ ਤਰ੍ਹਾਂ ਲੋਹਾਰੂ ਸ਼ਹਿਰ ਵਿੱਚ 6 ਕਰੋੜ 85 ਲੱਖ ਰੁਪਏ ਦੀ ਲਾਗਤ ਨਾਲ ਇੱਕ ਕਮਿਊਨਿਟੀ ਸੈਂਟਰ ਬਣਾਇਆ ਜਾਵੇਗਾ। ਮੁੱਖ ਮੰਤਰੀ ਨੇ ਸਿਵਾਨੀ ਦੇ ਸਰਕਾਰੀ ਕਾਲਜ ਵਿੱਚ 1 ਕਰੋੜ 50 ਲੱਖ ਰੁਪਏ ਦੀ ਲਾਗਤ ਨਾਲ ਮਲਟੀਪਰਪਜ਼ ਹਾਲ ਦਾ ਨਿਰਮਾਣ ਕਰਵਾਉਣ ਦਾ ਐਲਾਨ ਕੀਤਾ। ਉਨ੍ਹਾਂ ਨੇ ਦੱਸਿਆ ਕਿ ਸਿਵਾਨੀ ਸਿੰਚਾਈ ਮੰਡਲ ਦੀ ਮੰਢੋਲੀ ਡਿਸਟ੍ਰੀਬਿਊਟਰੀ ਸ਼ਹਰਯਾਰਪੁਰ ਅਤੇ ਖਰਕੜੀ ਮਾਈਨਰ ਦੀ 4 ਕਰੋੜ ਰੁਪਏ ਦੀ ਲਾਗਤ ਨਾਲ ਰੀਮਾਡਲਿੰਗ ਕੀਤੀ ਜਾਵੇਗੀ। ਇਸੇ ਤਰ੍ਹਾਂ ਲੋਹਾਰੂ ਸਿੰਚਾਈ ਮੰਡਲ ਵਿੱਚ ਕਾਸਨੀ, ਝਾਂਝੜਾ, ਬਹਿਲ, ਪਾਤਵਾਨ, ਸੌਰਾ, ਬੜਦੂ ਚੈਨਾ ਮਾਈਨਰ ਦੀ ਰੀਮਾਡਲਿੰਗ ਲਈ 8 ਕਰੋੜ 6 ਲੱਖ ਰੁਪਏ ਦੀ ਰਕਮ ਖ਼ਰਚ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਸਿਵਾਨੀ ਵਿੱਚ ਡ੍ਰਾਈਵਿੰਗ ਲਾਇਸੈਂਸ ਲਈ ਮੈਡੀਕਲ ਸਹੂਲਤ ਸ਼ੁਰੂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਨੇ ਕਿਕਰਾਲ ਰੋਡ ਹਾਈਵੇ ਬਾਈਪਾਸ, ਸਿਵਾਨੀ ਵਿੱਚ ਓਵਰਬ੍ਰਿਜ ਦਾ ਨਿਰਮਾਣ ਕਰਨ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਸਿਵਾਨੀ ਦੇ ਸਿਵਲ ਹਸਪਤਾਲ ਵਿੱਚ 4 ਕਰੋੜ ਰੁਪਏ ਦੀ ਲਾਗਤ ਨਾਲ ਪੋਸਟਮਾਰਟਮ ਦੀ ਸਹੂਲਤ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਨੇ 12 ਕਰੋੜ 22 ਲੱਖ ਰੁਪਏ ਦੀ ਲਾਗਤ ਨਾਲ ਬਹਿਲ ਬੱਸ ਸਟੈਂਡ ਦਾ ਨਿਰਮਾਣ ਕਰਵਾਉਣ ਦਾ ਵੀ ਐਲਾਨ ਕੀਤਾ। ਮੁੱਖ ਮੰਤਰੀ ਨੇ ਸਿਵਾਨੀ ਨਗਰ ਪਾਲਿਕਾ ਲਈ ਨਵੀਂ ਇਮਾਰਤ ਦਾ ਨਿਰਮਾਣ ਕਰਨ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਲੋਹਾਰੂ ਵਿਧਾਨ ਸਭਾ ਖੇਤਰ ਦੇ ਸੜਕੀ ਤੰਤਰ ਨੂੰ ਮਜ਼ਬੂਤ ਕਰਨ ਲਈ ਲੋਕ ਨਿਰਮਾਣ ਅਤੇ ਸੜਕ ਨਿਰਮਾਣ ਵਿਭਾਗ ਦੀਆਂ 391.25 ਕਿਲੋਮੀਟਰ ਦੀਆਂ 120 ਸੜਕਾਂ ਦੀ ਮੁਰੰਮਤ ਅਤੇ ਮਾਰਕੀਟਿੰਗ ਬੋਰਡ ਦੀਆਂ 141.68 ਕਿਲੋਮੀਟਰ ਸੜਕਾਂ ਦੀ ਮੁਰੰਮਤ ਕਰਨ ਦਾ ਐਲਾਨ ਕੀਤਾ। ਉਨ੍ਹਾਂ ਨੇ ਲੋਹਾਰੂ ਵਿਧਾਨ ਸਭਾ ਦੇ ਖੇਤਾਂ ਦੇ 25 ਕਿਲੋਮੀਟਰ ਰਸਤਿਆਂ ਨੂੰ ਪੱਕਾ ਕਰਨ ਦਾ ਐਲਾਨ ਕੀਤਾ। ਸਾਬਕਾ ਮੰਤਰੀ ਜੇਪੀ ਦਲਾਲ ਦੀ ਬਹਿਲ ਨੂੰ ਸਬ-ਡਿਵੀਜ਼ਨ ਬਣਾਉਣ ਅਤੇ ਸਿਵਾਨੀ ਨੂੰ ਹਿਸਾਰ ਵਿੱਚ ਸ਼ਾਮਲ ਕਰਨ ਦੀ ਮੰਗ ‘ਤੇ ਮੁੱਖ ਮੰਤਰੀ ਨੇ ਕਿਹਾ ਕਿ ਇਸ ‘ਤੇ ਆਉਣ ਵਾਲੇ ਸਮੇਂ ਵਿੱਚ ਉਚਿਤ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜ਼ਿਲ੍ਹਾ ਵਾਸੀਆਂ ਨੂੰ ਦਿੱਤੀ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ

ਆਜ਼ਾਦ ਸੋਚ, ਚੰਡੀਗੜ੍ਹ, 17 ਜੂਨ :
=============

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਮਹਾਰਾਣਾ ਪ੍ਰਤਾਪ ਜਯੰਤੀ ਦੇ ਸ਼ੁਭ ਅਵਸਰ ‘ਤੇ ਝੱਜਰ ਜ਼ਿਲ੍ਹੇ ਦੇ ਪਿੰਡ ਮੁਨੀਮਪੁਰ ਪਹੁੰਚ ਕੇ ਬਾਦਲੀ ਵਿਧਾਨ ਸਭਾ ਖੇਤਰ ਨਾਲ ਸਬੰਧਤ ਵੱਖ-ਵੱਖ ਵਿਕਾਸ ਯੋਜਨਾਵਾਂ ਦਾ ਉਦਘਾਟਨ ਕੀਤਾ। ਮੁੱਖ ਮੰਤਰੀ ਨੇ ਕੁੱਲ 75.37 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਯੋਜਨਾਵਾਂ ਦਾ ਲੋਕ ਅਰਪਣ ਕਰਕੇ ਖੇਤਰ ਵਾਸੀਆਂ ਨੂੰ ਵਿਕਾਸ ਦੀ ਸੌਗਾਤ ਦਿੱਤੀ। ਵਿਕਾਸ ਪ੍ਰੋਜੈਕਟਾਂ ਦੇ ਸ਼ੁਰੂਆਤੀ ਅਵਸਰ ‘ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ, ਭਾਜਪਾ ਦੇ ਰਾਸ਼ਟਰੀ ਸਕੱਤਰ ਓਮ ਪ੍ਰਕਾਸ਼ ਧਨਖੜ, ਇਜ਼ਰਾਈਲ ਦੇ ਰਾਜਦੂਤ ਰੂਵੇਨ ਅਜ਼ਾਰ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਸਨ।ਮੁੱਖ ਮੰਤਰੀ ਨੇ ਪ੍ਰੋਗਰਾਮ ਦੌਰਾਨ ਪਿੰਡ ਮੁਨੀਮਪੁਰ ਵਿੱਚ ਬਾਗ਼ਬਾਨੀ ਵਿਭਾਗ ਵੱਲੋਂ ਸਥਾਪਤ ‘ਸੈਂਟਰ ਆਫ਼ ਐਕਸੀਲੈਂਸ ਫ਼ਾਰ ਫਲੋਰਿਕਲਚਰ ਐਂਡ ਸੀਡ ਪ੍ਰੋਡਕਸ਼ਨ ਟੈਕਨਾਲੋਜੀ’ ਦਾ ਉਦਘਾਟਨ ਕੀਤਾ। ਫੁੱਲਾਂ ਦੀ ਖੇਤੀ ਅਤੇ ਗੁਣਵੱਤਾ ਭਰਪੂਰ ਬੀਜ ਉਤਪਾਦਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਥਾਪਤ ਇਸ ਅਤਿ-ਆਧੁਨਿਕ ਕੇਂਦਰ ‘ਤੇ 8.50 ਕਰੋੜ ਰੁਪਏ ਦੀ ਲਾਗਤ ਆਈ ਹੈ। ਇਹ ਕੇਂਦਰ ਖੇਤਰ ਦੇ ਕਿਸਾਨਾਂ ਨੂੰ ਆਧੁਨਿਕ ਤਕਨੀਕਾਂ ਨਾਲ ਜੋੜਨ ਅਤੇ ਬਾਗ਼ਬਾਨੀ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ ਵਿਕਸਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਇਸ ਤੋਂ ਬਾਅਦ ਮੁੱਖ ਮੰਤਰੀ ਨੇ ਬਾਦਲੀ ਵਿੱਚ 23.41 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ ਨਵੇਂ ਮਿੰਨੀ ਸਕੱਤਰੇਤ ਅਤੇ ਉਸ ਦੇ ਰਿਹਾਇਸ਼ੀ ਪਰਿਸਰ ਦਾ ਲੋਕ ਅਰਪਣ ਕੀਤਾ। ਇਸ ਪ੍ਰੋਜੈਕਟ ਨਾਲ ਪ੍ਰਸ਼ਾਸਨਿਕ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਉਪਲਬਧ ਹੋਣਗੀਆਂ। ਮੁੱਖ ਮੰਤਰੀ ਨੇ ਪਿੰਡ ਰਈਆ ਵਿੱਚ 13.27 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਮਹਾਰਾਣਾ ਪ੍ਰਤਾਪ ਬਾਗ਼ਬਾਨੀ ਯੂਨੀਵਰਸਿਟੀ, ਕਰਨਾਲ ਦੇ ਬਾਗ਼ਬਾਨੀ ਖੋਜ ਕੇਂਦਰ ਦਾ ਵੀ ਉਦਘਾਟਨ ਕੀਤਾ। ਇਹ ਕੇਂਦਰ ਬਾਗ਼ਬਾਨੀ ਖੋਜ, ਨਵੀਆਂ ਕਿਸਮਾਂ ਦੇ ਵਿਕਾਸ ਅਤੇ ਕਿਸਾਨਾਂ ਨੂੰ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਸਹਾਈ ਸਿੱਧ ਹੋਵੇਗਾ। ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਮੁੱਖ ਮੰਤਰੀ ਨੇ ਵੱਖ-ਵੱਖ ਸਕੂਲਾਂ ਦੀਆਂ ਨਵੀਆਂ ਇਮਾਰਤਾਂ ਦੇ ਪ੍ਰੋਜੈਕਟਾਂ ਦਾ ਵੀ ਉਦਘਾਟਨ ਕੀਤਾ। ਪਿੰਡ ਪਾਟੌਦਾ ਵਿੱਚ 9.71 ਕਰੋੜ ਰੁਪਏ ??ਲਾਗਤ ਨਾਲ ਨਿਰਮਿਤ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੰਡਰੀ ਸਕੂਲ ਦੀ ਨਵੀਂ ਇਮਾਰਤ ਵਿਦਿਆਰਥੀਆਂ ਨੂੰ ਆਧੁਨਿਕ ਵਿਦਿਅਕ ਵਾਤਾਵਰਣ ਉਪਲਬਧ ਕਰਵਾਏਗੀ। ਪਿੰਡ ਲੁਹਾਰੀ ਵਿੱਖ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 2.21 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਇਮਾਰਤ ਤਿਆਰ ਕੀਤੀ ਗਈ ਹੈ। ਪਿੰਡ ਖੁਡਨ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਦੀ ਨਵੀਂ ਇਮਾਰਤ ‘ਤੇ 2.46 ਕਰੋੜ ਰੁਪਏ ਦੀ ਲਾਗਤ ਆਈ ਹੈ। ਪਿੰਡ ਉਖਲਚਾਨਾ ਕੋਟ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 1.99 ਕਰੋੜ ਰੁਪਏ ਦੀ ਲਾਗਤ ਨਾਲ ਸਕੂਲ ਦੀ ਨਵੀਂ ਬਿਲਡਿੰਗ ਦਾ ਨਿਰਮਾਣ ਕਰਵਾਇਆ ਗਿਆ ਹੈ। ਪਿੰਡ ਸੁਰਹੇਤੀ ਵਿੱਚ ਸਰਕਾਰੀ ਸੀਨੀਅਰ ਸਕੂਲ ਦੀ ਨਵੀਂ ਇਮਾਰਤ ‘ਤੇ 6.41 ਕਰੋੜ ਰੁਪਏ ਖ਼ਰਚ ਕੀਤੇ ਗਏ ਹਨ। ਇਨ੍ਹਾਂ ਪ੍ਰੋਜੈਕਟਾਂ ਨਾਲ ਵਿਦਿਆਰਥੀਆਂ ਨੂੰ ਬਿਹਤਰ ਵਿਦਿਅਕ ਸਹੂਲਤਾਂ ਮਿਲਣਗੀਆਂ।

ਸ਼ੈਡਿਊਲ ‘ਕੇ’ ਵਿੱਚ ਸੋਧ ਕਰਨ ਦੇ ਸਰਕਾਰ ਦੇ ਫ਼ੈਸਲੇ ਦਾ ਏ.ਆਈ.ਓ.ਸੀ.ਡੀ. ਵੱਲੋਂ ਸਵਾਗਤ, ਵਿਆਪਕ ਸਮੀਖਿਆ ਦੀ ਮੰਗ

ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ, 17 ਜੂਨ :
=============

ਆਲ ਇੰਡੀਆ ਆਰਗੇਨਾਈਜੇਸ਼ਨ ਆਫ਼ ਕੈਮਿਸਟ ਐਂਡ ਡਰੱਗਿਸਟ (ਏ.ਆਈ.ਓ.ਸੀ.ਡੀ.) ਨੇ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਵੱਲੋਂ ਡਰੱਗਜ਼ ਰੂਲਜ਼, 1945 ਦੇ ਸ਼ੈਡਿਊਲ ‘ਕੇ’ ਵਿੱਚ ਕੀਤੀ ਗਈ ਤਾਜ਼ਾ ਸੋਧ ਦਾ ਭਰਪੂਰ ਸਵਾਗਤ ਕੀਤਾ ਹੈ। ਮੰਤਰਾਲੇ ਵੱਲੋਂ ਜਾਰੀ ਅਧਿਸੂਚਨਾ ਜੀ.ਐੱਸ.ਆਰ. 477(ਈ) ਰਾਹੀਂ ਸ਼ੈਡਿਊਲ ‘ਕੇ’ ਦੇ ਕ੍ਰਮ ਨੰਬਰ 13 ਦੀ ਮਦ (7) ਵਿੱਚੋਂ ਖੰਘ ਲਈ ਸਿਰਪ ਸ਼ਬਦ ਹਟਾ ਦਿੱਤਾ ਗਿਆ ਹੈ। ਸੰਗਠਨ ਨੇ ਇਸ ਨੂੰ ਜਨ ਸਿਹਤ ਅਤੇ ਦਵਾਈਆਂ ਦੀ ਵੰਡ ਪ੍ਰਣਾਲੀ ਨੂੰ ਹੋਰ ਸੁਰੱਖਿਅਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਕਰਾਰ ਦਿੱਤਾ ਹੈ।ਏ.ਆਈ.ਓ.ਸੀ.ਡੀ. ਲੰਬੇ ਸਮੇਂ ਤੋਂ ਸਰਕਾਰ ਦੇ ਧਿਆਨ ਵਿੱਚ ਇਹ ਮਾਮਲਾ ਲਿਆਉਂਦਾ ਆ ਰਿਹਾ ਹੈ ਕਿ ਸ਼ੈਡਿਊਲ ‘ਕੇ’ ਦੇ ਪ੍ਰਬੰਧਾਂ ਦਾ ਕੁਝ ਸੰਸਥਾਵਾਂ, ਖ਼ਾਸ ਕਰਕੇ ਈ-ਫਾਰਮੇਸੀ ਅਤੇ ਹੋਰ ਮਾਧਿਅਮਾਂ ਵੱਲੋਂ ਗਲਤ ਲਾਭ ਲਿਆ ਜਾ ਰਿਹਾ ਸੀ। ਇਸ ਕਾਰਨ ਦਵਾਈਆਂ ਦੀ ਵਿਕਰੀ ਅਤੇ ਸਪਲਾਈ ਡਰੱਗਜ਼ ਐਂਡ ਕਾਸਮੈਟਿਕਸ ਐਕਟ ਦੇ ਸੁਰੱਖਿਆ ਮਾਪਦੰਡਾਂ ਦੇ ਉਲਟ ਹੋ ਰਹੀ ਸੀ। ਸੰਗਠਨ ਦਾ ਕਹਿਣਾ ਹੈ ਕਿ ਇਸ ਸੋਧ ਨਾਲ ਖੰਘ ਦੀਆਂ ਸਿਰਪਾਂ ਦੇ ਦੁਰਵਰਤੋਂ ‘ਤੇ ਰੋਕ ਲੱਗੇਗੀ ਅਤੇ ਮਰੀਜ਼ਾਂ ਦੀ ਸੁਰੱਖਿਆ ਹੋਰ ਮਜ਼ਬੂਤ ਹੋਵੇਗੀ।ਸੰਗਠਨ ਦੇ ਅਹੁਦੇਦਾਰਾਂ ਅਨੁਸਾਰ ਡਰੱਗਜ਼ ਐਂਡ ਕਾਸਮੈਟਿਕਸ ਐਕਟ, 1940 ਤਹਿਤ ਦੇਸ਼ ਵਿੱਚ ਦਵਾਈਆਂ ਦੇ ਪ੍ਰਚੂਨ ਕਾਰੋਬਾਰ ਵਿੱਚ ਬੇਮਿਸਾਲ ਵਾਧਾ ਹੋਇਆ ਹੈ ਅਤੇ ਅੱਜ ਦੇਸ਼ ਭਰ ਵਿੱਚ ਲਾਇਸੈਂਸਸ਼ੁਦਾ ਕੈਮਿਸਟ ਦੁਕਾਨਾਂ ਦੀ ਗਿਣਤੀ ਵਿੱਚ ਵੱਡਾ ਇਜ਼ਾਫ਼ਾ ਹੋਇਆ ਹੈ। ਅਜਿਹੇ ਵਿੱਚ ਇਹ ਬਹੁਤ ਜ਼ਰੂਰੀ ਹੋ ਗਿਆ ਹੈ ਕਿ ਡਾਕਟਰਾਂ ਅਤੇ ਕਲੀਨਿਕਾਂ ਨੂੰ ਸ਼ੈਡਿਊਲ ‘ਕੇ’ ਤਹਿਤ ਦਵਾਈਆਂ ਦੇ ਭੰਡਾਰਨ ਅਤੇ ਵੰਡ ਲਈ ਦਿੱਤੀ ਗਈ ਛੋਟ ਨੂੰ ਮੌਜੂਦਾ ਹਾਲਾਤਾਂ ਅਨੁਸਾਰ ਤਰਕਸੰਗਤ ਅਤੇ ਸੀਮਤ ਕੀਤਾ ਜਾਵੇ। ਏ.ਆਈ.ਓ.ਸੀ.ਡੀ. ਦੇ ਪ੍ਰਤੀਨਿਧੀ ਨਰੇਸ਼ ਜਿੰਦਲ, ਰਾਜੀਵ ਜੈਨ ਅਤੇ ਸੰਜੇ ਧੂਰੀ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਫ਼ੈਸਲਾ ਦਵਾਈਆਂ ਦੀ ਜ਼ਿੰਮੇਵਾਰਾਨਾ ਵੰਡ ਨੂੰ ਯਕੀਨੀ ਬਣਾਉਣ ਅਤੇ ਪਿਛਲੇ ਕੁਝ ਸਾਲਾਂ ਦੌਰਾਨ ਸਾਹਮਣੇ ਆਈਆਂ ਨਿਯਾਮਕ ਖਾਮੀਆਂ ਨੂੰ ਦੂਰ ਕਰਨ ਵੱਲ ਇੱਕ ਸਕਾਰਾਤਮਕ ਕਦਮ ਹੈ। ਭਾਵੇਂ ਇਹ ਇੱਕ ਚੰਗੀ ਸ਼ੁਰੂਆਤ ਹੈ, ਪਰ ਹਾਲੇ ਵੀ ਸ਼ੈਡਿਊਲ ‘ਕੇ’ ਦੀ ਵਿਸਥਾਰਪੂਰਵਕ ਅਤੇ ਸਮੁੱਚੀ ਸਮੀਖਿਆ ਦੀ ਤੁਰੰਤ ਲੋੜ ਹੈ।’ ਏ.ਆਈ.ਓ.ਸੀ.ਡੀ. ਨੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੂੰ ਅਪੀਲ ਕੀਤੀ ਹੈ ਕਿ ਨਿਯਾਮਕ ਅਥਾਰਟੀਆਂ, ਡਾਕਟਰਾਂ, ਫਾਰਮਾਸਿਸਟਾਂ, ਕੈਮਿਸਟ ਅਤੇ ਡਰੱਗਿਸਟ ਸੰਗਠਨਾਂ, ਮਰੀਜ਼ ਗਰੁੱਪਾਂ ਅਤੇ ਦਵਾਈ ਉਦਯੋਗ ਨਾਲ ਜੁੜੇ ਸਾਰੇ ਹਿੱਸੇਦਾਰਾਂ ਨਾਲ ਵਿਚਾਰ-ਵਟਾਂਦਰਾ ਕਰਕੇ ਸ਼ੈਡਿਊਲ ‘ਕੇ’ ਦੀ ਵਿਆਪਕ ਪੁਨਰ-ਸਮੀਖਿਆ ਕੀਤੀ ਜਾਵੇ, ਤਾਂ ਜੋ ਸਾਰਿਆਂ ਨੂੰ ਬਰਾਬਰ ਮੌਕੇ ਮਿਲ ਸਕਣ ਅਤੇ ਜਨ ਸਿਹਤ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ।ਏ.ਆਈ.ਓ.ਸੀ.ਡੀ. ਨੇ ਸਪੱਸ਼ਟ ਕੀਤਾ ਹੈ ਕਿ ਡਰੱਗਜ਼ ਨਿਯਮਾਂ ਤਹਿਤ ਦਿੱਤੀ ਜਾਣ ਵਾਲੀ ਕਿਸੇ ਵੀ ਛੋਟ ਦਾ ਮੁੱਖ ਉਦੇਸ਼ ਸਿਰਫ਼ ਅਤੇ ਸਿਰਫ਼ ਮਰੀਜ਼ਾਂ ਦੀ ਸੁਰੱਖਿਆ ਹੋਣਾ ਚਾਹੀਦਾ ਹੈ। ਸੰਗਠਨ ਸਰਕਾਰ ਨਾਲ ਮਿਲ ਕੇ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਦਵਾਈਆਂ ਦੀ ਵੰਡ ਸਿਰਫ਼ ਕਾਨੂੰਨੀ ਅਤੇ ਅਧਿਕਾਰਤ ਮਾਧਿਅਮਾਂ ਰਾਹੀਂ ਹੀ ਕੀਤੀ ਜਾਵੇ। ਇਸ ਤਾਜ਼ਾ ਸੋਧ ਦੇ ਮੱਦੇਨਜ਼ਰ ਏ.ਆਈ.ਓ.ਸੀ.ਡੀ. ਨੇ ਦੇਸ਼ ਭਰ ਵਿੱਚ ਆਪਣੀਆਂ ਸਾਰੀਆਂ ਸੂਬਾਈ ਅਤੇ ਜ਼ਿਲ੍ਹਾ ਪੱਧਰੀ ਮੈਂਬਰ ਸੰਸਥਾਵਾਂ ਨੂੰ ਇੱਕ ਸਖ਼ਤ ਸਲਾਹ ਜਾਰੀ ਕੀਤੀ ਹੈ। ਇਸ ਤਹਿਤ ਸਾਰੇ ਕੈਮਿਸਟਾਂ ਨੂੰ ਦਵਾਈਆਂ ਦੀ ਵਿਕਰੀ ਨਾਲ ਸਬੰਧਤ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਖ਼ਾਸ ਤੌਰ ‘ਤੇ ਖੰਘ ਦੀਆਂ ਸਿਰਪਾਂ ਅਤੇ ਹੋਰ ਪ੍ਰਿਸਕ੍ਰਿਪਸ਼ਨ ਦਵਾਈਆਂ ਦੀ ਵੰਡ ਦੌਰਾਨ ਵੱਧ ਤੋਂ ਵੱਧ ਸਾਵਧਾਨੀ ਵਰਤਣ ਦੇ ਨਿਰਦੇਸ਼ ਦਿੱਤੇ ਗਏ ਹਨ।

ਖੇਤ ਬਚਾਓ ਅਭਿਆਨ ਤਹਿਤ ਪਿੰਡ ਬਹਾਦਰਪੁਰ ਵਿਖੇ ਕਿਸਾਨ-ਵਿਗਿਆਨੀ ਮਿਲਣੀ ਦਾ ਆਯੋਜਨ

ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੌਂਗੋਵਾਲ,17 ਜੂਨ:
===============

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ, ਆਈ.ਸੀ.ਏ.ਆਰ.-ਭਾਰਤੀ ਮੱਕੀ ਖੋਜ ਸੰਸਥਾਨ, ਲੁਧਿਆਣਾ, ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਸੰਗਰੂਰ ਵੱਲੋਂ ਸਾਂਝੇ ਤੌਰ ‘ਤੇ “ਖੇਤ ਬਚਾਓ ਅਭਿਆਨ” ਤਹਿਤ ਪਿੰਡ ਬਹਾਦਰਪੁਰ, ਬਲਾਕ ਸੰਗਰੂਰ ਵਿਖੇ ਕਿਸਾਨ-ਵਿਗਿਆਨੀ ਮਿਲਣੀ ਕਰਵਾਈ ਗਈ। ਇਸ ਮਿਲਣੀ ਦਾ ਮੁੱਖ ਮੰਤਵ ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਸਾਉਣੀ ਦੀਆਂ ਫਸਲਾਂ ਲਈ ਸੁਧਰੀਆਂ ਕਾਸ਼ਤ ਤਕਨੀਕਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨਾ ਸੀ। ਇਸ ਮੌਕੇ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਫ਼ਸਲ ਵਿੱਚ ਖਾਦ ਪਾਉਣ ਤੋਂ ਪਹਿਲਾਂ ਮਿੱਟੀ ਪਰਖ ਦੀ ਮਹੱਤਤਾ ‘ਤੇ ਜ਼ੋਰ ਦਿੱਤਾ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਬਣਾਈ ਰੱਖਣ ਅਤੇ ਖੇਤੀ ਲਾਗਤ ਘਟਾਉਣ ਲਈ ਵਿਗਿਆਨਕ ਖਾਦ ਪ੍ਰਬੰਧਨ ਅਪਣਾਉਣ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ ਉਹਨਾਂ ਜੰਤਰ ਅਤੇ ਸਣ ਦੀ ਹਰੀ ਖਾਦ ਨੂੰ ਖੇਤ ਵਿੱਚ ਮਿਲਾਉਣ ਦੇ ਫਾਇਦਿਆਂ ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਹਰੀ ਖਾਦ ਨੂੰ ਖੇਤ ਵਾਹੁਣ ਨਾਲ ਮਿੱਟੀ ਦੀ ਜੈਵਿਕ ਸਿਹਤ ਵਿੱਚ ਸੁਧਾਰ ਆਉਂਦਾ ਹੈ ਅਤੇ ਨਾਈਟ੍ਰੋਜਨ ਵਾਲੀਆਂ ਖਾਦਾਂ ਦੀ ਬੱਚਤ ਹੁੰਦੀ ਹੈ। ਡਾ. ਅਮਰਜੀਤ ਸਿੰਘ, ਬਲਾਕ ਖੇਤੀਬਾੜੀ ਅਫ਼ਸਰ, ਸੰਗਰੂਰ ਨੇ ਕੁਦਰਤੀ ਸਰੋਤਾਂ ਦੀ ਸੰਭਾਲ ‘ਤੇ ਜ਼ੋਰ ਦਿੰਦਿਆਂ ਧਰਤੀ ਦੀ ਰੱਖਿਆ ਲਈ ਖੇਤੀ-ਰਸਾਇਣਾਂ ਦੀ ਸੁਚੱਜੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਝੋਨੇ ਦੇ ਬੌਣੇ ਵਾਇਰਸ ਸਬੰਧੀ ਕੁਸ਼ਲ ਪ੍ਰਬੰਧਨ ਲਈ ਵਿਗਿਆਨਕ ਸੁਝਾਅ ਸਾਂਝੇ ਕੀਤੇ ਅਤੇ ਕਿਸਾਨਾਂ ਨੂੰ ਖੇਤਾਂ ਵਿੱਚ ਰਸਾਇਣਕ ਖਾਦਾਂ ਪਾਉਣ ਤੋਂ ਪਹਿਲਾਂ ਮਿੱਟੀ ਟੈਸਟ ਕਰਵਾਉਣ ਲਈ ਪ੍ਰੇਰਿਤ ਕੀਤਾ।ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਕਿਹਾ ਕਿ ਜਿੱਥੇ ਪਿਛਲੀ ਕਣਕ ਦੀ ਫਸਲ ਨੂੰ ਡੀ ਏ ਪੀ ਖਾਦ ਦੀ ਸਿਫ਼ਾਰਸ਼ ਕੀਤੀ ਮਾਤਰਾ ਪਾਈ ਗਈ ਹੋਵੇ ਅਤੇ ਮਿੱਟੀ ਟੈਸਟ ਰਿਪੋਰਟ ਵਿੱਚ ਉਪਲਬਧ ਫਾਸਫੋਰਸ ਦਰਮਿਆਨੇ ਤੋਂ ਵੱਧ ਸ਼੍ਰੇਣੀ ਵਿੱਚ ਆਈ ਹੋਵੇ ਤਾਂ ਉੱਥੇ ਝੋਨੇ ਅਤੇ ਬਾਸਮਤੀ ਵਿੱਚ ਫਾਸਫੋਰਸ ਖਾਦਾਂ ਦੀ ਵਰਤੋਂ ਬਿਲਕੁਲ ਨਾ ਕੀਤੀ ਜਾਵੇ। ਉਨ੍ਹਾਂ ਨੇ ਸੁਝਾਅ ਦਿੱਤਾ ਕਿ ਜਿੱਥੇ ਢੈਂਚਾ ਅਤੇ ਸਣ ਵਰਗੀਆਂ ਹਰੀ ਖਾਦ ਵਾਲੀਆਂ ਫਸਲਾਂ ਵਾਹੀਆਂ ਗਈਆਂ ਹੋਣ, ਉੱਥੇ ਕਿਸਾਨ ਯੂਰੀਆ ਦੀ ਵਰਤੋਂ ਘਟਾ ਦੇਣ।ਡਾ. ਦੀਪਕ ਮੋਹਨ, ਵਿਗਿਆਨੀ, ਭਾਰਤੀ ਮੱਕੀ ਖੋਜ ਸੰਸਥਾਨ, ਲੁਧਿਆਣਾ ਨੇ ਸਾਉਣੀ ਦੀ ਮੱਕੀ ਵਿੱਚ ਏਕੀਕ੍ਰਿਤ ਪੋਸ਼ਕ ਤੱਤ ਪ੍ਰਬੰਧਨ ‘ਤੇ ਚਰਚਾ ਕੀਤੀ। ਉਨ੍ਹਾਂ ਕਿਸਾਨਾਂ ਨੂੰ ਖਾਦਾਂ ਦੀ ਬੇਲੋੜੀ ਵਰਤੋਂ ਤੋਂ ਸੁਚੇਤ ਕੀਤਾ ਅਤੇ ਇਸ ਦੇ ਮਿੱਟੀ, ਫਸਲ ਉਤਪਾਦਕਤਾ ਅਤੇ ਵਾਤਾਵਰਨ ‘ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਨੂੰ ਉਜਾਗਰ ਕੀਤਾ। ਡਾ. ਲਵਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ, ਸੰਗਰੂਰ ਨੇ ਪੰਜਾਬ ਸਰਕਾਰ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜਿਨ੍ਹਾਂ ਤਹਿਤ ਝੋਨੇ ਦੀ ਸਿੱਧੀ ਬਿਜਾਈ, ਸਾਉਣੀ ਦੀ ਮੱਕੀ ਅਤੇ ਜਿਪਸਮ ਲਈ ਸਬਸਿਡੀ ਦਿੱਤੀ ਜਾਂਦੀ ਹੈ। ਉਨ੍ਹਾਂ ਕਿਸਾਨਾਂ ਨੂੰ ਟਿਕਾਊ ਖੇਤੀ ਲਈ ਇਨ੍ਹਾਂ ਲਾਭਾਂ ਦਾ ਫਾਇਦਾ ਉਠਾਉਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਮਿੱਟੀ ਪਰਖ ਲਈ ਨਮੂਨਾ ਲੈਣ ਦੀਆਂ ਵਿਗਿਆਨਕ ਤਕਨੀਕਾਂ ਸਾਂਝੀਆਂ ਕੀਤੀਆਂ। ਇਸ ਪ੍ਰੋਗਰਾਮ ਵਿੱਚ ਇਲਾਕੇ ਦੇ ਕਿਸਾਨਾਂ ਨੇ ਸਰਗਰਮੀ ਨਾਲ ਭਾਗ ਲਿਆ। ਇਸ ਸਾਂਝੀ ਪਹਿਲ ਦਾ ਉਦੇਸ਼ ਪੰਜਾਬ ਵਿੱਚ ਸਰੋਤ-ਕੁਸ਼ਲ ਖੇਤੀ ਨੂੰ ਉਤਸ਼ਾਹਿਤ ਕਰਨਾ, ਕਾਸ਼ਤ ਦੀ ਲਾਗਤ ਘਟਾਉਣਾ ਅਤੇ ਮਿੱਟੀ ਤੇ ਪਾਣੀ ਦੇ ਸਰੋਤਾਂ ਦੀ ਰੱਖਿਆ ਕਰਨਾ ਹੈ। ਕਿਸਾਨਾਂ ਵੱਲੋਂ ਕੱਦੂ ਕਰਨ ਤੋਂ ਪਹਿਲਾਂ ਯੂਰੀਆ ਦੀ ਵਰਤੋਂ, ਨਦੀਨ ਪ੍ਰਬੰਧਨ, ਜ਼ਿੰਕ ਸਲਫੇਟ ਦੀ ਵਰਤੋਂ, ਝੋਨੇ ਦੀ ਸਿੱਧੀ ਬਿਜਾਈ ਦੀ ਰਜਿਸਟ੍ਰੇਸ਼ਨ, ਆਦਿ ਬਾਰੇ ਪੁੱਛੇ ਗਏ ਸਵਾਲਾਂ ਦੇ ਢੁਕਵੇਂ ਜਵਾਬ ਦਿੱਤੇ ਗਏ।



ਸਿਹਤਨਾਮਾ

ਮੌਸਮ ਅਨੁਸਾਰ ਕਿਵੇਂ ਰੱਖੀਏ ਸਰੀਰ ਨੂੰ ਤੰਦਰੁਸਤ

ਮੌਸਮ ਅਨੁਸਾਰ ਅਸੀਂ ਆਪਣੀ ਚਮੜੀ ਦੀ ਕਿਵੇਂ ਦੇਖਭਾਲ ਕਰਨੀ ਹੈ, ਉਨ੍ਹਾਂ ਉਪਾਵਾਂ ਨੂੰ ਤਾਂ ਅਸੀਂ ਧਿਆਨ ਵਿਚ ਰੱਖ ਲੈਂਦੇ ਹਾਂ ਪਰ ਮੌਸਮ ਅਨੁਸਾਰ ਆਪਣੇ ਸਰੀਰ ਨੂੰ ਤੰਦਰੁਸਤ ਕਿਵੇਂ ਰੱਖਣਾ ਹੈ, ਇਸ 'ਤੇ ਧਿਆਨ ਨਹੀਂ ਦਿੰਦੇ ਜਦੋਂ ਕਿ ਇਹ ਬਹੁਤ ਜ਼ਰੂਰੀ ਹੈ। ਇਸੇ ਤਰ੍ਹਾਂ ਗਰਮੀ ਆਉਣ 'ਤੇ ਅਸੀਂ ਤੇਜ਼ ਧੁੱਪ ਤੋਂ ਆਪਣੇ-ਆਪ ਨੂੰ ਕਿਵੇਂ ਬਚਾਅ ਕੇ ਰੱਖੀਏ, ਇਸ ਦਾ ਧਿਆਨ ਰੱਖਦੇ ਹੋਏ ਸਰੀਰ ਵਿਚ ਆਉਣ ਵਾਲੀ ਕਮਜ਼ੋਰੀ ਨੂੰ ਦੂਰ ਕਿਵੇਂ ਕਰੀਏ, ਇਸ 'ਤੇ ਵੀ ਪੂਰਾ ਧਿਆਨ ਦੇਣਾ ਚਾਹੀਦਾ ਹੈ। ਸਰੀਰ ਨੂੰ ਅੰਦਰ ਤੱਕ ਠੰਢਾ ਰੱਖਣ ਲਈ ਸਾਨੂੰ ਦਿਨ ਭਰ ਵਿਚ ਪਾਣੀ ਦਾ ਸੇਵਨ ਭਰਪੂਰ ਮਾਤਰਾ ਵਿਚ ਕਰਨਾ ਚਾਹੀਦਾ ਹੈ। ਜੇ ਜ਼ਿਆਦਾ ਪਾਣੀ ਨਹੀਂ ਪੀ ਸਕਦੇ ਤਾਂ ਰੂਹਅਫਜ਼ਾ ਪਾਣੀ ਵਿਚ ਪਾ ਕੇ ਪੀਓ। ਨਿੰਬੂ-ਪਾਣੀ ਵੀ ਲੈ ਸਕਦੇ ਹੋ। ਸਾਫਟ ਡ੍ਰਿੰਕਸ, ਰੈਡੀਮੇਡ ਜੂਸ ਸਰੀਰ ਨੂੰ ਊਰਜਾ ਤਾਂ ਦਿੰਦੇ ਹਨ ਅਤੇ ਠੰਢਕ ਵੀ ਪਰ ਸਿਹਤ ਦੇ ਲਿਹਾਜ਼ ਨਾਲ ਇਨ੍ਹਾਂ ਦਾ ਜ਼ਿਆਦਾ ਸੇਵਨ ਨੁਕਸਾਨਦੇਹ ਹੁੰਦਾ ਹੈ।

ਪਾਣੀ ਦਾ ਕਰੋ ਸੇਵਨ ਦਿਨ ਭਰ ਵਿਚ 8 ਤੋਂ 10 ਗਿਲਾਸ ਪਾਣੀ ਤਾਂ ਜ਼ਰੂਰ ਪੀਣਾ ਚਾਹੀਦਾ ਹੈ। ਪਾਣੀ ਨਾਲ ਸਰੀਰ ਨੂੰ ਕਈ ਲਾਭ ਹੁੰਦੇ ਹਨ। ਸਰੀਰ ਵਿਚ ਨਮੀ ਬਣੀ ਰਹਿੰਦੀ ਹੈ। ਸਰੀਰ ਵਿਚੋਂ ਜ਼ਹਿਰੀਲੇ ਪਦਾਰਥ ਪਸੀਨੇ ਅਤੇ ਮਲਮੂਤਰ ਦੁਆਰਾ ਨਿਕਲਦੇ ਹਨ। ਵੈਸੇ ਕਮਰੇ ਦੇ ਤਾਪਮਾਨ ਵਾਲਾ ਪਾਣੀ ਪੀਣ ਲਈ ਵਧੀਆ ਹੁੰਦਾ ਹੈ ਜੋ ਸਿਹਤ ਲਈ ਚੰਗਾ ਮੰਨਿਆ ਜਾਂਦਾ ਹੈ। ਦਿਨ ਵਿਚ ਚਾਹੋ ਤਾਂ ਇਕ-ਦੋ ਵਾਰ ਕੋਸਾ ਪਾਣੀ ਵੀ ਪੀ ਸਕਦੇ ਹੋ। ਇਸ ਸਭ ਨਾਲ ਪਾਚਣ ਸ਼ਕਤੀ ਠੀਕ ਰਹਿੰਦੀ ਹੈ। ਕਮਜ਼ੋਰ ਪਾਚਣ ਸ਼ਕਤੀ ਵਾਲਿਆਂ ਨੂੰ ਠੰਢਾ ਪਾਣੀ ਨੁਕਸਾਨ ਪਹੁੰਚਾਉਂਦਾ ਹੈ। ਪਾਣੀ ਤੋਂ ਇਲਾਵਾ ਨਿੰਬੂ ਪਾਣੀ, ਨਾਰੀਅਲ ਪਾਣੀ ਦਾ ਸੇਵਨ ਵੀ ਕਰ ਸਕਦੇ ਹੋ। ਝਟਪਟ ਅਨਰਜੀ ਲਈ ਜੂਸ, ਪਾਣੀ ਵਿਚ ਸ਼ਹਿਦ, ਮਿੱਠੀ ਲੱਸੀ ਵੀ ਲੈ ਸਕਦੇ ਹੋ ਪਰ ਇਨ੍ਹਾਂ ਦਾ ਨਿਯਮਤ ਸੇਵਨ ਠੀਕ ਨਹੀਂ।

ਫਲਾਂ ਅਤੇ ਸਬਜ਼ੀਆਂ ਦਾ ਰਸ ਤਾਜ਼ਾ ਫਲਾਂ ਦਾ ਰਸ ਸਰੀਰ ਨੂੰ ਇੰਸਟੈਂਟ ਅਨਰਜੀ ਦਿੰਦਾ ਹੈ, ਕਿਉਂਕਿ ਫਲਾਂ ਵਿਚ ਕੁਦਰਤੀ ਸ਼ੂਗਰ ਦੀ ਮਾਤਰਾ ਜ਼ਿਆਦਾ ਹੁੰਦੀ ਹੈ, ਜੋ ਰਸ ਦੇ ਰੂਪ ਵਿਚ ਖ਼ੂਨ ਵਿਚ ਛੇਤੀ ਘੁਲ ਜਾਂਦੀ ਹੈ ਅਤੇ ਸਰੀਰ ਨੂੰ ਊਰਜਾ ਪ੍ਰਾਪਤ ਹੁੰਦੀ ਹੈ। ਜ਼ਿਆਦਾ ਰਸ ਵੀ ਸਰੀਰ ਨੂੰ ਨੁਕਸਾਨ ਪਹੁੰਚਾਉਂਦਾ ਹੈ। ਰਸ ਬੱਚਿਆਂ, ਰੋਗੀਆਂ ਅਤੇ ਬਜ਼ੁਰਗ ਲੋਕਾਂ ਲਈ ਜ਼ਿਆਦਾ ਲਾਭਦਾਇਕ ਹੁੰਦਾ ਹੈ। ਨਿਰੋਗੀ ਲੋਕਾਂ ਨੂੰ ਫਲਾਂ ਦਾ ਸੇਵਨ ਜ਼ਿਆਦਾ ਕਰਨਾ ਚਾਹੀਦਾ ਹੈ ਤਾਂ ਕਿ ਸਰੀਰ ਨੂੰ ਲੋੜੀਂਦੀ ਮਾਤਰਾ ਵਿਚ ਰੇਸ਼ਾ ਪ੍ਰਾਪਤ ਹੋ ਸਕੇ। ਸਬਜ਼ੀਆਂ ਦੇ ਰਸ ਨਾਲ ਸਰੀਰ ਨੂੰ ਸਬਜ਼ੀਆਂ ਦੀ ਮਾਤਰਾ ਤਰਲ ਰੂਪ ਵਿਚ ਮਿਲ ਜਾਂਦੀ ਹੈ, ਜਿਸ ਨਾਲ ਸਰੀਰ ਨੂੰ ਲਾਭ ਮਿਲਦਾ ਹੈ।

ਹਰਬਲ ਟੀ : ਹਰਬਲ ਟੀ ਵਿਚ ਕੈਫੀਨ ਦੀ ਮਾਤਰਾ ਨਾ ਹੋਣ ਕਾਰਨ ਸਰੀਰ ਲਈ ਇਹ ਸਰਬੋਤਮ ਹੈ। ਨਿਯਮਤ ਸੇਵਨ ਕਰਨ ਨਾਲ ਪਾਚਣ ਸਬੰਧੀ ਸਮੱਸਿਆਵਾਂ ਵਿਚ ਲਾਭ ਮਿਲਦਾ ਹੈ। ਹਰਬਲ ਟੀ ਵਿਚ ਕਈ ਸਵਾਦ ਉਪਲਬਧ ਹਨ, ਆਪਣੀ ਪਸੰਦ ਅਨੁਸਾਰ ਹਰਬਲ ਟੀ ਪੀਣ ਦੀ ਆਦਤ ਸਿਹਤ ਲਈ ਲਾਭਦਾਇਕ ਹੁੰਦੀ ਹੈ।

ਲੱਸੀ ਦਾ ਸੇਵਨ ਕਰੋ : ਡਬਲ ਟੋਂਡ ਦੁੱਧ ਦੇ ਦਹੀਂ ਤੋਂ ਬਣੀ ਲੱਸੀ ਸਰੀਰ ਨੂੰ ਅੰਦਰ ਤੱਕ ਠੰਢਾ ਕਰਦੀ ਹੈ। ਗਰਮੀਆਂ ਵਿਚ ਇਸ ਦਾ ਨਿਯਮਤ ਸੇਵਨ ਲਾਭਦਾਇਕ ਹੈ। ਲੱਸੀ ਤੁਸੀਂ ਫਿੱਕੀ ਜਾਂ ਹਲਕੇ ਨਮਕ, ਜ਼ੀਰੇ ਵਾਲੀ ਲੈ ਸਕਦੇ ਹੋ।

ਡੀ ਕੈਫਿਨੇਟੇਡ ਕੌਫੀ : ਡੀ ਕੈਫਿਨੇਟੇਡ ਕੌਫੀ ਵਿਚ ਕੈਫੀਨ ਦੀ ਮਾਤਰਾ ਬਹੁਤ ਘੱਟ ਹੁੰਦੀ ਹੈ। ਕੌਫੀ ਦੇ ਸ਼ੌਕੀਨ ਲੋਕਾਂ ਨੂੰ ਇਸ ਦਾ ਸੇਵਨ ਗਰਮੀਆਂ ਵਿਚ ਕਰਨਾ ਚਾਹੀਦਾ ਹੈ ਪਰ ਧਿਆਨ ਰੱਖੋ ਕਿ ਇਸ ਵਿਚ ਕ੍ਰੀਮ ਅਤੇ ਦੁੱਧ ਦੀ ਮਾਤਰਾ ਘੱਟ ਰੱਖੋ। ਖੰਡ ਵੀ ਘੱਟ ਅਤੇ ਪਾਣੀ ਸਾਫ਼ ਹੋਣਾ ਚਾਹੀਦਾ ਹੈ।

ਗਰਮੀ 'ਚ ਨਿੰਬੂ ਦਾ ਸਵਾਦ

ਗਰਮ ਮੌਸਮ, ਚਮਕਦੀ ਧੁੱਪ ਜਾਂ ਲੂ ਦਾ ਪ੍ਰਕੋਪ ਹੋਵੇ ਤਾਂ ਤੁਸੀਂ ਕੱਢੋ ਨਿੰਬੂ ਅਤੇ ਕਰ ਲਓ ਸ਼ਿਕੰਜਵੀ ਤਿਆਰ। ਗਰਮੀ ਵਿਚ ਨਿੰਬੂ ਦਾ ਸਵਾਦ ਅਤੇ ਉਸ ਦੇ ਗੁਣ ਹੀ ਅਜਬ ਨਿਰਾਲੇ ਹਨ।

ਗਰਮੀ ਵਿਚ ਨਿੰਬੂ ਦਾ ਨਿਯਮਤ ਸੇਵਨ ਲਾਭਦਾਇਕ ਹੁੰਦਾ ਹੈ।

ਨਿੰਬੂ ਦੀ ਵਰਤੋਂ ਭੋਜਨ ਦੇ ਨਾਲ ਕਰਨ 'ਤੇ ਭੋਜਨ ਦਾ ਸਵਾਦ ਹੀ ਬਦਲ ਜਾਂਦਾ ਹੈ। ਦਾਲ ਬਣਾਓ, ਨਿੰਬੂ ਮਿਲਾਓ, ਸਵਾਦ ਨਾਲ ਖਾਓ। ਗਰਮੀ ਦੇ ਦਿਨਾਂ ਵਿਚ ਅਕਸਰ ਪੇਟ ਦਰਦ ਅਤੇ ਕਬਜ਼ ਦੀ ਸ਼ਿਕਾਇਤ ਹੁੰਦੀ ਹੈ। ਪਾਣੀ ਵਿਚ ਨਿੰਬੂ-ਲੂਣ ਮਿਲਾਓ, ਪੀ ਜਾਓ, ਪੇਟ ਦੀ ਪ੍ਰੇਸ਼ਾਨੀ ਦੂਰ।

ਨਿੰਬੂ ਅਜੀਰਨ ਦੀ ਸ਼ਿਕਾਇਤ ਵੀ ਦੂਰ ਕਰਦਾ ਹੈ। ਪੇਟ ਦੀਆਂ ਅਨੇਕਾਂ ਸ਼ਿਕਾਇਤਾਂ ਵਿਚ ਨਿੰਬੂ ਰਾਮਬਾਣ ਸਾਬਤ ਹੁੰਦਾ ਹੈ। ਜਦੋਂ ਪੇਟ ਵਿਚ ਮੰਦਾਗਿਨ ਹੋਵੇ ਤਾਂ ਨਿੰਬੂ ਦਾ ਸ਼ਰਬਤ ਲਓ। ਰਾਹਤ ਮਿਲੇਗੀ। ਪੇਟ ਦੇ ਕੀੜਿਆਂ ਨੂੰ ਵੀ ਦੂਰ ਕਰਨ ਵਿਚ ਨਿੰਬੂ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਨਿੰਬੂ ਨੂੰ ਨਿਚੋੜ ਕੇ ਰਸ ਵੱਖ ਕਰ ਲਓ। ਛਿੱਲ ਨਾਲ ਗੱਲ੍ਹਾਂ ਨੂੰ ਹੌਲੀ-ਹੌਲੀ ਮਲੋ, ਚਮੜੀ ਵਿਚ ਬਦਲਾਅ ਆਵੇਗਾ। ਇਹ ਵਰਤੋਂ ਨਿਯਮਤ ਕਰਨ ਦੀ ਆਦਤ ਨਾ ਬਣਾਓ।

ਨਿੰਬੂ-ਦਹੀਂ ਦੇ ਲੇਪ ਨਾਲ ਸਿਰ ਧੋਣ ਨਾਲ ਖੁਸ਼ਕੀ ਤੋਂ ਰਾਹਤ ਮਿਲਦੀ ਹੈ।ਗਰਮੀ ਰੁੱਤ ਵਿਚ ਨਿੰਬੂ, ਪੁਦੀਨੇ ਦਾ ਸ਼ਰਬਤ ਗਰਮੀ ਤੋਂ ਰਾਹਤ ਦਿਵਾਉਂਦਾ ਹੈ।ਭੋਜਨ ਪ੍ਰਤੀ ਅਰੁਚੀ ਹੋਣ 'ਤੇ ਨਿੰਬੂ-ਲੂਣ ਵਿਚ ਜੀਰੇ ਦਾ ਲੇਪ ਲਗਾ ਕੇ ਚੂਸੋ।

ਪਿੱਤ ਦੀ ਪ੍ਰੇਸ਼ਾਨੀ ਵਿਚ ਨਿੰਬੂ ਦੀ ਵਰਤੋਂ ਲਾਭਦਾਇਕ ਹੁੰਦੀ ਹੈ। ਵੱਖ-ਵੱਖ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਮੁਕਤੀ ਦਿਵਾਉਣ ਦੀ ਨਿੰਬੂ ਵਿਚ ਅਦਭੁੱਤ ਸਮਰੱਥਾ ਹੈ।

ਵਿਟਾਮਿਨ 'ਸੀ' ਦੇ ਫਾਇਦੇ

ਕੀ ਤੁਸੀਂ ਜਾਣਦੇ ਹੋ ਕਿ ਵਿਟਾਮਿਨ 'ਸੀ' ਤੁਹਾਡੇ ਖ਼ੂਨ ਵਿਚ ਕੋਲੈਸਟ੍ਰੋਲ ਦੇ ਪੱਧਰ ਨੂੰ ਕਾਬੂ ਕਰਦਾ ਹੈ, ਕੈਂਸਰ ਦੀ ਸੰਭਾਵਨਾ ਨੂੰ ਘੱਟ ਕਰਦਾ ਹੈ ਅਤੇ ਦਿਮਾਗ ਦੇ ਕੰਮ ਵਿਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਇਹ ਤਾਂ ਅਸੀਂ ਜਾਣਦੇ ਹਾਂ ਕਿ ਵਿਟਾਮਿਨ 'ਸੀ' ਸਾਨੂੰ ਸਕਰਵੀ ਨਾਮਕ ਰੋਗ ਤੋਂ ਬਚਾਉਂਦਾ ਹੈ ਅਤੇ ਵਿਟਾਮਿਨ 'ਸੀ' ਦੀ ਕਮੀ ਹੋਣ ਨਾਲ ਅਸੀਂ ਇਸ ਰੋਗ ਦਾ ਸ਼ਿਕਾਰ ਹੋ ਸਕਦੇ ਹਾਂ। ਇਹੀ ਨਹੀਂ, ਵਿਟਾਮਿਨ 'ਸੀ' ਅੱਖਾਂ ਦੇ ਰੋਗ ਗਲੂਕੋਮਾ ਤੋਂ ਵੀ ਅੱਖਾਂ ਦਾ ਬਚਾਅ ਕਰਦਾ ਹੈ। ਵਿਟਾਮਿਨ 'ਸੀ' ਦਿਮਾਗ ਵਿਚ ਇਕ ਰਸਾਇਣ ਸੇਰਾਟੋਨਿਨ ਦੇ ਬਣਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ ਅਤੇ ਇਸ ਰਸਾਇਣ ਦਾ ਸਬੰਧ ਸਾਡੀ ਨੀਂਦ ਨਾਲ ਹੁੰਦਾ ਹੈ। ਇਸ ਲਈ ਤੁਸੀਂ ਵੀ ਵਿਟਾਮਿਨ 'ਸੀ' ਵਾਲੇ ਖਾਧ ਪਦਾਰਥਾਂ ਦਾ ਸੇਵਨ ਕਰੋ। ਵਿਟਾਮਿਨ 'ਸੀ' ਦੇ ਚੰਗੇ ਸਰੋਤ ਹਨ ਕੱਚੇ ਫਲ, ਹਰੀਆਂ ਪੱਤੇਦਾਰ ਸਬਜ਼ੀਆਂ, ਟਮਾਟਰ, ਸ਼ਿਮਲਾ ਮਿਰਚ, ਰਸ ਵਾਲੇ ਫਲ, ਖਰਬੂਜ਼ਾ ਆਦਿ। ਸਿਗਰਟ, ਕੈਫੀਨ ਵਾਲੇ ਪਦਾਰਥਾਂ ਦਾ ਸੇਵਨ ਨਾ ਕਰੋ, ਕਿਉਂਕਿ ਇਹ ਖ਼ੂਨ ਵਿਚ ਵਿਟਾਮਿਨ 'ਸੀ' ਨੂੰ ਨਸ਼ਟ ਕਰਦਾ ਹੈ।



'ਹੱਸਣਾ' ਕੁਦਰਤ ਵੱਲੋਂ ਮਿਲਿਆ ਮਨੁੱਖ ਨੂੰ ਅਨਮੋਲ ਤੋਹਫ਼ਾ

ਸੀਤਾ ਰਾਮ ਗੁਪਤਾ

ਹਾਸਾ ਇਕ ਸਹਿਜ-ਸੁਭਾਵਿਕ ਕਿਰਿਆ ਹੈ ਪਰ ਹੈ ਇਕ ਅਨੂਠੀ ਕਿਰਿਆ। ਇਹ ਇਕ ਮੂਲ ਪ੍ਰਾਵਿਰਤੀ ਹੈ ਜੋ ਕੇਵਲ ਮਨੁੱਖ ਵਿਚ ਹੀ ਪਾਈ ਜਾਂਦੀ ਹੈ। ਕਿਹਾ ਗਿਆ ਹੈ ਕਿ ਸਾਹਿਤ, ਸੰਗੀਤ ਅਤੇ ਕਲਾ ਤੋਂ ਵਿਹੂਣਾ ਮਨੁੱਖ ਪਸ਼ੂ ਦੇ ਬਰਾਬਰ ਹੈ। ਇਹ ਗੱਲ ਕੁਝ ਹੱਦ ਤੱਕ ਠੀਕ ਹੈ ਪਰ ਵਿਵਹਾਰਕ ਪੱਧਰ 'ਤੇ ਦੇਖੀਏ ਤਾਂ ਜੋ ਵਿਅਕਤੀ ਕੁਦਰਤ ਵੱਲੋਂ ਮਨੁੱਖ ਨੂੰ ਦਿੱਤੇ ਇਸ ਅਨਮੋਲ ਤੋਹਫ਼ੇ 'ਹਾਸੇ' ਦੀ ਆਪਣੇ ਜੀਵਨ ਵਿਚ ਵਰਤੋਂ ਨਹੀਂ ਕਰਦਾ, ਉਹ ਸਭ ਤੋਂ ਵੱਡਾ ਪਸ਼ੂ ਹੈ।ਮਨੁੱਖੀ ਜਾਤੀ ਨਾਲ ਮਿਲਦੇ ਪ੍ਰਾਣੀਆਂ ਵਿਚ ਸਿਰਫ ਚਿੰਪਾਜੀ ਹੀ ਇਕ ਅਜਿਹਾ ਪ੍ਰਾਣੀ ਹੈ ਜੋ ਕੁਝ ਹੱਦ ਤੱਕ ਹੱਸਣ ਵਰਗੀ ਕਿਰਿਆ ਕਰ ਸਕਦਾ ਹੈ, ਨਹੀਂ ਤਾਂ ਪੂਰੀ ਸ੍ਰਿਸ਼ਟੀ ਵਿਚ ਮਨੁੱਖ ਹੀ ਇਕ ਮਾਤਰ ਪ੍ਰਾਣੀ ਹੈ, ਜਿਸ ਨੂੰ ਕੁਦਰਤ ਨੇ ਇਹ ਅਨਮੋਲ ਖਜ਼ਾਨਾ ਪ੍ਰਦਾਨ ਕੀਤਾ ਹੈ। ਇਸ ਲਈ ਹਾਸੇ ਰੂਪੀ ਇਸ ਅਨਮੋਲ ਖਜ਼ਾਨੇ ਦੀ ਭਰਪੂਰ ਵਰਤੋਂ ਕਰੋ ਅਤੇ ਆਪਣੇ ਮਨੁੱਖ ਹੋਣ ਦਾ ਸਬੂਤ ਦਿਓ। ਇਕ ਉਪਚਾਰਕ ਪ੍ਰਕਿਰਿਆ ਹੈ ਹਾਸਾ : ਹੱਸਣਾ ਇਕ ਸੰਪੂਰਨ ਕਸਰਤ ਹੈ, ਜਿਸ ਨਾਲ ਸਰੀਰ ਦੀਆਂ ਸਾਰੀਆਂ ਨਾੜੀਆਂ ਖੁੱਲ੍ਹਦੀਆਂ ਹਨ ਅਤੇ ਸਰੀਰ ਦੀ ਥਕਾਵਟ ਦੂਰ ਹੋ ਕੇ ਤਾਜ਼ਗੀ ਪੈਦਾ ਹੁੰਦੀ ਹੈ। ਖੁੱਲ੍ਹ ਕੇ ਹੱਸਣ ਨਾਲ ਫੇਫੜੇ, ਗਲੇ ਅਤੇ ਮੂੰਹ ਦੀ ਚੰਗੀ ਕਸਰਤ ਹੋ ਜਾਂਦੀ ਹੈ। ਪੇਟ ਅਤੇ ਛਾਤੀ ਦੇ ਸਨਾਯੂ ਮਜ਼ਬੂਤ ਹੁੰਦੇ ਹਨ। ਡਾਇਫ੍ਰਾਮ ਮਜ਼ਬੂਤ ਹੁੰਦਾ ਹੈ ਅਤੇ ਇਸ ਨਾਲ ਮੂੰਹ, ਗਲੇ ਅਤੇ ਫੇਫੜਿਆਂ ਸਬੰਧੀ ਬਿਮਾਰੀਆਂ ਦੇ ਇਲਾਜ ਵਿਚ ਮਦਦ ਮਿਲਦੀ ਹੈ।

ਹੱਸਣ ਨਾਲ ਖ਼ੂਨ ਸੰਚਾਰ ਦੀ ਗਤੀ ਤੀਬਰ ਹੁੰਦੀ ਹੈ, ਜਿਸ ਨਾਲ ਖ਼ੂਨ ਵਿਚ ਆਕਸੀਜਨ ਦੀ ਮਾਤਰਾ ਵਧ ਜਾਂਦੀ ਹੈ। ਇਸ ਪੂਰੀ ਪ੍ਰਕਿਰਿਆ ਨਾਲ ਚਿਹਰੇ 'ਤੇ ਰੌਣਕ ਆ ਜਾਂਦੀ ਹੈ। ਜੋ ਜਿੰਨਾ ਜ਼ਿਆਦਾ ਹੱਸਦਾ-ਹਸਾਉਂਦਾ ਹੈ, ਉਸ ਦਾ ਚਿਹਰਾ ਓਨਾ ਹੀ ਜ਼ਿਆਦਾ ਚਮਕਦਾ ਹੈ। ਸਰੀਰ ਵਿਚ ਜਿੰਨੀ ਜ਼ਿਆਦਾ ਮਾਤਰਾ ਵਿਚ ਆਕਸੀਜਨ ਖਪਤ ਹੁੰਦੀ ਹੈ, ਓਨੀ ਹੀ ਜ਼ਿਆਦਾ ਊਰਜਾ ਪੈਦਾ ਹੁੰਦੀ ਹੈ ਅਤੇ ਜਿੰਨੀ ਜ਼ਿਆਦਾ ਊਰਜਾ ਪੈਦਾ ਹੋਵੇਗੀ, ਅਸੀਂ ਓਨੇ ਹੀ ਜ਼ਿਆਦਾ ਤੰਦਰੁਸਤ ਅਤੇ ਰੋਗਾਂ ਤੋਂ ਮੁਕਤ ਹੋਵਾਂਗੇ। ਇਸ ਤਰ੍ਹਾਂ ਹਾਸੇ ਵਿਚ ਜੀਵਨ ਦੇ ਉਪਚਾਰਕ ਅਤੇ ਪੋਸ਼ਕ ਤੱਤ ਮੌਜੂਦ ਹਨ।ਹਾਸੇ ਦੁਆਰਾ ਜੀਵਨ ਰਸ ਦੀ ਪ੍ਰਾਪਤੀ : ਹਾਸੇ ਦੁਆਰਾ ਸਾਡੇ ਸਰੀਰ ਦੀ ਜੀਵ-ਰਸਾਇਣਕ ਸਰੰਚਨਾ ਵਿਚ ਤਬਦੀਲੀ ਆਉਂਦੀ ਹੈ। ਹੱਸਣ ਨਾਲ ਤਣਾਅ ਪੈਦਾ ਕਰਨ ਵਾਲੇ ਹਾਰਮੋਨਸ ਕਾਰਟੀਸੋਲ ਅਤੇ ਇਪਿਨਪ੍ਰਾਈਨ ਦੇ ਪੱਧਰ ਵਿਚ ਕਮੀ ਆਉਂਦੀ ਹੈ, ਜਿਸ ਨਾਲ ਸਰੀਰ ਤਣਾਅਮੁਕਤ ਹੋ ਜਾਂਦਾ ਹੈ ਅਤੇ ਤਣਾਅ ਮੁਕਤੀ ਦਾ ਅਰਥ ਹੈ ਚੰਗੀ ਸਿਹਤ। ਇਸ ਤੋਂ ਇਲਾਵਾ ਹੱਸਣ ਨਾਲ ਸਰੀਰ ਵਿਚ ਇੰਡੋਫਿਰਨ ਨਾਮੀ ਹਾਰਮੋਨ ਦੀ ਮਾਤਰਾ ਵਿਚ ਵਾਧਾ ਹੁੰਦਾ ਹੈ ਜੋ ਸਰੀਰ ਲਈ ਸੁਭਾਵਿਕ ਰੂਪ ਨਾਲ ਦਰਦ ਨਿਵਾਰਕ ਅਤੇ ਰੋਗ ਅਵਰੋਧਕ ਦਾ ਕੰਮ ਕਰਦਾ ਹੈ। ਕਹਿਣ ਦਾ ਭਾਵ ਇਹ ਹੈ ਕਿ ਹੱਸਣ ਨਾਲ ਸਰੀਰ ਲਈ ਉਪਯੋਗੀ ਹਾਰਮੋਨ ਦਾ ਉਤਸਰਜਨ ਸ਼ੁਰੂ ਹੋ ਜਾਂਦਾ ਹੈ, ਜੋ ਸਾਡੇ ਚੰਗੇ ਸੁਭਾਅ ਲਈ ਜ਼ਰੂਰੀ ਹੈ। ਇਸ ਤਰ੍ਹਾਂ ਹੱਸਣਾ ਚੰਗੀ ਸਿਹਤ ਦਾ ਪ੍ਰਤੀਕ ਹੈ। ਇਕ ਖੋਜ ਦੇ ਅਨੁਸਾਰ ਹੱਸਣ ਅਤੇ ਖੁਸ਼ ਰਹਿਣ ਨਾਲ ਟੀ. ਲਿੰਫੋਸਾਈਟਸ ਜ਼ਿਆਦਾ ਕਿਰਿਆਸ਼ੀਲ ਹੋ ਜਾਂਦੇ ਹਨ, ਜਿਨ੍ਹਾਂ ਨਾਲ ਉਨ੍ਹਾਂ ਕੁਦਰਤੀ ਸੈੱਲਾਂ ਦੇ ਨਿਰਮਾਣ ਵਿਚ ਵਾਧਾ ਹੁੰਦਾ ਹੈ, ਜਿਨ੍ਹਾਂ ਨੂੰ ਕਿਲਰ ਸੈੱਲ ਕਹਿੰਦੇ ਹਨ। ਇਹ ਕਿਲਰ ਸੈੱਲ ਕੈਂਸਰ ਵਰਗੇ ਘਾਤਕ ਰੋਗ ਪੈਦਾ ਕਰਨ ਵਾਲੇ ਭਿਆਨਕ ਸੈੱਲਾਂ ਨੂੰ ਨਸ਼ਟ ਕਰਨ ਵਿਚ ਸਮਰੱਥ ਹੁੰਦੇ ਹਨ।

ਭੱਜ-ਦੌੜ ਦੀ ਜ਼ਿੰਦਗੀ 'ਚ ਕਿਵੇ ਰਹੀਏ ਚੁਸਤ-ਦਰੁਸਤ

ਅੱਜ ਦੇ ਯੁੱਗ ਵਿਚ ਭੱਜ-ਦੌੜ ਦੇ ਨਾਲ-ਨਾਲ ਮੁਕਾਬਲਾ ਵੀ ਬਹੁਤ ਵਧ ਗਿਆ ਹੈ। ਅਜਿਹੇ ਵਿਚ ਖੁਦ ਨੂੰ ਬਿਹਤਰ ਸਾਬਤ ਕਰਨ ਲਈ ਵੱਧ ਤੋਂ ਵੱਧ ਯਤਨਾਂ ਦੇ ਨਾਲ-ਨਾਲ ਸਰੀਰ ਨੂੰ ਤੰਦਰੁਸਤ ਰੱਖਣਾ ਵੀ ਬੇਹੱਦ ਜ਼ਰੂਰੀ ਹੁੰਦਾ ਹੈ। ਆਪਣੇ ਕੰਮ ਨੂੰ ਕਰਨ ਲਈ ਵੀ ਪੂਰਾ ਦਿਨ ਚੁਸਤ-ਦਰੁਸਤ ਰਹਿਣ ਦੀ ਲੋੜ ਰਹਿੰਦੀ ਹੈ।

ਭੱਜ-ਦੌੜ ਦੇ ਕਾਰਨ ਨਾ ਸਿਰਫ ਤਣਾਅ ਵਧ ਜਾਂਦਾ ਹੈ, ਸਗੋਂ ਸਰੀਰ ਵੀ ਸੁਸਤ ਹੋ ਜਾਂਦਾ ਹੈ। ਅਜਿਹੇ ਵਿਚ ਚੰਗੀ ਸਿਹਤ ਅਤੇ ਵਧੀਆ ਜੀਵਨ ਸ਼ੈਲੀ ਲਈ ਤੁਹਾਨੂੰ ਆਪਣੀ ਰੋਜ਼ਮਰਾ ਵਿਚ ਮਾਮੂਲੀ ਜਿਹਾ ਬਦਲਾਅ ਲਿਆਉਣਾ ਪਵੇਗਾ। ਹੇਠ ਲਿਖੇ ਸੁਝਾਵਾਂ ਅਤੇ ਉਪਾਵਾਂ ਨੂੰ ਧਿਆਨ ਨਾਲ ਅਪਣਾ ਕੇ ਤੁਸੀਂ ਖੁਦ ਨੂੰ ਚੁਸਤ-ਦਰੁਸਤ ਰੱਖ ਸਕਦੇ ਹੋ-

× ਸਵੇਰੇ ਪਖਾਨਾ ਜਾਣ ਤੋਂ ਬਾਅਦ ਪੂਰੇ ਸਰੀਰ ਦੀ ਸਰ੍ਹੋਂ ਦੇ ਤੇਲ ਨਾਲ ਮਾਲਸ਼ ਕਰੋ। ਹੱਥਾਂ-ਪੈਰਾਂ 'ਤੇ ਥੋੜ੍ਹੀ ਦੇਰ ਤੱਕ ਮਾਲਸ਼ ਕਰਨ ਨਾਲ ਸਰੀਰ ਵਿਚ ਚੁਸਤੀ ਆਉਣ ਲਗਦੀ ਹੈ।

× ਮਾਲਸ਼ ਤੋਂ ਬਾਅਦ ਨਹਾ ਕੇ ਕੁਝ ਦੇਰ ਤੱਕ ਇਕਾਂਤ ਵਿਚ ਬੈਠ ਕੇ ਧਿਆਨ ਕਰੋ ਅਤੇ ਮਨ ਨੂੰ ਇਕਾਗਰ ਕਰਕੇ ਆਪਣੀ ਜੀਵਨ ਸ਼ੈਲੀ ਬਾਰੇ ਸੋਚੋ ਅਤੇ ਆਪਣੀਆਂ ਕਮੀਆਂ ਨੂੰ ਦੂਰ ਕਰਨ ਦੀ ਚੇਸ਼ਟਾ ਕਰੋ।

× ਸਵੇਰ ਦਾ ਟਹਿਲਣਾ ਜਾਂ ਹਲਕੀ-ਫੁਲਕੀ ਕਸਰਤ ਤੁਹਾਨੂੰ ਫਿੱਟ ਅਤੇ ਤਰੋਤਾਜ਼ਾ ਬਣਾਈ ਰੱਖਦੀ ਹੈ। ਇਸ ਲਈ ਰੋਜ਼ ਕਸਰਤ ਦੀ ਆਦਤ ਜ਼ਰੂਰ ਪਾਓ।

× ਸਵੇਰ ਦੇ ਨਾਸ਼ਤੇ ਵਿਚ ਇਕ ਸੇਬ ਅਤੇ ਇਕ ਸੰਤਰੇ ਨੂੰ ਨਿਯਮਤ ਰੂਪ ਨਾਲ ਲੈਂਦੇ ਰਹਿਣ ਨਾਲ ਸਰੀਰ ਓਨੇ ਪੌਸ਼ਟਿਕ ਪਦਾਰਥ ਇਕੱਠੇ ਕਰ ਲੈਂਦਾ ਹੈ, ਜਿੰਨੇ ਦਿਨ ਭਰ ਦੀ ਭੱਜ-ਦੌੜ ਵਿਚ ਖ਼ਤਮ ਹੁੰਦੇ ਹਨ।

× ਸਵੇਰ ਸਮੇਂ ਕੋਈ ਅਜਿਹੀ ਗੱਲ ਨਾ ਸੋਚੋ ਜਿਸ ਨਾਲ ਤੁਹਾਨੂੰ ਗੁੱਸਾ ਆਵੇ। ਇਸ ਨਾਲ ਤੁਸੀਂ ਦਿਨ ਭਰ ਖੁਦ ਨੂੰ ਚਿੜਚਿੜਾ ਮਹਿਸੂਸ ਕਰੋਗੇ।

× ਸਵੇਰ ਦੇ ਸਮੇਂ ਮਨ ਨੂੰ ਸ਼ਾਂਤ ਰੱਖੋ ਅਤੇ ਚੰਗੀਆਂ ਗੱਲਾਂ ਬਾਰੇ ਹੀ ਸੋਚੋ। ਇਸ ਨਾਲ ਤੁਸੀਂ ਖੁਦ ਨੂੰ ਤਰੋਤਾਜ਼ਾ ਅਤੇ ਖੁਸ਼ ਮਹਿਸੂਸ ਕਰੋਗੇ।

× ਚੁਸਤ-ਦਰੁਸਤ ਰਹਿਣ ਲਈ ਆਪਣੇ ਭੋਜਨ 'ਤੇ ਵੀ ਧਿਆਨ ਦੇਣਾ ਜ਼ਰੂਰੀ ਹੈ, ਇਸ ਲਈ ਰੁਝੇਵਿਆਂ ਦੇ ਬਾਵਜੂਦ ਭੋਜਨ ਦੁਪਹਿਰ ਸਮੇਂ ਨਿਸ਼ਚਿਤ ਰੂਪ ਨਾਲ ਜ਼ਰੂਰ ਲਓ। ਭੁੱਖ ਲੱਗਣ 'ਤੇ ਕੇਵਲ ਚਾਹ ਪੀ ਕੇ ਹੀ ਉਸ ਨੂੰ ਦਬਾਉਂਦੇ ਰਹਿਣਾ ਸਿਹਤ ਲਈ ਚੰਗਾ ਨਹੀਂ ਹੈ।

× ਕਦੇ-ਕਦੇ ਅਸੀਂ ਇਕ-ਦੂਜੇ ਦੀਆਂ ਵਿਰੋਧੀ ਚੀਜ਼ਾਂ ਜਿਵੇਂ ਕੇਲਾ-ਲੱਸੀ, ਉੜਦ ਦੀ ਦਾਲ-ਦੁੱਧ ਆਦਿ ਸੇਵਨ ਇਕੱਠੇ ਕਰ ਲੈਂਦੇ ਹਾਂ। ਅਜਿਹੀਆਂ ਵਿਰੋਧੀ ਚੀਜ਼ਾਂ ਦਾ ਸੇਵਨ ਇਕੱਠੇ ਕਰਨ ਨਾਲ ਬਿਮਾਰ ਹੋਣ ਦਾ ਡਰ ਬਣਿਆ ਰਹਿੰਦਾ ਹੈ।

× ਨਾਸ਼ਤਾ ਕਰਨ ਤੋਂ ਪਹਿਲਾਂ ਦੋ-ਚਾਰ ਨਿੰਮ ਦੇ ਨਰਮ ਪੱਤਿਆਂ ਨੂੰ ਚਬਾਉਂਦੇ ਰਹਿਣ ਨਾਲ ਮੋਟਾਪਾ ਵਧਣ ਦੀ ਸੰਭਾਵਨਾ ਨਹੀਂ ਰਹਿੰਦੀ ਅਤੇ ਸਰੀਰ ਫਿੱਟ ਰਹਿੰਦਾ ਹੈ।

× ਸਵੇਰ ਦਾ ਨਾਸ਼ਤਾ ਜਿੰਨਾ ਸੰਭਵ ਹੋਵੇ, ਹਲਕਾ ਹੀ ਕਰੋ। ਨਾਸ਼ਤੇ ਵਿਚ ਪੁੰਗਰੀਆਂ ਦਾਲਾਂ ਅਤੇ ਫਲ ਲੈਣਾ ਜ਼ਿਆਦਾ ਲਾਭਦਾਇਕ ਹੁੰਦਾ ਹੈ।

× ਭੋਜਨ ਤੋਂ ਇਕ ਘੰਟਾ ਪਹਿਲਾਂ ਇਕ ਗਿਲਾਸ ਪਾਣੀ ਪੀ ਲਓ। ਜੇ ਉਸ ਵਿਚ ਅੱਧਾ ਨਿੰਬੂ ਦਾ ਰਸ ਵੀ ਪਾ ਦਿਓ ਤਾਂ ਭੁੱਖ ਖੁੱਲ੍ਹ ਕੇ ਲੱਗੇਗੀ।

× ਭੋਜਨ ਵਿਚ ਰੇਸ਼ੇ ਵਾਲੀਆਂ ਚੀਜ਼ਾਂ ਦਾ ਸੇਵਨ ਜ਼ਿਆਦਾ ਕਰੋ। ਇਸ ਨਾਲ ਕਬਜ਼ ਨਹੀਂ ਹੁੰਦੀ ਅਤੇ ਤੰਦਰੁਸਤੀ ਬਣੀ ਰਹਿੰਦੀ ਹੈ।

× ਔਲੇ ਦਾ ਚੂਰਨ ਬਣਾ ਕੇ ਉਸ ਵਿਚ ਵੱਡੀ ਹਰੜ, ਸੁੱਕਾ ਅਦਰਕ (ਸੁੰਢ) ਦਾ ਚੂਰਨ ਇਕੱਠੇ ਬਣਾ ਕੇ ਉਸ ਵਿਚ ਨਿੰਬੂ ਦਾ ਰਸ ਨਿਚੋੜ ਕੇ ਰੱਖ ਦਿਓ। ਭੋਜਨ ਤੋਂ ਬਾਅਦ ਉਸ ਵਿਚੋਂ ਇਕ ਚਮਚ ਚੂਰਨ ਲੈ ਕੇ ਪਾਣੀ ਨਾਲ ਖਾ ਲੈਣ ਨਾਲ ਪੇਟ ਫੁੱਲਦਾ ਨਹੀਂ ਹੈ ਅਤੇ ਗੈਸ ਵੀ ਨਹੀਂ ਬਣਦੀ।

× ਹਮੇਸ਼ਾ ਹਲਕਾ ਅਤੇ ਸ਼ੁੱਧ ਭੋਜਨ ਹੀ ਕਰੋ। ਫਾਸਟ ਫੂਡ ਦੀ ਆਦਤ ਨਾ ਪਾਓ। ਜ਼ਿਆਦਾ ਮਿਰਚ-ਮਸਾਲੇ ਅਤੇ ਚਟਰ-ਪਟਰ ਖਾਂਦੇ ਰਹਿਣ ਨਾਲ ਅਨੇਕ ਰੋਗ ਸਮੇਂ ਤੋਂ ਪਹਿਲਾਂ ਹੀ ਆ ਕੇ ਘੇਰ ਲੈਂਦੇ ਹਨ ਅਤੇ ਸਰੀਰ ਨੂੰ ਸੁਸਤ ਬਣਾ ਦਿੰਦੇ ਹਨ।

× ਰਾਤ ਨੂੰ ਸੌਣ ਤੋਂ ਪਹਿਲਾਂ ਇਕ ਗਿਲਾਸ ਗਰਮ ਦੁੱਧ ਵਿਚ ਇਕ ਚਮਚ ਸ਼ੁੱਧ ਘਿਓ ਅਤੇ ਤਿੰਨ ਚਮਚ ਸ਼ਹਿਦ ਮਿਲਾ ਕੇ ਪੀਂਦੇ ਰਹਿਣ ਨਾਲ ਸਰੀਰ ਨਿਰੋਗ

ਬਣਿਆ ਰਹਿੰਦਾ ਹੈ।

× ਦਿਨ ਭਰ ਚੁਸਤ-ਦਰੁਸਤ ਬਣੇ ਰਹਿਣ ਲਈ ਇਹ ਜ਼ਰੂਰੀ ਹੈ ਕਿ ਰਾਤ ਨੂੰ ਚੰਗੀ ਨੀਂਦ ਆਵੇ। ਹਰ ਚਿੰਤਾ ਨੂੰ ਛੱਡ ਕੇ ਘੱਟ ਤੋਂ ਘੱਟ 6-8 ਘੰਟੇ ਸੌਣਾ ਜ਼ਰੂਰੀ ਹੁੰਦਾ ਹੈ।

× ਰਾਤ ਨੂੰ ਸੌਣ ਤੋਂ ਪਹਿਲਾਂ ਚੰਗੀ ਤਰ੍ਹਾਂ ਹੱਥ-ਪੈਰ ਧੋ ਲਓ ਅਤੇ ਆਪਣੇ ਇਸ਼ਟ ਨੂੰ ਕੁਝ ਦੇਰ ਸਮਰਣ ਕਰ ਲਓ। ਇਸ ਨਾਲ ਚੰਗੀ ਅਤੇ ਗੂੜ੍ਹੀ ਨੀਂਦ ਜ਼ਰੂਰ ਆਵੇਗੀ।

× ਰਾਤ ਨੂੰ ਛੇਤੀ ਸੌਣਾ ਅਤੇ ਸਵੇਰ ਨੂੰ ਸੂਰਜ ਚੜ੍ਹਨ ਤੋਂ ਪਹਿਲਾਂ ਉੱਠਣਾ ਸਿਹਤ ਲਈ ਲਾਭਦਾਇਕ ਹੁੰਦਾ ਹੈ ਅਤੇ ਇਸ ਨਾਲ ਬੌਧਿਕ ਵਿਕਾਸ ਵੀ ਹੁੰਦਾ ਹੈ। ਇਸ ਲਈ ਇਸ ਨੂੰ ਆਪਣੇ ਆਚਰਣ ਵਿਚ ਢਾਲ ਲੈਣਾ ਚਾਹੀਦਾ ਹੈ।

ਗਰਮੀਆਂ 'ਚ ਲੂ ਲੱਗਣਾ ਤੇ ਉਸਦੇ ਕਾਰਨਾਂ ਦੀ ਪਛਾਣ

ਡਾ. ਮਨਜੀਤ ਸਿੰਘ ਬੱਲ

ਹਰ ਸਾਲ ਗਰਮੀ ਦੇ ਮੌਸਮ ਵਿਚ ਲੂ ਲੱਗਣ ਦੇ ਕੇਸਾਂ ਬਾਰੇ ਖ਼ਬਰਾਂ ਸੁਣੀਂਦੀਆਂ ਹਨ। ਅੱਜ ਕੱਲ੍ਹ ਤਾਪਮਾਨ ਕਾਫੀ ਚੜ੍ਹ ਗਿਆ ਹੈ। ਰਾਜਸਥਾਨ, ਪੰਜਾਬ, ਹਰਿਆਣਾ, ਉੜੀਸਾ ਤੇ ਹੋਰ ਨਾਲ ਲਗਦੇ ਖੇਤਰਾਂ ਵਿਚ ਲੂ ਘਾਤਕ ਸਿੱਧ ਹੋ ਰਹੀ ਹੈ। ਤਪਦਾ ਸੂਰਜ ਜਦ ਅੱਗ ਵਰ੍ਹਾਉਂਦਾ ਹੈ ਤਾਂ ਮਜ਼ਦੂਰ, ਕਾਮੇ, ਯਾਤਰੂ, ਭਿਖਾਰੀ ਆਦਿ ਲੂ ਦੀ ਲਪੇਟ ਵਿਚ ਆ ਜਾਂਦੇ ਹਨ। ਪਸੀਨੇ ਰਾਹੀਂ ਸਰੀਰ ਵਿੱਚੋਂ ਕਾਫੀ ਪਾਣੀ ਬਾਹਰ ਨਿਕਲ ਜਾਂਦਾ ਹੈ। ਪਾਣੀ ਦੀ ਕਮੀ ਪੂਰਾ ਕਰਨ ਲਈ ਜੇ ਪਾਣੀ ਅਤੇ ਪੀਣ ਵਾਲੇ ਤਰਲ ਮੌਕੇ 'ਤੇ ਨਾ ਮਿਲਦੇ ਹੋਣ ਜਾਂ ਕੰਮ ਦੇ ਰੁਝੇਵੇਂ ਵਿਚ ਤ੍ਰੇਹ ਦਾ ਖਿਆਲ ਹੀ ਨਾ ਕੀਤਾ ਜਾਵੇ ਤਾਂ ਨਿਰਜਲੀਕਰਨ (ਡੀਹਾਈਡ੍ਰੇਸ਼ਨ) ਹੋ ਜਾਂਦੀ ਹੈ ਤੇ ਬੰਦੇ ਨੂੰ ਲੂ ਲੱਗ ਜਾਂਦੀ ਹੈ। ਇਸ ਨਾਲ ਮੌਤ ਵੀ ਹੋ ਸਕਦੀ ਹੈ। ਜਦ ਮੁੜ੍ਹਕਾ ਆਉਣਾ ਬੰਦ ਹੋ ਜਾਵੇ ਤੇ ਸਰੀਰ ਦਾ ਤਾਪਮਾਨ 104 ਡਿਗਰੀ ਫਾਰਨਹੀਟ ਤੋਂ ਉਪਰ ਹੋ ਜਾਵੇ ਤਾਂ ਸਮਝੋ ਕਿ ਬੰਦੇ ਨੂੰ ਲੂ ਲੱਗ ਗਈ ਹੈ। ਆਮ ਕਰ ਕੇ ਬਜ਼ੁਰਗ, ਬੱਚੇ, ਮਜ਼ਦੂਰ ਤੇ ਯਾਤਰੂ ਇਸ ਦਾ ਸ਼ਿਕਾਰ ਹੁੰਦੇ ਹਨ। ਜੇ ਬੱਚਾ ਬਾਰ੍ਹਾਂ ਦਿਨਾਂ ਤੋਂ ਛੋਟਾ ਹੋਵੇ ਤਾਂ ਉਹਦੇ ਪਸੀਨੇ ਦਾ ਪਤਾ ਹੀ ਨਹੀਂ ਲਗਦਾ। ਇਸ ਕਰ ਕੇ ਗਰਮੀਆਂ ਵਿਚ ਮਾਵਾਂ ਨੂੰ ਚਾਹੀਦਾ ਹੈ ਕਿ ਛੋਟੇ ਬੱਚਿਆਂ ਦੀ ਚਮੜੀ ਨੂੰ ਹੱਥ ਲਗਾ ਕੇ ਦੇਖਦੀਆਂ ਰਹਿਣ ਕਿ ਪਸੀਨਾ ਆ ਰਿਹਾ ਹੈ। ਸਰੀਰ ਜ਼ਿਆਦਾ ਗਰਮ ਤਾਂ ਨਹੀਂ ? ਗਰਮੀ ਦੇ ਮੌਸਮ ਵਿਚ ਜੇ ਕਿਸੇ ਹੋਰ ਕਾਰਨ ਕਰ ਕੇ ਪਹਿਲਾਂ ਹੀ ਬੁਖ਼ਾਰ ਚੜ੍ਹਿਆ ਹੋਵੇ ਤਾਂ ਲੂ ਲੱਗਣ ਨਾਲ ਮੌਤ ਦਾ ਖ਼ਤਰਾ ਵਧ ਜਾਂਦਾ ਹੈ। ਐਸੇ ਬੰਦਿਆਂ ਨੂੰ ਤੰਦਰੁਸਤਾਂ ਨਾਲੋਂ ਵੀ ਜ਼ਿਆਦਾ ਪਾਣੀ ਦੀ ਲੋੜ ਹੁੰਦੀ ਹੈ। ਗਰਮੀਆਂ ਵਿਚ ਮਲੇਰੀਆ, ਟਾਇਫਾਇਡ, ਜਾਂ ਕਿਸੇ ਹੋਰ ਰੋਗ ਕਾਰਨ ਬੁਖ਼ਾਰ ਚੜ੍ਹ ਜਾਵੇ ਤਾਂ ਪਾਣੀ ਦੀ ਘਾਟ, ਲੂ ਲੱਗਣ ਦਾ ਕਾਰਨ ਬਣਦੀ ਹੈ।

ਲੂ ਲੱਗਣ ਵਾਲੇ ਬੰਦੇ ਦੀ ਚਮੜੀ ਬਿਲਕੁਲ ਖ਼ੁਸ਼ਕ (ਮੁੜ੍ਹਕੇ ਤੋਂ ਬਗ਼ੈਰ) ਅਤੇ ਸਰੀਰ ਗਰਮ ਹੁੰਦਾ ਹੈ। ਲੂ ਦੀ ਪੱਕੀ ਪਛਾਣ ਲਈ ਪਹਿਲਾਂ ਕੱਛ ਵਿਚ ਅਤੇ ਫਿਰ ਜੀਭ ਦੇ ਹੇਠਾਂ ਮੂੰਹ ਵਿਚ ਥਰਮਾਮੀਟਰ ਲਗਾ ਕੇ ਦੇਖੋ। ਜੇ ਕੱਛ ਦਾ ਤਾਪਮਾਨ, ਮੂੰਹ ਦੇ ਤਾਪਮਾਨ ਨਾਲੋਂ ਵੱਧ ਹੋਵੇ ਤਾਂ ਲੂ ਲੱਗਣ ਦਾ ਕੇਸ ਹੁੰਦਾ ਹੈ। ਐਸੇ ਕੇਸਾਂ ਵਿਚ ਆਮ ਕਰ ਕੇ 104 ਡਿਗਰੀ ਫਾਰਨਹੀਟ ਤੋਂ ਵੀ ਵੱਧ ਬੁਖ਼ਾਰ ਹੁੰਦਾ ਹੈ। ਸਰੀਰ ਅੰਦਰ ਪਾਣੀ ਦੀ ਕਮੀ ਹੋ ਚੁੱਕੀ ਹੁੰਦੀ ਹੈ, ਇਸੇ ਲਈ ਚਮੜੀ ਖ਼ੁਸ਼ਕ ਹੁੰਦੀ ਹੈ। ਬੁਖ਼ਾਰ ਲਾਹੁਣ ਵਾਲੀਆਂ ਦਵਾਈਆਂ, ਜਿਵੇਂ ਪੈਰਾਸਿਟਾਮੋਲ ਵੀ ਬੇਅਸਰ ਰਹਿੰਦੀਆਂ ਹਨ। ਇਹ ਦਵਾਈਆਂ ਤਾਂ ਮੁੜ੍ਹਕਾ ਲਿਆ ਕੇ ਬੁਖ਼ਾਰ ਲਾਹੁਣ ਦੀਆਂ ਹਨ ਪਰ ਲੂ ਵਾਲੇ ਰੋਗੀ ਅੰਦਰ ਤਾਂ ਮੁੜ੍ਹਕਾ ਲਿਆਉਣ ਜੋਗਾ ਪਾਣੀ ਹੀ ਨਹੀਂ ਹੁੰਦਾ, ਇਸ ਲਈ ਇਨ੍ਹਾਂ ਦਵਾਈਆਂ ਨਾਲ ਬੁਖ਼ਾਰ ਨਹੀਂ ਉਤਰਦਾ।

ਲੂ ਲੱਗਣ ਦੀ ਸੂਰਤ ਵਿਚ ਜੇ ਰੋਗੀ ਲੈ ਸਕਦਾ ਹੋਵੇ, ਤਾਂ ਮੂੰਹ ਰਸਤੇ ਵੱਧ ਤੋਂ ਵੱਧ ਤਰਲ ਦੇਣੇ ਚਾਹੀਦੇ ਹਨ; ਨਹੀਂ ਤਾਂ ਤੁਰੰਤ ਹਸਪਤਾਲ ਦਾਖ਼ਲ ਕਰਵਾ ਦੇਣਾ ਚਾਹੀਦਾ ਹੈ ਤਾਂ ਕਿ ਗੁਲੂਕੋਜ਼ ਤੇ ਹੋਰ ਤਰਲਾਂ ਦੀਆਂ ਬੋਤਲਾਂ ਚੜ੍ਹਾਈਆਂ ਜਾ ਸਕਣ। ਚਮੜੀ ਠੰਢੀ ਰੱਖਣ ਲਈ ਠੰਢੀਆਂ ਪੱਟੀਆਂ ਜਾਂ ਬਰਫ਼ ਦੀ ਵਰਤੋਂ ਕਰਨੀ ਚਾਹੀਦੀ ਹੈ। ਮੂੰਹ ਰਸਤੇ ਦੇਣ ਵਾਲੇ ਪਾਣੀ ਵਿਚ ਲੂਣ ਅਤੇ ਖੰਡ ਮਿਲਾ ਕੇ ਦੇਣੀ ਚਾਹੀਦੀ ਹੈ ਕਿਉਂਕਿ ਇਕੱਲਾ ਪਾਣੀ ਅੰਤੜੀਆਂ ਵਿਚ ਚੰਗੀ ਤਰ੍ਹਾਂ ਜਜ਼ਬ ਨਹੀਂ ਹੁੰਦਾ। ਉਂਜ ਵੀ, ਐਸੇ ਬੰਦਿਆਂ ਵਿਚ ਇਹ ਦੋਵੇਂ ਤੱਤ (ਲੂਣ ਤੇ ਗੁਲੂਕੋਜ਼) ਘਟ ਚੁੱਕੇ ਹੁੰਦੇ ਹਨ।

ਖ਼ੁਸ਼ਕ ਗਰਮੀ ਦੇ ਮੌਸਮ ਤੋਂ ਤੰਗ ਆ ਕੇ ਮਨੁੱਖ, ਬਰਸਾਤ ਦੀ ਉਤਸੁਕਤਾ ਨਾਲ ਉਡੀਕ ਕਰਦਾ ਹੈ। ਗਰਮੀ ਵਿਚ ਮੀਂਹ ਦੀਆਂ ਕਣੀਆਂ ਠੰਢ ਪਾਉਂਦੀਆਂ ਹਨ ਪਰ ਛਿੱਟਾਂ ਪੈਣ ਤੋਂ ਬਾਅਦ ਜਦ ਹਵਾ ਬੰਦ ਹੋ ਜਾਵੇ ਤਾਂ ਸਿਲ੍ਹ, ਐਸਾ ਹੁੰਮਸ ਲਾਉਂਦੀ ਹੈ ਕਿ ਜੀਅ ਘਬਰਾਉਣ ਲਗਦਾ ਹੈ। ਮੁੜ੍ਹਕੇ ਦੀ ਕੋਈ ਹੱਦ ਨਹੀਂ ਰਹਿੰਦੀ, ਨਹਾ ਕੇ ਹਟੋ ਤਾਂ ਨਾਲ ਹੀ ਪਸੀਨਾ ਆ ਜਾਂਦਾ ਹੈ। ਜਦ ਕਦੀ ਸੂਰਜ ਅੱਗਿਓਂ ਬੱਦਲ ਪਰ੍ਹਾਂ ਹੋ ਜਾਣ ਤਾਂ ਤਿੱਖੀ ਗਰਮੀ ਜਰੀ ਨਹੀਂ ਜਾਂਦੀ। ਮੁੜ੍ਹਕੇ ਵਾਲੇ ਇਸ ਮੌਸਮ ਵਿਚ ਵਰਜ਼ਿਸ਼ ਜਾਂ ਜ਼ੋਰ ਵਾਲੇ ਕੰਮ ਤੋਂ ਬਾਅਦ ਨਮਕ ਵਾਲਾ ਨਿੰਬੂ ਪਾਣੀ ਰੱਜ ਕੇ ਪੀਣਾ ਚਾਹੀਦਾ ਹੈ ਤਾਂ ਕਿ ਪਾਣੀ ਦੇ ਨਾਲ ਨਾਲ ਖਣਿਜਾਂ ਦੀ ਕਮੀ ਵੀ ਪੂਰੀ ਹੁੰਦੀ ਰਹੇ। ਜ਼ਿਆਦਾ ਮੁੜ੍ਹਕਾ ਆਉਣ ਦੀ ਬਿਮਾਰੀ ਵੀ ਹੁੰਦੀ ਹੈ ਜਿਸ ਨੂੰ ਹਾਈਪਰ-ਹਿਡਰੋਸਿਸ ਆਖਦੇ ਹਨ। ਇਸ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ। ਕਹਿੰਦੇ ਹਨ ਕਿ ਪਸੀਨਾ ਪੈਦਾ ਕਰਨ ਵਾਲੀਆਂ ਗ੍ਰੰਥੀਆਂ ਜ਼ਿਆਦਾ ਕਿਰਿਆਸ਼ੀਲ ਹੋ ਜਾਂਦੀਆਂ ਹਨ। ਇਸ ਵਿਚ ਸਿਰਫ ਕੱਛਾਂ, ਨਲਾਂ, ਹਥੇਲੀਆਂ ਅਤੇ ਪੈਰਾਂ ਦੀਆਂ ਤਲੀਆਂ 'ਤੇ ਹੀ ਪਸੀਨਾ ਆਉਂਦਾ ਹੈ। ਕਈ ਮਾਹਿਰਾਂ ਦਾ ਵਿਚਾਰ ਹੈ ਕਿ ਘਬਰਾਹਟ, ਤਣਾਅ ਅਤੇ ਜਜ਼ਬਾਤੀ ਹੋਣ ਨਾਲ ਹਥੇਲੀਆਂ ਤੇ ਪੈਰਾਂ ਦੀਆਂ ਤਲੀਆਂ 'ਤੇ ਜ਼ਿਆਦਾ ਪਸੀਨਾ ਆਉਂਦਾ ਹੈ।ਇਕ ਹੋਰ ਹਾਲਤ ਜੋ ਬੱਚਿਆਂ 'ਚ ਹੁੰਦੀ ਹੈ, ਵਿਚ ਜੁਰਾਬਾਂ ਅੰਦਰ ਪੈਰਾਂ 'ਤੇ ਬਹੁਤ ਪਸੀਨਾ ਆਉਂਦਾ ਹੈ। ਐਸੇ ਬੱਚਿਆਂ ਦੇ ਪੈਰ, ਬੂਟਾਂ ਦੇ ਅੰਦਰ ਵੀ ਗਿੱਲੇ ਰਹਿੰਦੇ ਹਨ। ਐਗਜ਼ੀਮਾ ਦੇ ਪਿਛੋਕੜ ਵਾਲੇ ਪਰਿਵਾਰਾਂ ਦੇ ਬੱਚਿਆਂ ਵਿਚ ਇਹ ਸਮੱਸਿਆ ਵਧੇਰੇ ਹੁੰਦੀ ਹੈ। ਐਸੇ ਬੱਚਿਆਂ ਨੂੰ ਸੂਤੀ ਜੁਰਾਬਾਂ ਅਤੇ ਖੁੱਲ੍ਹੇ ਬੂਟ ਪਹਿਨਣੇ ਚਾਹੀਦੇ ਹਨ। ਵਿਹਲ ਵੇਲੇ ਬੂਟ-ਜੁਰਾਬਾਂ ਲਾਹ ਕੇ ਪੈਰਾਂ ਨੂੰ ਹਵਾ ਲਵਾਉਣੀ ਚਾਹੀਦੀ ਹੈ। ਹੋ ਸਕੇ ਤਾਂ ਇਸ ਮੌਸਮ ਵਿਚ ਬੂਟ-ਜੁਰਾਬਾਂ ਤੋਂ ਪ੍ਰਹੇਜ਼ ਹੀ ਕਰਨਾ ਚਾਹੀਦਾ ਹੈ।

ਗਰਮੀਆਂ 'ਚ ਬਿਮਾਰੀਆਂ ਤੋਂ ਬਚਣ ਲਈ ਦੂਸ਼ਿਤ ਪਾਣੀ ਤੋਂ ਰਹੋ ਦੂਰ

ਡਾ. ਅਨਿਲ ਕੁਮਾਰ ਬੱਗਾ

ਗਰਮੀਆਂ ਦੇ ਮੌਸਮ ਵਿੱਚ ਦੂਸ਼ਿਤ ਪਾਣੀ ਪੀਣ ਕਰ ਕੇ ਅਸੀਂ ਕਈ ਬਿਮਾਰੀਆਂ ਸਹੇੜ ਲੈਂਦੇ ਹਾਂ। ਇਸ ਮੌਸਮ ਵਿੱਚ ਹੈਜ਼ੇ ਦਾ ਕਹਿਰ ਸਭ ਤੋਂ ਜ਼ਿਆਦਾ ਹੁੰਦਾ ਹੈ ਜਿਸ ਕਰ ਕੇ ਮਰੀਜ਼ ਨੂੰ ਟੱਟੀਆਂ ਤੇ ਉਲਟੀਆਂ ਲੱਗ

ਜਾਂਦੀਆਂ ਹਨ। ਹੈਜ਼ਾ ਹੋਣ 'ਤੇ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ ਜਿਸ ਨਾਲ ਮਰੀਜ਼ ਦੀ ਜਾਨ ਵੀ ਜਾ ਸਕਦੀ ਹੈ। ਇਸ ਰੋਗ ਦੇ ਪੀੜਤਾਂ ਨੂੰ ਇਲੈਕਟ੍ਰੋਲਾਈਟਸ ਦਾ ਘੋਲ (ਓਆਰਐੱਸ) ਦੇਣ ਨਾਲ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਹੈ।

ਹੈਜ਼ਾ ਫੈਲਣ ਦੇ ਕਾਰਨ

1) ਕੋਮਾ ਬੈਸੀਲਸ ਨਾਂ ਦਾ ਕੀਟਾਣੂ ਇਹ ਰੋਗ ਫੈਲਾਉਂਦਾ ਹੈ ਜੋ ਮਰੀਜ਼ ਦੀ ਛੋਟੀ ਆਂਤੜੀ ਵਿੱਚ ਹੁੰਦਾ ਹੈ।

2) ਇਹ ਰੋਗ ਭੀੜ-ਭੜੱਕੇ ਵਾਲੀਆਂ ਥਾਵਾਂ, ਸ਼ਰਨਾਰਥੀ ਕੈਂਪਾਂ ਅਤੇ ਝੋਂਪੜੀਨੁਮਾ ਘਰਾਂ ਵਿੱਚ ਜ਼ਿਆਦਾ ਫੈਲਦਾ ਹੈ।

3) ਰੇਹੜੀ ਮਾਰਕਾ ਫੂਡ, ਛੋਲੇ-ਭਟੂਰੇ, ਬਰਗਰ, ਬੇਹਾ ਭੋਜਨ, ਅੱਧ ਪੱਕਿਆ ਭੋਜਨ, ਸਾਫ-ਸਫਾਈ ਦੀ ਘਾਟ ਅਤੇ ਗੰਦੀਆਂ-ਮੰਦੀਆਂ ਚੀਜ਼ਾਂ ਖਾਣ ਕਰ ਕੇ ਫੈਲਦਾ ਹੈ।

4) ਬੋਤਲ ਨਾਲ ਦੁੱਧ ਪੀਣ ਅਤੇ ਅੰਗੂਠਾ ਚੂਸਣ ਨਾਲ ਇੰਨਫੈਕਸ਼ਨ ਦੇ ਜਰਾਸੀਮ ਪੇਟ ਵਿੱਚ ਚਲੇ ਜਾਂਦੇ ਹਨ।

5) ਪੇਟ ਵਿੱਚ ਅਮੀਬਾ ਤੇ ਪੇਟ ਦੇ ਕੀੜੇ ਵੀ ਹੈਜ਼ਾ ਹੋਣ ਦਾ ਕਾਰਨ ਹੋ ਸਕਦੇ ਹਨ।

6) ਖਰਬੂਜਾ ਖਾ ਕੇ ਪਾਣੀ ਪੀਣ ਨਾਲ ਹੈਜ਼ਾ ਹੋ ਸਕਦਾ ਹੈ ਜਿਸ ਨੂੰ ਡਾਕਟਰੀ ਭਾਸ਼ਾ ਵਿੱਚ ਜ਼ਹਿਰਬਾਦ (ਫੂਡ ਪੁਆਇਜ਼ਨਿੰਗ) ਕਹਿੰਦੇ ਹਨ।

7) ਇਹ ਵਾਇਰਸ/ ਬੈਕਟੀਰੀਅਲ/ ਪ੍ਰੋਟੋਜੋਆ ਜਾਂ ਐਂਟੀਬਾਓਟਿਕ ਦੀ ਜ਼ਿਆਦਾ ਵਰਤੋਂ ਨਾਲ ਦਸਤ (ਡਾਇਰੀਆ) ਲੱਗ ਸਕਦੇ ਹਨ।

ਅਲਾਮਤਾਂ

1) ਚੌਲਾਂ ਦੀ ਪਿੱਛ ਵਰਗੇ ਦਸਤ ਤੇ ਉਲਟੀਆਂ ਲੱਗਣਾ।

2) ਪੇਟ ਦਰਦ ਤੇ ਬੁਖ਼ਾਰ ਹੋ ਜਾਣਾ।

3) ਮੂੰਹ ਸੁੱਕਣਾ, ਪਾਣੀ ਦੀ ਪਿਆਸ ਜ਼ਿਆਦਾ ਲੱਗਣਾ ਤੇ ਮਾਸਪੇਸ਼ੀਆਂ ਵਿੱਚ ਦਰਦ ਹੋਣਾ।

4) ਅੱਖਾਂ ਦਾ ਅੰਦਰ ਨੂੰ ਧਸ ਜਾਣਾ ਤੇ ਸਰੀਰ ਨਿਢਾਲ ਹੋ ਜਾਂਦਾ ਹੈ।

5) ਸਰੀਰ ਦਾ ਤਾਪਮਾਨ ਘਟ ਜਾਂਦਾ ਹੈ।

6) ਪਿਸ਼ਾਬ ਦਾ ਨਾ ਬਣਨਾ।

7) ਸਿਰਦਰਦ ਤੇ ਚੱਕਰ ਆਉਣਾ।

8) ਚਮੜੀ ਦਾ ਢਿੱਲਾ ਪੈ ਜਾਣਾ।

9) ਚਿੜਚਿੜਾਪਨ ਤੇ ਬੇਚੈਨੀ ਹੋਣਾ।

10) ਬੇਹੋਸ਼ ਹੋ ਜਾਣਾ।

ਸਰੀਰ ਵਿੱਚ ਪਾਣੀ ਤੇ ਲੂਣ ਦੀ ਕਮੀ ਕਰ ਕੇ ਸਰੀਰ ਨਿਢਾਲ ਹੋ ਜਾਂਦਾ ਹੈ। ਇਸ ਹਾਲਤ ਵਿੱਚ ਮਰੀਜ਼ ਨੂੰ ਹਸਪਤਾਲ ਵਿੱਚ ਦਾਖਲ ਕਰ ਕੇ ਨਾੜੀ ਰਾਹੀ ਗੁਲੂਕੋਜ਼ ਸਲਾਈਨ ਦੇਣਾ ਜ਼ਰੂਰੀ ਹੈ।

ਰੋਕਥਾਮ

1) ਹੈਜ਼ੇ ਦੀ ਰੋਕਥਾਮ ਲਈ ਸਾਫ-ਸਫਾਈ ਦਾ ਧਿਆਨ ਰੱਖਣਾ ਚਾਹੀਦਾ ਹੈ।

2) ਆਪਣੇ ਆਪ ਐਂਟੀ ਬਾਇਓਟਿਕ ਦਵਾਈਆਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

3) ਭੋਜਨ ਖਾਣ ਤੋ ਪਹਿਲਾਂ ਤੇ ਬਾਅਦ ਵਿੱਚ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਣ ਨਾਲ ਧੋਣਾ ਚਾਹੀਦਾ ਹੈ।

4) ਕੱਚੇ ਨਾਰੀਅਲ ਦਾ ਪਾਣੀ, ਸ਼ਿਕੰਜਵੀ, ਖਿਚੜੀ, ਚੌਲਾਂ ਦਾ ਪਾਣੀ, ਸੂਜੀ ਦੀ ਖੀਰ, ਕੇਲਾ, ਲੱਸੀ ਅਤੇ ਦਹੀਂ ਦਿਓ।

5) ਜੂਸ, ਕੋਕ, ਬੋਤਲ ਦਾ ਦੁੱਧ, ਜ਼ਿਆਦਾ ਖੰਡ ਨਾ ਵਰਤੋ।

6) ਬਿਮਾਰੀ ਫੈਲਣ 'ਤੇ ਉਬਲਿਆ ਹੋਇਆ ਪਾਣੀ ਪੀਣਾ ਲਾਭਦਾਇਕ ਹੈ ਕਿਉਂਕਿ ਗਰਮ ਹੋਣ 'ਤੇ ਪਾਣੀ ਦੇ ਕੀਟਾਣੂ ਨਸ਼ਟ ਹੋ ਜਾਂਦੇ ਹਨ।

ਰੋਗ ਦੀਆਂ ਪੇਚੀਦਗੀਆਂ

ਗੁਰਦੇ ਫੇਲ੍ਹ ਹੋਣਾ, ਗਰਭਪਾਤ ਹੋ ਜਾਣਾ, ਆਂਦਰਾ ਦੀ ਸੋਜ, ਫੇਫੜਿਆਂ ਵਿੱਚ ਪਾਣੀ ਭਰ ਜਾਣਾ, ਬਲੱਡ ਪ੍ਰੈਸ਼ਰ ਘਟ ਜਾਣਾ ਆਦਿ।

ਇਲਾਜ

ਕਿਸੇ ਵੀ ਪੈਥੀ ਨਾਲ ਇਲਾਜ ਕਰਵਾਉਣ ਤੋਂ ਪਹਿਲਾਂ ਡਾਕਟਰ ਨੂੰ ਮਿਲਣਾ ਚਾਹੀਦਾ ਹੈ। ਆਪਣੇ ਆਪ ਕੀਤੇ ਇਲਾਜ ਜਾਨਲੇਵਾ ਹੋ ਸਕਦੇ ਹਨ। ਹੈਜ਼ਾ ਗੰਭੀਰ ਰੋਗ ਹੈ। ਇਸ ਦਾ ਇਲਾਜ ਅਤੇ ਸਾਂਭ-ਸੰਭਾਲ ਬਹੁਤਾ ਪੇਚੀਦਾ ਨਹੀਂ ਹੈ ਤੇ ਮਰੀਜ਼ ਯੋਗ ਇਲਾਜ ਨਾਲ ਜਲਦੀ ਠੀਕ ਹੋ ਜਾਂਦਾ ਹੈ ਪਰ ਕਈ ਵਾਰ ਸਹੀ ਦੇਖਭਾਲ ਨਾ ਹੋਣ ਕਰ ਕੇ ਅਤੇ ਸਫਾਈ ਪ੍ਰਤੀ ਵਰਤੀ ਅਣਗਹਿਲੀ ਕਰ ਕੇ ਛੋਟੇ ਬੱਚਿਆਂ ਦੀ ਇਸ ਰੋਗ ਨਾਲ ਮੌਤ ਵੀ ਹੋ ਸਕਦੀ ਹੈ।

ਸ਼ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ 20 ਜੂਨ ਨੂੰ ਹੋਵੇਗੀ: ਗੁਰਿੰਦਰ ਸਿੰਘ ਮਥਰੇਵਾਲ

ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 17 ਜੂਨ

ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ 20 ਜੂਨ ਨੂੰ ਹੋਵੇਗੀ। ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿੱਚ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਨੇ ਦੱਸਿਆ ਕਿ ਸ਼ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਸ੍ਰੀ ਅੰਮ੍ਰਿਤਸਰ ਵਿਖੇ 20 ਜੂਨ 2026 ਨੂੰ ਦੁਪਹਿਰ 12 ਵੱਜੇ ਬੁਲਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਕੱਤਰਤਾ ਸਬੰਧੀ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਤੇ ਅੰਤ੍ਰਿੰਗ ਕਮੇਟੀ ਮੈਂਬਰ ਸਾਹਿਬਾਨ ਨੂੰ ਪੱਤਰ ਭੇਜ ਦਿੱਤੇ ਗਏ ਹਨ।

ਸਿੰਘਪੁਰਾ ਵਿੱਚ ਵੱਡੀ ਵਾਰਦਾਤ ਦੀ ਸਾਜ਼ਿਸ਼ ਨਾਕਾਮ, ਪਿਸਤੌਲ ਅਤੇ ਹਥਿਆਰਾਂ ਸਮੇਤ ਚਾਰ ਨੌਜਵਾਨ ਕਾਬੂ

ਆ ਜ਼ਾਦ ਸੋਚ
ਅਵਤਾਰ ਸੈਣੀ/ਜ਼ੀਰਕਪੁਰ, 17 ਜੂਨ

ਜ਼ੀਰਕਪੁਰ ਪੁਲਿਸ ਨੇ ਸਮੇਂ ਸਿਰ ਕਾਰਵਾਈ ਕਰਦਿਆਂ ਇੱਕ ਸੰਭਾਵਿਤ ਵੱਡੀ ਅਪਰਾਧਿਕ ਵਾਰਦਾਤ ਨੂੰ ਨਾਕਾਮ ਕਰ ਦਿੱਤਾ। ਪੁਲਿਸ ਨੇ ਸਿੰਘਪੁਰਾ ਖੇਤਰ ਤੋਂ ਦੋ ਨਾਬਾਲਗਾਂ ਸਮੇਤ ਚਾਰ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਮੁਲਜ਼ਮਾਂ ਦੇ ਕਬਜ਼ੇ ਵਿਚੋਂ ਇੱਕ .315 ਬੋਰ ਦਾ ਦੇਸੀ ਪਿਸਤੌਲ, ਦੋ ਤੇਜ਼ਧਾਰ ਹਥਿਆਰ ਅਤੇ ਇੱਕ ਕਾਰ ਬਰਾਮਦ ਕੀਤੀ ਗਈ ਹੈ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਲੁੱਟ-ਖੋਹ ਜਾਂ ਕਿਸੇ ਹੋਰ ਗੰਭੀਰ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਸਨ। ਕਾਬੂ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਮੁਹੰਮਦ ਸਾਦਿਕ (25) ਵਾਸੀ ਬਿਜਨੌਰ ਅਤੇ ਮੁਹੰਮਦ ਆਲਮ (25) ਵਾਸੀ ਮੇਰਠ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਇਨ੍ਹਾਂ ਦੇ ਨਾਲ ਫੜੇ ਗਏ ਦੋ ਹੋਰ ਸਾਥੀ ਨਾਬਾਲਗ ਹਨ। ਜਾਣਕਾਰੀ ਅਨੁਸਾਰ ਏਐਸਆਈ ਰਾਜਕੁਮਾਰ ਅਤੇ ਏਐਸਆਈ ਰਾਜੀਵ ਕੁਮਾਰ ਪੁਲਿਸ ਪਾਰਟੀ ਸਮੇਤ ਸਿੰਘਪੁਰਾ ਖੇਤਰ ਵਿੱਚ ਗਸ਼ਤ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕਿ ਕੁਝ ਨੌਜਵਾਨ ਹਥਿਆਰਾਂ ਨਾਲ ਲੈਸ ਹੋ ਕੇ ਇਲਾਕੇ ਵਿੱਚ ਘੁੰਮ ਰਹੇ ਹਨ ਅਤੇ ਕਿਸੇ ਵੱਡੀ ਵਾਰਦਾਤ ਦੀ ਯੋਜਨਾ ਬਣਾ ਰਹੇ ਹਨ।

ਸੂਚਨਾ ਮਿਲਦੇ ਹੀ ਪੁਲਿਸ ਨੇ ਇਲਾਕੇ ਵਿੱਚ ਨਾਕਾਬੰਦੀ ਕਰਕੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ। ਜਦੋਂ ਪੁਲਿਸ ਦੱਸੀ ਗਈ ਥਾਂ 'ਤੇ ਪਹੁੰਚੀ ਤਾਂ ਇੱਕ ਵੋਕਸਵੈਗਨ ਵੈਂਟੋ ਕਾਰ ਵਿੱਚ ਚਾਰ ਨੌਜਵਾਨ ਬੈਠੇ ਦਿਖਾਈ ਦਿੱਤੇ। ਪੁਲਿਸ ਨੇ ਉਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਪਰ ਮੁਲਜ਼ਮਾਂ ਨੇ ਕਾਰ ਤੇਜ਼ ਰਫ਼ਤਾਰ ਨਾਲ ਭਜਾ ਲਈ। ਇਸ ਤੋਂ ਬਾਅਦ ਪੁਲਿਸ ਟੀਮ ਨੇ ਪਿੱਛਾ ਕਰਦਿਆਂ ਘੇਰਾਬੰਦੀ ਕਰਕੇ ਕੁਝ ਦੂਰੀ 'ਤੇ ਚਾਰਾਂ ਨੂੰ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਮੁਲਜ਼ਮਾਂ ਦੇ ਕਬਜ਼ੇ ਵਿਚੋਂ ਇੱਕ .315 ਬੋਰ ਦਾ ਦੇਸੀ ਪਿਸਤੌਲ, ਦੋ ਤੇਜ਼ਧਾਰ ਹਥਿਆਰ ਅਤੇ ਕਾਰ ਬਰਾਮਦ ਹੋਈ।

ਪੁਲਿਸ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਕਾਰਵਾਈ ਨਾ ਕੀਤੀ ਜਾਂਦੀ ਤਾਂ ਮੁਲਜ਼ਮ ਇਲਾਕੇ ਵਿੱਚ ਲੁੱਟ ਜਾਂ ਕੋਈ ਹੋਰ ਗੰਭੀਰ ਅਪਰਾਧਿਕ ਵਾਰਦਾਤ ਕਰ ਸਕਦੇ ਸਨ। ਏਐਸਆਈ ਰਾਜੀਵ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਜ਼ੀਰਕਪੁਰ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਦੋਵੇਂ ਬਾਲਗ ਮੁਲਜ਼ਮਾਂ ਨੂੰ ਡੇਰਾਬੱਸੀ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਨ੍ਹਾਂ ਨੂੰ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਗਿਆ। ਜਦਕਿ ਦੋਵੇਂ ਨਾਬਾਲਗਾਂ ਨੂੰ ਬਾਲ ਸੁਧਾਰ ਗ੍ਰਹਿ ਭੇਜਿਆ ਗਿਆ ਹੈ। ਪੁਲਿਸ ਹੁਣ ਰਿਮਾਂਡ ਦੌਰਾਨ ਮੁਲਜ਼ਮਾਂ ਦੇ ਅਪਰਾਧਿਕ ਨੈੱਟਵਰਕ, ਹਥਿਆਰਾਂ ਦੇ ਸਰੋਤ ਅਤੇ ਉਨ੍ਹਾਂ ਦੀ ਕਥਿਤ ਸਾਜ਼ਿਸ਼ ਨਾਲ ਜੁੜੇ ਹੋਰ ਪੱਖਾਂ ਦੀ ਜਾਂਚ ਕਰ ਰਹੀ ਹੈ।

ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਦੀ ਨਿਵੇਕਲੀ ਪਹਿਲਕਦਮੀ, ਨੌਜਵਾਨਾਂ ਨੂੰ ਪ੍ਰਸ਼ਾਸਨਿਕ ਕੰਮਕਾਜ ਤੇ ਜਨਤਕ ਨੀਤੀਆਂ ਦਾ ਅਸਲੀ ਤਜਰਬਾ ਪ੍ਰਦਾਨ ਕਰਨ ਲਈ 'ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ' ਦੀ ਸ਼ੁਰੂਆਤ

ਆ ਜ਼ਾਦ ਸੋਚ
ਹਰਵਿੰਦਰ ਸਿੰਘ ਲਾਲੀ
ਪਟਿਆਲਾ, 17 ਜੂਨ

ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਦੀ ਨਿਵੇਕਲੀ ਪਹਿਲਕਦਮੀ ਤਹਿਤ ਨੌਜਵਾਨਾਂ ਨੂੰ ਪ੍ਰਸ਼ਾਸਨਿਕ ਕੰਮਕਾਜ ਅਤੇ ਜਨਤਕ ਨੀਤੀਆਂ ਦਾ ਅਸਲੀ ਤਜਰਬਾ ਪ੍ਰਦਾਨ ਕਰਨ ਲਈ ਸ਼ੁਰੂ ਕੀਤੇ ਗਏ ਦੋ ਮਹੀਨਿਆਂ ਦੇ 'ਪਬਲਿਕ ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ' ਤਹਿਤ ਚੁਣੇ ਗਏ ਉਮੀਦਵਾਰਾਂ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿੱਧੀ ਗੱਲਬਾਤ ਕੀਤੀ। ਇਸ ਵਿਸ਼ੇਸ਼ ਓਰੀਐਂਟੇਸ਼ਨ ਪ੍ਰੋਗਰਾਮ ਦੌਰਾਨ ਉਨ੍ਹਾਂ ਨੌਜਵਾਨ ਇੰਟਰਨਜ਼ ਨਾਲ ਜਾਣ-ਪਛਾਣ ਕਰਦਿਆਂ ਸਰਕਾਰੀ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਅਤੇ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਲਈ ਪ੍ਰੇਰਿਆ।

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਪਟਿਆਲਾ ਵੱਲੋਂ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਉਲੀਕੇ ਇਸ ਪ੍ਰੋਗਰਾਮ ਦੌਰਾਨ ਚੁਣੇ ਗਏ ਇੰਟਰਨਜ਼ ਨਾਲ ਰੂਬਰੂ ਹੁੰਦਿਆਂ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਵੱਖ-ਵੱਖ ਵਿਭਾਗਾਂ ਵਿੱਚ ਬਤੌਰ ਇੰਟਰਨ ਬਿਤਾਇਆ ਗਿਆ ਸਮਾਂ ਉਨ੍ਹਾਂ ਦੇ ਭਵਿੱਖ ਲਈ ਬਹੁਤ ਲਾਹੇਵੰਦ ਸਾਬਤ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਲਈ 400 ਅਰਜ਼ੀਆਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 50 ਇੰਟਰਨਜ਼ ਦੀ ਚੋਣ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਉਮੀਦਵਾਰਾਂ ਦੇ ਵਿਦਿਅਕ ਪਿਛੋਕੜ ਅਤੇ ਰੁਚੀਆਂ ਬਾਰੇ ਜਾਣਕਾਰੀ ਹਾਸਲ ਕਰਦਿਆਂ ਉਨ੍ਹਾਂ ਦੀ ਕਾਬਲੀਅਤ ਦਾ ਸਹੀ ਇਸਤੇਮਾਲ ਯਕੀਨੀ ਬਣਾਉਣ ਲਈ ਹਰੇਕ ਉਮੀਦਵਾਰ ਨੂੰ ਉਸਦੀ ਵਿਦਿਅਕ ਯੋਗਤਾ ਅਤੇ ਨਿੱਜੀ ਰੁਚੀ ਦੇ ਆਧਾਰ 'ਤੇ ਵੱਖ-ਵੱਖ ਸਰਕਾਰੀ ਵਿਭਾਗ ਅਲਾਟ ਕੀਤੇ। ਉਨ੍ਹਾਂ ਕਿਹਾ ਕਿ ਇਹ ਪ੍ਰੋਗਰਾਮ ਨੌਜਵਾਨਾਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਅਤੇ ਉਨ੍ਹਾਂ ਵਿੱਚ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਨ ਵਿੱਚ ਮੀਲ ਪੱਥਰ ਸਾਬਤ ਹੋਵੇਗਾ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਸ ਇੰਟਰਨਸ਼ਿਪ ਪ੍ਰੋਗਰਾਮ ਦੌਰਾਨ ਦੁਵੱਲੀ ਭਾਗੀਦਾਰੀ ਨਾਲ ਜਿੱਥੇ ਪ੍ਰਸ਼ਾਸਨਿਕ ਵਿਭਾਗਾਂ ਨੂੰ ਨੌਜਵਾਨ ਦਿਮਾਗਾਂ ਦੀ ਸੋਚ ਅਤੇ ਊਰਜਾ ਦਾ ਲਾਭ ਮਿਲੇਗਾ, ਉੱਥੇ ਹੀ ਇੰਟਰਨਜ਼ ਨੂੰ ਵੀ ਸਰਕਾਰੀ ਕੰਮਕਾਜ ਦੀਆਂ ਬਾਰੀਕੀਆਂ ਨੂੰ ਨੇੜਿਓਂ ਸਮਝਣ ਅਤੇ ਸਿੱਖਣ ਦਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਤਜਰਬਾ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਵਿੱਚ ਕਾਫ਼ੀ ਲਾਹੇਵੰਦ ਸਾਬਤ ਹੋਵੇਗਾ ਅਤੇ ਜ਼ਿਲ੍ਹਾ ਮੈਜਿਸਟ ?ਰੇਟ ਵੱਲੋਂ ਜਾਰੀ ਕੀਤਾ ਜਾਣ ਵਾਲਾ ਸਰਟੀਫਿਕੇਟ ਵੀ ਰੁਜ਼ਗਾਰ ਦੇ ਮੌਕਿਆਂ ਦੌਰਾਨ ਉਨ੍ਹਾਂ ਲਈ ਲਾਭਕਾਰੀ ਰਹੇਗਾ।

ਉਨ੍ਹਾਂ ਕਿਹਾ ਕਿ ਅਕਸਰ ਲੋਕ ਸਿਸਟਮ ਵਿੱਚ ਕਮੀਆਂ ਦੀ ਗੱਲ ਕਰਦੇ ਹਨ, ਪਰ ਜਦੋਂ ਨੌਜਵਾਨ ਖੁਦ ਸਰਕਾਰੀ ਦਫ਼ਤਰਾਂ ਦੀ ਕਾਰਗੁਜ਼ਾਰੀ ਨੂੰ ਨੇੜਿਓਂ ਦੇਖਣਗੇ ਤਾਂ ਉਹ ਆਪਣੇ ਤਜਰਬੇ ਦੇ ਆਧਾਰ 'ਤੇ ਉਸ ਨੂੰ ਹੋਰ ਬਿਹਤਰ ਬਣਾਉਣ ਲਈ ਉਸਾਰੂ ਸੁਝਾਅ ਅਤੇ ਸਲਾਹ ਵੀ ਦੇ ਸਕਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਰੇ ਇੰਟਰਨਜ਼ ਹੁਣ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੀ ਦੇਖ-ਰੇਖ ਹੇਠ ਵੱਖ-ਵੱਖ ਪ੍ਰੋਜੈਕਟਾਂ 'ਤੇ ਕੰਮ ਕਰਨਗੇ। ਇਸ ਪੂਰੇ ਇੰਟਰਨਸ਼ਿਪ ਪ੍ਰੋਗਰਾਮ ਅਤੇ ਪ੍ਰੋਜੈਕਟ ਦੀ ਨਿਗਰਾਨੀ ਡੀ.ਬੀ.ਈ.ਈ. ਦੇ ਡਿਪਟੀ ਸੀ.ਈ.ਓ. ਸਤਿੰਦਰ ਸਿੰਘ ਅਤੇ ਕੈਰੀਅਰ ਕਾਊਂਸਲਰ ਡਾ. ਰੂਪਸੀ ਪਾਹੂਜਾ ਵੱਲੋਂ ਕੀਤੀ ਜਾਵੇਗੀ।

ਇਸ ਓਰੀਐਂਟੇਸ਼ਨ ਪ੍ਰੋਗਰਾਮ ਦੌਰਾਨ ਸਿਵਲ ਸਰਜਨ ਦਫ਼ਤਰ ਤੋਂ ਡੀ.ਐਮ.ਸੀ. ਡਾ. ਜਸਵਿੰਦਰ ਸਿੰਘ, ਰੈੱਡ ਕਰਾਸ ਦੇ ਸਕੱਤਰ ਡਾ. ਪ੍ਰਿਤਪਾਲ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ, ਜ਼ਿਲ੍ਹਾ ਸੂਚਨਾ ਅਫ਼ਸਰ ਹਰਕ੍ਰਿਸ਼ਨ ਸਿੰਘ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਦਫ਼ਤਰ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਮਾਲੇਰਕੋਟਲਾ ਜ਼ਿਲੇ ਦੇ ਸਾਰੇ ਥਾਣਾ ਮੁੱਖੀਆਂ ਤੇ ਚੌਂਕੀ ਇੰਚਾਰਜ਼ਾਂ ਨੂੰ ਬਦਲ ਕੇ ਕੀਤਾ ਇੱਧਰੋਂ-ਓਧਰ

ਡੀ.ਐੱਸ.ਪੀਆਂ. ਦੇ ਰੀਡਰਾਂ ਦੀ ਵੀ ਕੀਤੀ ਬਦਲੀ

ਆ ਜ਼ਾਦ ਸੋਚ
ਸ਼ਾਹਿਦ ਜ਼ੁਬੈਰੀ
ਮਾਲੇਰਕੋਟਲਾ, 17 ਜੂਨ

ਐੱਸ.ਐੱਸ.ਪੀ. ਮਾਲੇਰਕੋਟਲਾ ਗੁਰਮੀਤ ਸਿੰਘ ਵੱਲੋਂ ਮਾਲੇਰਕੋਟਲਾ ਜ਼ਿਲਾ ਪੁਲਿਸ ਮੁਖੀ ਦਾ ਅਹੁੱਦਾ ਸੰਭਾਲਣ ਤੋਂ ਬਾਅਦ ਥਾਣਾ ਮੁਖੀਆਂ ਤੇ ਚੌਂਕੀ ਇੰਚਾਰਜ਼ਾਂ ਦੀਆਂ ਬਦਲੀਆਂ ਸਬੰਧੀ ਜਾਰੀ ਕੀਤੀ ਗਈ ਅੱਜ ਪਹਿਲੀ ਲਿਸਟ 'ਚ ਜ਼ਿਲਾ ਮਾਲੇਰਕੋਟਲਾ ਅਧੀਨ ਪੈਂਦੇ ਸਾਰੇ ਥਾਣਿਆਂ ਦੇ ਮੁੱਖ ਅਫਸਰਾਂ ਨੂੰ ਬਦਲ ਕੇ ਇੱਧਰੋ-ਉਧਰ ਥਾਣਿਆਂ 'ਚ ਭੇਜ ਦਿੱਤਾ ਗਿਆ ਹੈ।ਇਸ ਜਾਰੀ ਸੂੱਚੀ 'ਚ ਥਾਣਾ ਮੁਖੀਆਂ ਤੇ ਚੌਂਕੀ ਇੰਚਾਰਜ਼ਾਂ ਦੇ ਨਾਲ-ਨਾਲ ਜਿਥੇ ਇੱਕ ਸਹਾਇਕ ਥਾਣੇਦਾਰ ਦਿਲਬਰ ਖਾਨ ਨੂੰ ਵੀ ਬਦਲ ਕੇ ਪੁਲਿਸ ਲਾਈਨ ਭੇਜਿਆ ਗਿਆ ਹੈ ਉਥੇ ਲੰਬੇਂ ਸਮੇਂ ਤੋਂ ਇਕੋ ਜਗ ?ਹਾ ਬੈਠੇ ਭ ਡੀ.ਐੱਸ.ਪੀਆਂ. ਦੇ ਰੀਡਰਾਂ ਨੂੰ ਵੀ ਬਦਲ ਕੇ ਇਧਰੋਂ-ਓਧਰ ਭੇਜ ਦਿੱਤਾ ਗਿਆ ਹੈ।ਅੱਜ ਬਾਅਦ ਦੁਪਹਿਰ ਜਾਰੀ ਕੀਤੀ ਗਈ ਸੂਚੀ 'ਚ ਮਾਲੇਰਕੋਟਲਾਂ ਥਾਣਾ ਸਿਟੀ-ਅ ਦੇ ਐੱਸ.ਐੱਚ.ਓ. ਇੰਸਪੈਕਟਰ ਦਲਜੀਤ ਸਿੰਘ ਗਿੱਲ ਨੂੰ ਬਦਲੀ ਕਰਕੇ ਥਾਣਾ ਸੰਦੌੜ ਦਾ ਮੁੱਖ ਅਫਸਰ ਲਗਾਇਆ ਗਿਆ ਹੈ।ਜਦਕਿ ਥਾਣਾ ਸੰਦੌੜ ਦੇ ਵਧੀਕ ਮੁੱਖ ਅਫਸਰ ਇੰਸਪੈਕਟਰ ਜਾਗਰ ਸਿੰਘ ਨੂੰ ਮਾਲੇਰਕੋਟਲਾ ਈ.ਓ. ਵਿੰਗ ਦਾ ਇੰਚਾਰਜ਼ ਲਗਾ ਦਿੱਤਾ ਗਿਆ ਹੈ।ਮਾਲੇਰਕੋਟਲਾ ਥਾਣਾ ਸਿਟੀ-ਭ ਦੇ ਮੁੱਖ ਅਫਸਰ ਥਾਣੇਦਾਰ ਦਰਸ਼ਨ ਸਿੰਘ ਨੂੰ ਬਦਲਕੇ ਮਾਲੇਰਕੋਟਲਾ ਥਾਣਾ ਸਿਟੀ-ਅ ਦਾ ਐੱਸ.ਐੱਚ.ਓ. ਲਗਾ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਥਾਣਾ ਅਮਰਗੜ੍ਹ ਦੇ ਮੁੱਖ ਅਫਸਰ ਇੰਸਪੈਕਟਰ ਬਲਜੀਤ ਸਿੰਘ ਨੂੰ ਬਦਲ ਕੇ ਮਾਲੇਰਕੋਟਲਾ ਥਾਣਾ ਸਿਟੀ-ਭ ਦਾ ਐੱਸ.ਐੱਚ.ਓ. ਲਗਾਇਆ ਗਿਆ ਹੈ। ਥਾਣਾ ਸਦਰ ਅਹਿਮਦਗੜ੍ਹ ਦੀ ਮੁੱਖ ਅਫਸਰ ਇੰਸਪੈਕਟਰ ਗੁਰਪ੍ਰੀਤ ਕੌਰ ਨੂੰ ਬਦਲ ਕੇ ਅਹਿਮਦਗੜ੍ਹ ਥਾਣਾ ਸਿਟੀ ਦੀ ਐੱਸ.ਐੱਚ.ਓ. ਲਗਾਇਆ ਗਿਆ ਹੈ।ਜਦਕਿ ਪੁਲਿਸ ਲਾਈਨ ਮਾਲੇਰਕੋਟਲਾ ਵਿਖੇ ਤਾਇਨਾਤ ਥਾਣੇਦਾਰ ਜਗਸੀਰ ਸਿੰਘ ਨੂੰ ਮੁੱਖ ਅਫਸਰ ਥਾਣਾ ਸਦਰ ਅਹਿਮਦਗੜ੍ਹ ਲਗਾ ਦਿੱਤਾ ਹੈ।ਇਨ੍ਹਾਂ ਤੋਂ ਇਲਾਵਾ ਹਿੰਮਤਾਨਾਂ ਚੌਂਕੀ ਇੰਚਾਰਜ਼ ਸਹਾਇਕ ਥਾਣੇਦਾਰ ਕੁਲਵੀਰ ਸਿੰਘ ਨੂੰ ਬਦਲਕੇ ਇੰਚਾਰਜ਼ ਜੌੜੇਪੁਲ ਚੌਂਕੀ ਲਗਾ ਦਿੱਤਾ ਗਿਆ ਹੈ, ਜਦਕਿ ਜੌੜੇਪੁਲ ਚੌਂਕੀ ਇੰਚਾਰਜ਼ ਸਹਾਇਕ ਥਾਣੇਦਾਰ ਹਰਜਿੰਦਰ ਸਿੰਘ ਨੂੰ ਬਦਲ ਕੇ ਹਿੰਮਤਾਨਾਂ ਚੌਂਕੀ ਦਾ ਇੰਚਾਰਜ਼ ਲਗਾ ਦਿੱਤਾ ਹੈ।ਥਾਣਾ ਸੰਦੌੜ ਵਿਖੇ ਲਾਅ ਐਂਡ ਆਰਡਰ ਡਿਊਟੀ 'ਤੇ ਤਾਇਨਾਤ ਸਹਾਇਕ ਥਾਣੇਦਾਰ ਦਿਲਬਰ ਖਾਨ ਨੂੰ ਬਦਲ ਕੇ ਮਾਲੇਰਕੋਟਲਾ ਪੁਲਿਸ ਲਾਈਨ ਭੇਜ ਦਿੱਤਾ ਗਿਆ ਹੈ।ਇਸੇ ਤਰ੍ਹਾਂ ਮਾਲੇਰਕੋਟਲਾ ਸਬ ਡਵੀਜ਼ਨ ਦੇ ਡੀ.ਐੱਸ.ਪੀ. ਮਾਨਵਜੀਤ ਸਿੰਘ ਦੇ ਰੀਡਰ ਸੀਨੀਅਰ ਸਿਪਾਹੀ ਹਰਪ੍ਰੀਤ ਸਿੰਘ ਨੂੰ ਬਦਲ ਕੇ ਅਹਿਮਦਗੜ੍ਹ ਸਬ ਡਵੀਜ਼ਨ ਦੇ ਡੀ.ਐੱਸ.ਪੀ. ਦਾ ਰੀਡਰ ਲਗਾਇਆ ਗਿਆ ਹੈ।ਜਦਕਿ ਅਹਿਮਦਗੜ੍ਹ ਡੀ.ਐੱਸ.ਪੀ. ਦੇ ਰੀਡਰ ਹੌਲਦਾਰ ਅਮਰਿੰਦਰ ਸਿੰਘ ਨੂੰ ਬਦਲ ਕੇ ਰੀਡਰ ਡੀ.ਐੱਸ.ਪੀ. ਸਬ ਡਵੀਜ਼ਨ ਮਾਲੇਰਕੋਟਲਾ ਲਗਾਇਆ ਗਿਆ ਹੈ।ਬਦਲੀ ਕੀਤੇ ਗਏ ਸਾਰੇ ਪੁਲਿਸ ਅਧਿਕਾਰੀਆਂ ਨੂੰ ਤੁਰੰਤ ਨਵੀਆਂ ਡਿਊਟੀਆਂ ਦਾ ਚਾਰਜ ਸੰਭਾਲ ਕੇ ਜ਼ਿਲਾ ਪੁਲਿਸ ਮੁਖੀ ਦੇ ਦਫਤਰ ਨੂੰ ਸੂਚਿਤ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।

ਢਕੋਲੀ ਪੁਲਿਸ ਵੱਲੋਂ ਚੇਨ ਸਨੈਚਰ ਗ੍ਰਿਫ਼ਤਾਰ; ਚੋਰੀ ਦਾ ਮੋਟਰਸਾਈਕਲ ਤੇ ਸੋਨੇ ਦੀ ਚੇਨ ਬਰਾਮਦ

ਆ ਜ਼ਾਦ ਸੋਚ
ਅਵਤਾਰ ਸੈਣੀ/ਜ਼ੀਰਕਪੁਰ , 17 ਜੂਨ

ਪੰਜਾਬ ਸਰਕਾਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਅਤੇ ਨਸ਼ਿਆਂ ਖਿਲਾਫ਼ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਢਕੌਲੀ ਪੁਲਿਸ ਨੂੰ ਇੱਕ ਵੱਡੀ ਸਫ਼ਲਤਾ ਹਾਸਲ ਹੋਈ ਹੈ। ਸੀਨੀਅਰ ਪੁਲਿਸ ਅਧਿਕਾਰੀਆਂ ਜਿਲ੍ਹਾ ਮੁੱਖੀ ਐਸਐਸਪੀ ਹਰਮਨ ਦੀਪ ਹਾਂਸ, ਮਨਪ੍ਰੀਤ ਸਿੰਘ ਕਪਤਾਨ ਪੁਲਿਸ ਦੇਹਾਤੀ ਜਿਲ੍ਹਾ ਮੋਹਾਲੀ ਅਤੇ ਮਿਸ ਗਜ਼ਲਪ੍ਰੀਤ ਕੌਰ ਸਹਾਇਕ ਕਪਤਾਨ ਪੁਲਿਸ, ਸਬ-ਡਵੀਜ਼ਨ ਜ਼ੀਰਕਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਐਸ.ਐਚ.ਓ. ਢਕੌਲੀ ਇੰਸਪੈਕਟਰ ਸਤਨਾਮ ਸਿੰਘ ਦੀ ਅਗਵਾਈ ਹੇਠ ਪੁਲਿਸ ਪਾਰਟੀ ਨੇ ਲੁੱਟ-ਖੋਹ ਕਰਨ ਵਾਲੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਢਕੌਲੀ ਖੇਤਰ ਵਿੱਚ ਹੋਈ ਚੇਨ ਸਨੈਚਿੰਗ ਦੀ ਵਾਰਦਾਤ ਨੂੰ ਸੁਲਝਾਉਂਦਿਆਂ ਪੁਲਿਸ ਨੇ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਫੜੇ ਗਏ ਮੁਲਜ਼ਮ ਦੀ ਪਛਾਣ ਲਖਵਿੰਦਰ ਸਿੰਘ ਉਰਫ਼ ਬੱਗਾ ਵਜੋਂ ਹੋਈ ਹੈ, ਜੋ ਕਿ ਪਿੰਡ ਦਿਆਲਪੁਰਾ ਦਾ ਰਹਿਣ ਵਾਲਾ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ, ਰਹਿਮਤ ਹੋਮਸ ਢਕੌਲੀ ਦੇ ਰਹਿਣ ਵਾਲੇ ਸੁਮਿਤ ਕੁਮਾਰ ਸਵੇਰ ਦੇ ਸਮੇਂ ਆਪਣੇ ਘਰ ਦੇ ਬਾਹਰ ਮੌਜੂਦ ਸਨ। ਇਸੇ ਦੌਰਾਨ ਮੁਲਜ਼ਮ ਉੱਥੇ ਆਇਆ ਅਤੇ ਉਨ੍ਹਾਂ ਦੇ ਗਲ਼ੇ ਵਿੱਚੋਂ ਸੋਨੇ ਦੀ ਚੇਨ ਝਪਟ ਕੇ ਫਰਾਰ ਹੋ ਗਿਆ। ਪੀੜਤ ਵੱਲੋਂ ਸ਼ਿਕਾਇਤ ਮਿਲਣ ਤੋਂ ਬਾਅਦ ਢਕੋਲੀ ਥਾਣਾ ਪੁਲਿਸ ਨੇ ਐੱਫ.ਆਈ.ਆਰ. ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਸੀ। ਇਲਾਕੇ ਵਿੱਚ ਕੀਤੀ ਗਈ ਨਾਕਾਬੰਦੀ ਅਤੇ ਲਗਾਤਾਰ ਤਲਾਸ਼ੀ ਦੌਰਾਨ ਪੁਲਿਸ ਨੇ ਮੁਲਜ਼ਮ ਲਖਵਿੰਦਰ ਸਿੰਘ ਨੂੰ ਢਕੋਲੀ ਖੇਤਰ ਤੋਂ ਹੀ ਕਾਬੂ ਕਰ ਲਿਆ। ਮਾਮਲੇ ਦੀ ਪੜਤਾਲ ਕਰ ਰਹੇ ਪੁਲਿਸ ਅਧਿਕਾਰੀ ਏ.ਐੱਸ.ਆਈ. ਭੂਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਚੈਨ ਸਨਚਿੰਗ ਹੋਣ ਦੀ ਸ਼ਿਕਾਇਤ ਮਿਲੀ ਸੀ ਜਿਸਦੇ ਅਧਾਰ ਤੇ ਉਨ੍ਹਾਂ ਨੇ ਨਾਕਾ ਬੰਦੀ ਦੌਰਾਨ ਸਨਚਿੰਗ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਨੂੰ ਕਾਬੂ ਕਰ ਕੇ ਉਸਦੇ ਦੇ ਕਬਜ਼ੇ ਵਿੱਚੋਂ ਖੋਹੀ ਹੋਈ ਸੋਨੇ ਦੀ ਚੇਨ ਬਰਾਮਦ ਕਰ ਲਈ ਹੈ। ਉਨ੍ਹਾਂ ਦਸਿਆ ਕਿ ਵਾਰਦਾਤ ਵਿੱਚ ਵਰਤਿਆ ਗਿਆ ਚੋਰੀ ਦਾ ਮੋਟਰਸਾਈਕਲ ਵੀ ਪੁਲਿਸ ਨੇ ਜ਼ਬਤ ਕਰ ਲਿਆ ਹੈ। ਉਨ੍ਹਾਂ ਦਸਿਆ ਕਿ ਪੁੱਛਗਿੱਛ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਨਸ਼ੇ ਦਾ ਆਦੀ ਹੈ ਅਤੇ ਆਪਣੀ ਨਸ਼ੇ ਦੀ ਲੋੜ ਨੂੰ ਪੂਰਾ ਕਰਨ ਲਈ ਹੀ ਉਹ ਚੋਰੀ ਅਤੇ ਚੇਨ ਸਨੈਚਿੰਗ ਵਰਗੀਆਂ ਵਾਰਦਾਤਾਂ ਨੂੰ ਅੰਜਾਮ ਦਿੰਦਾ ਹੈ। ਉਨ੍ਹਾਂ ਦਸਿਆ ਮੁਲਜ਼ਮ ਖਿਲਾਫ਼ ਪਹਿਲਾਂ ਵੀ ਚੋਰੀ ਦੇ ਕਈ ਮਾਮਲੇ ਦਰਜ ਹਨ। ਪੁਲਿਸ ਵੱਲੋਂ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰ ਕੇ ਰਿਮਾਂਡ ਹਾਸਲ ਕੀਤਾ ਜਾਵੇਗਾ।

ਪੂਜਾ ਸਿਆਲ ਗਰੇਵਾਲ ਨੇ ਨਗਰ ਨਿਗਮ ਕਮਿਸ਼ਨਰ ਦਾ ਅਹੁਦਾ ਸੰਭਾਲਿਆ

ਆ ਜ਼ਾਦ ਸੋਚ
ਹਰਵਿੰਦਰ ਸਿੰਘ ਲਾਲੀ
ਪਟਿਆਲਾ, 17 ਜੂਨ

2012 ਬੈਚ ਦੇ ਸੀਨੀਅਰ ਪੀਸੀਐਸ ਅਧਿਕਾਰੀ ਪੂਜਾ ਸਿਆਲ ਗਰੇਵਾਲ ਨੇ ਅੱਜ ਨਗਰ ਨਿਗਮ ਕਮਿਸ਼ਨਰ ਦਾ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਆਪਣਾ ਅਹੁਦਾ ਸੰਭਾ ?ਲਦਿਆਂ ਹੀ ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ ਤੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਸਮੇਤ ਨਗਰ ਨਿਗਮ ਦੀਆਂ ਸਾਰੀਆਂ ਬ੍ਰਾਂਚਾਂ ਦੇ ਮੁਖੀਆਂ ਨਾਲ ਅਹਿਮ ਬੈਠਕ ਕਰਕੇ ਪਟਿਆਲਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦੇਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਉਨ੍ਹਾਂ ਲਈ ਨਵਾਂ ਨਹੀਂ ਹੈ, ਕਿਉਂਕਿ ਉਹ ਪਟਿਆਲਾ ਵਿਖੇ ਪਹਿਲਾਂ ਐਸਡੀਐਮ ਤੇ ਏ.ਡੀ.ਸੀ ਵਜੋਂ ਵੀ ਸੇਵਾਵਾਂ ਨਿਭਾਅ ਚੁੱਕੇ ਹਨ।ਪੂਜਾ ਸਿਆਲ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਪਟਿਆਲਾ ਸ਼ਹਿਰ ਵਿਖੇ ਚੱਲ ਰਹੇ ਵਿਕਾਸ ਕਾਰਜਾਂ, ਅਹਿਮ ਪ੍ਰਾਜੈਕਟਾਂ ਨੂੰ ਨੇਪਰੇ ਚੜ੍ਹਾਉਣ, ਸੀਵਰੇਜ ਦੀ ਡੀਸਿਲਟਿੰਗ, ਸਟਰੀਟ ਲਾਈਟਾਂ, ਕੂੜਾ ਪ੍ਰਬੰਧਨ, ਲੈਗੇਸੀ ਵੇਸਟ ਦਾ ਨਿਪਟਾਰਾ ਤੇ ਸਾਫ਼-ਸਫ਼ਾਈ ਪੱਖੋਂ ਸ਼ਹਿਰ ਨੂੰ ਮਾਡਲ ਬਣਾਉਣ ਸਮੇਤ ਲੋਕਾਂ ਨੂੰ ਸਮਾਂਬੱਧ ਸੇਵਾਵਾਂ ਅਤੇ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨਾ ਵੀ ਯਕੀਨੀ ਬਣਾਇਆ ਜਾਵੇਗਾ।



ਨਗਰ ਨਿਗਮ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਦੇ ਸਹਿਯੋਗ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਤਾਲਮੇਲ ਨਾਲ ਪਟਿਆਲਾ ਸ਼ਹਿਰ ਦੇ ਸਾਰੇ ਵਿਕਾਸ ਕਾਰਜ ਅਤੇ ਲੰਬਿਤ ਪ੍ਰਾਜੈਕਟ ਸਮੇਂ ਸਿਰ ਮੁਕੰਮਲ ਕਰਨੇ ਵੀ ਯਕੀਨੀ ਬਣਾਏ ਜਾਣਗੇ।ਨਗਰ ਨਿਗਮ ਦੇ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਮੌਕੇ ਨਗਰ ਨਿਗਮ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਨਵੇਂ ਕਮਿਸ਼ਨਰ ਦਾ ਸਵਾਗਤ ਕੀਤਾ ਗਿਆ।

ਗੁਰੂ ਦੋਖੀ ਨੂੰ ਪੰਜਾਬ 'ਤੇ ਰਾਜ ਕਰਨ ਦਾ ਕੋਈ ਹੱਕ ਨਹੀਂ: ਪਰਮਜੀਤ ਸਿੰਘ ਸਰਨਾ

ਪਰਮਜੀਤ ਸਿੰਘ ਸਰਨਾ ਨੇ ਭਗਵੰਤ ਸਿੰਘ ਮਾਨ ਤੋਂ ਤੁਰੰਤ ਅਸਤੀਫ਼ੇ ਦੀ ਕੀਤੀ ਮੰਗ

ਆ ਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 17 ਜੂਨ

ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਤਿੱਖਾ ਹਮਲਾ ਕਰਦਿਆਂ ਉਸ ਤੋਂ ਤੁਰੰਤ ਅਸਤੀਫ਼ੇ ਦੀ ਮੰਗ ਕੀਤੀ ਹੈ।ਸ. ਸਰਨਾ ਨੇ ਭਗਵੰਤ ਸਿੰਘ ਮਾਨ 'ਤੇ ਇਹ ਹਮਲਾ ਉਦੋਂ ਬੋਲਿਆ ਜਦੋਂ ਸ਼ ?ਰੀ ਅਕਾਲ ਤਖ਼ਤ ਸਾਹਿਬ, ਸਿੱਖਾਂ ਦੀ ਸਰਵਉੱਚ ਧਾਰਮਿਕ ਸੰਸਥਾ ਨੇ ਮਾਨ ਨੂੰ ਧਾਰਮਿਕ ਮਰਿਆਦਾ ਦੀ ਉਲੰਘਣਾ ਦਾ ਦੋਸ਼ੀ ਕਰਾਰ ਦਿੰਦਿਆਂ 'ਗੁਰੂ ਦੋਖੀ' ਅਤੇ 'ਖ਼ਾਲਸਾ ਪੰਥ ਵਿਰੋਧੀ' ਐਲਾਨਿਆ। ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਜਿਸ ਵਿਅਕਤੀ ਨੂੰ ਪੰਜ ਸਿੰਘ ਸਾਹਿਬਾਨ ਨੇ ਗੁਰੂ ਦਾ ਦ੍ਰੋਹੀ ਕਰਾਰ ਦਿੱਤਾ ਹੋਵੇ, ਉਸ ਨੂੰ ਮੁੱਖ ਮੰਤਰੀ ਦੀ ਕੁਰਸੀ 'ਤੇ ਬੈਠਣ ਦਾ ਕੋਈ ਹੱਕ ਨਹੀਂ ਹੈ, ਇਸ ਲਈ ਭਗਵੰਤ ਮਾਨ ਨੂੰ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ। ਉਨ੍ਹਾਂ ਦਾ ਅਹੁਦੇ 'ਤੇ ਬਣੇ ਰਹਿਣਾ ਹਰ ਸਿੱਖ ਤੇ ਹਰ ਪੰਜਾਬੀ ਦਾ ਅਪਮਾਨ ਹੈ। ਸ. ਸਰਨਾ ਨੇ ਸ਼ ?ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਜਾਰੀ ਕੀਤੇ ਗਏ ਇਤਿਹਾਸਕ ਫ਼ੈਸਲੇ 'ਤੇ ਪ੍ਰਤੀਕਿਰਿਆ ਦਿੰਦਿਆ ਕਿਹਾ ਕਿ ਵਾਇਰਲ ਵੀਡੀਓ, ਜਿਸ ਵਿੱਚ ਭਗਵੰਤ ਮਾਨ ਵਰਗਾ ਦਿਖਾਈ ਦੇਣ ਵਾਲਾ ਇੱਕ ਵਿਅਕਤੀ ਸਿੱਖ ਗੁਰੂਆਂ ਦੀਆਂ ਤਸਵੀਰਾਂ 'ਤੇ ਸ਼ਰਾਬ ਛਿੜਕਦਾ ਹੋਇਆ ਦਿਖਾਈ ਦੇ ਰਿਹਾ ਹੈ, ਅਸਲੀ ਹੈ। ਦੋ ਸੁਤੰਤਰ ਫੋਰੈਂਸਿਕ ਲੈਬਾਂ ਦੀ ਜਾਂਚ ਅਨੁਸਾਰ ਇਹ ਵੀਡੀਓ ਨਾ ਤਾਂ ਏ.ਆਈ ਨਾਲ ਬਣਾਈ ਗਈ ਹੈ ਅਤੇ ਨਾ ਹੀ ਇਸ ਨਾਲ ਕੋਈ ਛੇੜਛਾੜ ਕੀਤੀ ਗਈ ਹੈ। ਪੰਜਾਂ ਸਿੰਘ ਸਾਹਿਬਾਨ ਨੇ ਇਸ ਫ਼ੈਸਲੇ ਨੂੰ ਸਰਬਸੰਮਤੀ ਨਾਲ ਮਨਜ਼ੂਰੀ ਦਿੱਤੀ ਹੈ ।ਸ. ਸਰਨਾ ਨੇ ਕਿਹਾ ਕਿ ਹੁਣ ਕੋਈ ਦੁਵਿਧਾ ਨਹੀਂ ਰਹਿ ਗਈ। ਫੋਰੈਂਸਿਕ ਸਬੂਤ ਨਿਰਣਾਇਕ ਹਨ। ਫਿਰ ਵੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਬੁਲਾਰੇ ਚੰਡੀਗੜ੍ਹ 'ਚ ਬੈਠ ਕੇ ਬਹਾਨੇ ਘੜ ਰਹੇ ਹਨ। ਇਹ ਬੇਸ਼ਰਮੀ ਇਸ ਬੇਅਦਬੀ ਨੂੰ ਹੋਰ ਗੰਭੀਰ ਬਣਾਉਂਦੀ ਹੈ। ਸ. ਸਰਨਾ ਨੇ ਸਾਰੇ ਸਿੱਖ ਵਿਧਾਇਕਾਂ, ਕੈਬਨਿਟ ਮੰਤਰੀਆਂ ਅਤੇ ਹੋਰ ਵਿਧਾਇਕਾਂ, ਜਿਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਵੱਲੋਂ 29 ਜੂਨ ਨੂੰ ਤਲਬ ਕੀਤਾ ਗਿਆ ਹੈ, ਬਿਨਾਂ ਕਿਸੇ ਦੇਰੀ ਦੇ ਹਾਜ਼ਰ ਹੋਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਉਨ੍ਹਾਂ ਸਾਰੇ ਸਿੱਖ ਵਿਧਾਇਕਾਂ ਨੂੰ ਸੱਦਾ ਦਿੱਤਾ ਹੈ ਜਿਨ੍ਹਾਂ ਨੇ ਉਸ ਵਿਵਾਦਿਤ ਬੇਅਦਬੀ ਵਿਰੋਧੀ ਕਾਨੂੰਨ ਨੂੰ ਪਾਸ ਕਰਨ 'ਚ ਸਹਿਯੋਗ ਦਿੱਤਾ ਸੀ, ਜਿਸ ਨੂੰ ਜਥੇਦਾਰ ਸਾਹਿਬ ਨੇ 'ਕਾਲਾ ਕਾਨੂੰਨ' ਕਿਹਾ ਸੀ। ਇਹ ਕੋਈ ਸਿਆਸੀ ਸੱਦਾ ਨਹੀਂ, ਸਗੋਂ ਪੰਥ ਦਾ ਹੁਕਮ ਹੈ। ਜਿਹੜਾ ਵੀ ਸਿੱਖ ਵਿਧਾਇਕ ਇਸ ਹੁਕਮ ਦੀ ਉਲੰਘਣਾ ਕਰੇਗਾ, ਉਹ ਆਪਣੀ ਪਾਰਟੀ ਨੂੰ ਨਹੀਂ ਸਗੋਂ ਵਾਹਿਗੁਰੂ ਨੂੰ ਜਵਾਬਦੇਹ ਹੋਵੇਗਾ।।ਉਨ੍ਹਾਂ ਨੇ ਸਿੱਖ ਵਿਧਾਇਕਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਤੁਹਾਨੂੰ ਸਿੱਖ ਸੰਗਤ ਨੇ ਚੁਣਿਆ ਹੈ। ਜੇ ਤੁਸੀਂ ਆਪਣੇ ਸਿਆਸੀ ਭਵਿੱਖ ਨੂੰ ਬਚਾਉਣ ਲਈ ਇੱਕ ਗੁਰੂ ਦੋਖੀ ਦਾ ਸਾਥ ਦਿੰਦੇ ਹੋ ਤਾਂ ਸੰਗਤ ਇਸ ਨੂੰ ਯਾਦ ਰੱਖੇਗੀ। ਸ. ਸਰਨਾ ਨੇ ਆਮ ਸਿੱਖਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਜਥੇਦਾਰ ਸਾਹਿਬ ਦੇ ਸੱਦੇ ਅਨੁਸਾਰ ਭਗਵੰਤ ਮਾਨ ਤੋਂ ਸਮਾਜਿਕ ਦੂਰੀ ਬਣਾਈ ਰੱਖਣ। ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਮੈਂ ਹਰ ਗੁਰਸਿੱਖ ਅਤੇ ਸਿੱਖ ਸੰਗਤਾਂ ਨੂੰ ਅਪੀਲ ਕਰਦਾ ਹਾਂ ਕਿ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੱਦੇ ਦੀ ਪਾਲਣ ਕਰਦੇ ਹੋਏ ਭਗਵੰਤ ਮਾਨ ਦਾ ਸਮਾਜਿਕ ਬਾਈਕਾਟ ਕਰਨ, ਉਨ੍ਹਾਂ ਨਾਲ ਕੋਈ ਮੰਚ ਸਾਂਝਾ ਨਾ ਕੀਤਾ ਜਾਵੇ।

ਐਸ.ਆਈ.ਆਰ ਨੂੰ ਲੈਕੇ ਜ਼ਿਲ੍ਹਾ ਵਾਸੀ ਸ਼ੋਸਲ ਮੀਡੀਆ ਪਲੇਟਫਾਰਮ ਤੇ ਮਿਲਣ ਵਾਲੀਆ ਅਫਵਾਹਾਂ ਤੇ ਬਿਲਕੁੱਲ ਭਰੋਸਾ ਨਾ ਕਰਨ-ਡਾ. ਸੋਨਾ ਥਿੰਦ

ਫਤਹਿਗੜ੍ਹ ? ਸਾਹਿਬ, 16 ਜੂਨ: ਸੁਨੀਲ ਵਰਮਾ) ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ, ਸੰਪੂਰਨ ਅਤੇ ਭਰੋਸੇਯੋਗ ਬਣਾਉਣ ਲਈ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.)-2026 ਮੁਹਿੰਮ ਤਹਿਤ ਜ਼ਿਲ੍ਹੇ ਦੇ ਆਮ ਨਾਗਰਿਕਾ, ਪਰਵਾਸੀ ਭਾਰਤੀਆਂ (ਐਨ.ਆਰ.ਆਈਜ਼) ਨੂੰ ਅਪੀਲ ਕਰਦਿਆ ਕਿਹਾ ਕਿ ਸੋਸ਼ਲ ਮੀਡੀਆਂ ਪਲੇਟਫਾਰਮ ਤੇ ਮਿਲਣ ਵਾਲੀਆ ਅਫਵਾਹਾਂ ਤੋਂ ਸੁਚੇਤ ਰਹਿਣ ਅਤੇ ਅਤੇ ਕੇਵਲ ਭਾਰਤ ਚੋਣ ਕਮਿਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਅਧਿਕਾਰਤ ਜਾਣਕਾਰੀ 'ਤੇ ਹੀ ਭਰੋਸਾ ਕਰਨ।



ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ 25 ਜੂਨ ਤੋਂ ਸ਼ੁਰੂ ਹੋ ਰਹੀ ਐੱਸ.ਆਈ.ਆਰ. ਮੁਹਿੰਮ ਦੌਰਾਨ ਬੀ.ਐਲ.ਓਜ਼ ਨਾਲ ਪੂਰਾ ਸਹਿਯੋਗ ਕਰਨ, ਲੋੜੀਂਦੇ ਦਸਤਾਵੇਜ਼ ਅਤੇ ਨਵੀਨਤਮ ਫੋਟੋਆਂ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਐਸ.ਆਰ.ਈ. ਦਾ ਉਦੇਸ਼ ਕਿਸੇ ਵੀ ਯੋਗ ਵੋਟਰ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰਨਾ ਨਹੀਂ ਬਲਕਿ ਪਾਰਦਰਸ਼ੀ ਅਤੇ ਭਰੋਸੇਯੋਗ ਵੋਟਰ ਸੂਚੀਆਂ ਤਿਆਰ ਕਰਨਾ ਹੈ।

ਡਾ. ਸੋਨਾ ਥਿੰਦ ਨੇ ਕਿਹਾ ਕਿ ਪੰਜਾਬ ਭਰ ਵਿੱਚ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐੱਲ.ਓਜ਼ ਵੱਲੋਂ ਘਰ-ਘਰ ਜਾ ਕ¶ Enumeration Form ਭਰਵਾਏ ਜਾਣਗੇ। ਇਸ ਦੌਰਾਨ ਹਰ ਯੋਗ ਵੋਟਰ ਲਈ ਫਾਰਮ ਭਰਨਾ ਲਾਜ਼ਮੀ ਹੋਵੇਗਾ। ਬੀ.ਐੱਲ.ਓਜ਼ ਵੋਟਰਾਂ ਨੂੰ ਗਣਨਾ ਫਾਰਮ ਦੀ ਇਕ ਕਾਪੀ ਦੇਵੇਗਾ। ਜੇਕਰ ਕਿਸੇ ਘਰ ਵਿੱਚ ਵੋਟਰ ਨਾ ਮਿਲੇ ਤਾਂ ਫਾਰਮ ਉੱਥੇ ਛੱਡਿਆ ਜਾਵੇਗਾ, ਜਿਸ ਨੂੰ ਭਰ ਕੇ ਸਬੰਧਤ ਬੀ.ਐੱਲ.ਓ.ਕੋਲ ਜਮ ?ਹਾਂ ਕਰਵਾਉਣਾ ਹੋਵੇਗਾ। ਗਣਨਾ ਫਾਰਮ ਵਿੱਚ ਬੀ ਐਲ ਓ ਦੇ ਵੇਰਵੇ ਪਹਿਲਾਂ ਹੀ ਦਰਜ਼ ਹੋਣਗੇ।

ਉਨ੍ਹਾਂ ਦੱਸਿਆ ਕਿ ਸੋਧੇ ਹੋਏ ਪ੍ਰੋਗਰਾਮ ਅਨੁਸਾਰ ਡਰਾਫਟ ਵੋਟਰ ਸੂਚੀ 03 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ 03 ਅਗਸਤ ਤੋਂ 02 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਉਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 01 ਅਕਤੂਬਰ 2026 ਨੂੰ ਜਾਰੀ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੋਟਰ ਆਪਣੀ ਪਛਾਣ ਅਤੇ ਯੋਗਤਾ ਸਬੰਧੀ ਦਸਤਾਵੇਜ਼ਾਂ ਵਜੋਂ ਜਨਮ ਪ੍ਰਮਾਣ ਪੱਤਰ, ਪਾਸਪੋਰਟ, ਮੈਟ੍ਰਿਕ ਸਰਟੀਫਿਕੇਟ, ਸਥਾਈ ਨਿਵਾਸ ਸਰਟੀਫਿਕੇਟ, ਸਰਕਾਰੀ ਪਛਾਣ ਪੱਤਰ ਜਾਂ ਹੋਰ ਮਨਜ਼ੂਰਸ਼ੁਦਾ ਦਸਤਾਵੇਜ਼ ਜਮ ?ਹਾਂ ਕਰਵਾ ਸਕਦੇ ਹਨ।

ਜੰਡਿਆਲਾ ਗੁਰੂ ਦੀ ਦਾਣਾ ਮੰਡੀ ਅਤੇ ਪਨਸਪ ਗੁਦਾਮਾਂ ਦੇ ਵਿਕਾਸ ਕਾਰਜਾਂ ਦਾ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜਾਇਜ਼ਾ

ਆ ਜ਼ਾਦ ਸੋਚ
ਰੋਹਿਤ ਠਾਕੁਰ
ਜੰਡਿਆਲਾ ਗੁਰੂ, 17 ਜੂਨ

ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਦਾਨਾ ਮੰਡੀ ਜੰਡਿਆਲਾ ਗੁਰੂ ਵਿਖੇ ਆੜ੍ਹਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਨਾਲ ਵਿਸ਼ੇਸ਼ ਗੱਲਬਾਤ ਕਰਕੇ ਮੰਡੀ ਨਾਲ ਸਬੰਧਿਤ ਸਮੱਸਿਆਵਾਂ, ਸਹੂਲਤਾਂ ਅਤੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨੇ ਮੌਕੇ 'ਤੇ ਹੀ ਸੰਬੰਧਿਤ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।

ਲੋਕ ਨਿਰਮਾਣ ਮੰਤਰੀ ਨੇ ਦਾਣਾ ਮੰਡੀ ਵਿੱਚ ਤਿਆਰ ਕੀਤੀਆਂ ਜਾ ਰਹੀਆਂ 3 ਸਟੀਲ ਕਵਰਡ ਸ਼ੈੱਡਾਂ ਦੇ ਨਿਰਮਾਣ ਕਾਰਜਾਂ ਦਾ ਵੀ ਨਿਰੀਖਣ ਕੀਤਾ। ਹਰ ਸ਼ੈੱਡ 75ਗ200 ਫੁੱਟ ਦੇ ਆਕਾਰ ਵਿੱਚ ਬਣਾਈ ਜਾ ਰਹੀ ਹੈ, ਜਿਸ ਉੱਤੇ ਕੁੱਲ ਲਗਭਗ 3 ਕਰੋੜ ਰੁਪਏ ਦੀ ਲਾਗਤ ਆ ਰਹੀ ਹੈ।

ਇਸ ਤੋਂ ਇਲਾਵਾ ਸ. ਹਰਭਜਨ ਸਿੰਘ ਈ.ਟੀ.ਓ. ਨੇ ਰੇਲਵੇ ਰੋਡ, ਜੰਡਿਆਲਾ ਗੁਰੂ ਵਿਖੇ ਲਗਭਗ 8 ਕਰੋੜ 70 ਲੱਖ ਰੁਪਏ ਦੀ ਲਾਗਤ ਨਾਲ ਪਨਸਪ ਦੇ ਗੁਦਾਮਾਂ ਦੇ ਚੱਲ ਰਹੇ ਵਿਕਾਸ ਕਾਰਜਾਂ ਦਾ ਵੀ ਜਾਇਜ਼ਾ ਲਿਆ। ਇਸ ਪ੍ਰੋਜੈਕਟ ਅਧੀਨ ਗੁਦਾਮ ਨੰਬਰ 1, 2, 3 ਅਤੇ 4 ਦੀ ਨਵੀਂ ਉਸਾਰੀ, ਗੁਦਾਮ ਨੰਬਰ 5 ਦੀ ਮੇਜਰ ਰਿਪੇਅਰ, ਅੰਦਰੂਨੀ ਸੜਕਾਂ, ਸੀਵਰੇਜ਼ ਸਿਸਟਮ ਅਤੇ ਚਾਰਦੀਵਾਰੀ ਦੇ ਕੰਮ ਕਰਵਾਏ ਜਾ ਰਹੇ ਹਨ।

ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਚੱਲ ਰਹੀ ਉਸਾਰੀ ਦੀ ਪ੍ਰਗਤੀ ਦਾ ਨਿਰੀਖਣ ਕਰਦਿਆਂ ਕੰਮ ਦੀ ਗੁਣਵੱਤਾ ਅਤੇ ਸਮੇਂ ਸਿਰ ਮੁਕੰਮਲ ਕਰਨ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਨਾਲ ਮੰਡੀ ਪ੍ਰਨਾਲੀ ਹੋਰ ਮਜ਼ਬੂਤ ਹੋਵੇਗੀ ਅਤੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ।

ਇਸ ਮੌਕੇ ਕਿਸਾਨਾਂ ਅਤੇ ਮਜ਼ਦੂਰਾਂ ਨੇ ਲੋਕ ਨਿਰਮਾਣ ਮੰਤਰੀ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਵਰਡ ਸ਼ੈੱਡਾਂ ਦੇ ਨਿਰਮਾਣ ਨਾਲ ਉਨ੍ਹਾਂ ਨੂੰ ਧੁੱਪ ਅਤੇ ਬਾਰਿਸ਼ ਤੋਂ ਕਾਫ਼ੀ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਸ਼ੈੱਡਾਂ ਹੇਠ ਫਸਲਾਂ ਦੀ ਸੰਭਾਲ ਅਤੇ ਮਜ਼ਦੂਰਾਂ ਲਈ ਕੰਮ ਕਰਨਾ ਕਾਫ਼ੀ ਸੁਖਾਲਾ ਹੋ ਜਾਵੇਗਾ, ਜਿਸ ਨਾਲ ਮੰਡੀ ਵਿੱਚ ਕੰਮਕਾਜ ਦੀ ਕਾਰਗੁਜ਼ਾਰੀ ਵੀ ਬਿਹਤਰ ਹੋਵੇਗੀ।

ਇਸ ਮੌਕੇ ਸਥਾਨਕ ਅਧਿਕਾਰੀ, ਮੰਡੀ ਬੋਰਡ ਦੇ ਨੁਮਾਇੰਦੇ, ਆੜ੍ਹਤੀ, ਕਿਸਾਨ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਖਰੜ ਸ਼ਹਿਰ ਚ ਆਧੁਨਿਕ ਬੱਸ ਸਟੈਂਡ ਦੀ ਉਸਾਰੀ ਲਈ ਡੀਸੀ ਨੂੰ ਪੱਤਰ

ਆ ਜ਼ਾਦ ਸੋਚ
ਜਗਵਿੰਦਰ ਸਿੰਘ /ਖਰੜ , 17 ਜੂਨ

ਸ਼ਹਿਰ ਚ ਆਧੁਨਿਕ ਬੱਸ ਸਟੈਂਡ ਦੀ ਉਸਾਰੀ ਲਈ ਡੀਸੀ ਨੂੰ ਪੱਤਰ ਭੇਜਕੇ ਸੁਭਾਸ਼ ਅਗਰਵਾਲ ਪ੍ਰਧਾਨ ਬੀਜੇਪੀ ਵਪਾਰ ਮੋਰਚਾ ਜਿਲਾ ਮੋਹਾਲੀ ਨੇ ਆਖਿਆ ਹੈ ਕਿ ਬਹੁਤ ਸਾਰੀਆਂ ਨਵੀਆਂ ਕਲੋਨੀਆਂ ਅਤੇ ਫਲੈਟਾਂ ਦੀ ਉਸਾਰੀ ਹੋਣ ਨਾਲ ਪਿਛਲੇ ਦੋ ਦਹਾਕਿਆਂ ਤੋਂ ਖਰੜ ਸ਼ਹਿਰ ਦੀ ਆਬਾਦੀ ਲਗਭਗ ਚਾਰ ਲੱਖ ਤੋਂ ਉੱਪਰ ਹੋ ਗਈ ਹੈ । ਸ਼ਹਿਰ ਦੇ ਆਲੇ ਦੁਆਲੇ ਤਿੰਨ ਵੱਡੀ ਯੂਨੀਵਰਸਿਟੀਆਂ,ਕਈ ਕਾਲਜ ਅਤੇ ਪ੍ਰਾਈਵੇਟ ਹਸਪਤਾਲ ਵੀ ਖੁੱਲੇ ਹਨ । ਬਹੁਤ ਸਾਰੇ ਲੋਕ ਮੁਹਾਲੀ, ਚੰਡੀਗੜ੍ਹ, ਪੰਚਕੂਲਾ ਵਰਗੇ ਸ਼ਹਿਰਾਂ ਵਿੱਚ ਨੌਕਰੀ ਕਰਨ ਜਾਂ ਹੋਰ ਕਾਰੋਬਾਰ ਕਰਨ ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਆਉਂਦੇ ਜਾਂਦੇ ਹਨ। ਖਰੜ ਦੇ ਨਾਲ ਲਗਭਗ 50 ਪਿੰਡਾਂ ਦਾ ਅਤੇ ਪੂਰੇ ਉੱਤਰ ਭਾਰਤ ਦਾ ਸਿੱਧਾ ਸੰਪਰਕ ਹੈ। ਖਰੜ ਨੂੰ ਪੂਰੇ ਪੰਜਾਬ ਹਿਮਾਚਲ ਅਤੇ ਜੰਮੂ ਕਸ਼ਮੀਰ ਦਾ ਮੁੱਖ ਦੁਆਰ ਵੀ ਕਿਹਾ ਜਾਂਦਾ ਹੈ। ਪਰ ਅੱਜ ਵੀ ਸ਼ਹਿਰ ਇੱਕ ਆਧੁਨਿਕ ਬੱਸ ਸਟੈਂਡ ਨੂੰ ਤਰਸ ਰਿਹਾ ਹੈ। ਕਾਂਗਰਸ ਸਰਕਾਰਾਂ ਵੇਲੇ ਦੋ ਵਾਰ ਸਨ 2006 ਵਿੱਚ ਅਤੇ 2021 ਵਿੱਚ ਪੰਜਾਬ ਸਰਕਾਰ ਵੱਲੋਂ ਰਸਮੀ ਤੌਰ ਤੇ ਆਧੁਨਿਕ ਬੱਸ ਸਟੈਂਡ ਦੀ ਉਸਾਰੀ ਦਾ ਉਦਘਾਟਨ ਵੀ ਕੀਤਾ ਗਿਆ, ਪ੍ਰੰਤੂ ਦੋਨੋਂ ਵਾਰ ਹੀ ਇਹ ਕੰਮ ਸਿਰਫ ਉਦਘਾਟਨ ਤੱਕ ਹੀ ਸੀਮਿਤ ਰਿਹਾ। ਧੁੱਪ ਅਤੇ ਮੀਂਹ ਵਿੱਚ ਵੀ ਲੋਕ ਖੁੱਲੇ ਵਿੱਚ ਹੀ ਖੜਨ ਨੂੰ ਮਜਬੂਰ ਹਨ । ਬੱਸ ਸਟੈਂਡ ਦੀ ਚਿੰਨਿਤ ਜਗ ?ਹਾ ਤੇ ਬਹੁਤ ਸਾਰੇ ਨਜਾਇਜ਼ ਕਬਜ਼ੇ ਹੋਏ ਹਨ ਜੋ ਹਟਾਉਣ ਦੀ ਲੋੜ ਹੈ। ਇਸ ਨਾਲ ਆਵਾਜਾਈ ਦਾ ਵਿਘਨ ਸਮਾਪਤ ਹੋ ਜਾਵੇਗਾ। ਇਸ ਆਧੁਨਿਕ ਬੱਸ ਸਟੈਂਡ ਦੀ ਉਸਾਰੀ ਦਾ ਕੰਮ ਛੇਤੀ ਤੋਂ ਛੇਤੀ ਸ਼ੁਰੂ ਕਰਵਾਇਆ ਜਾਵੇ ਤਾਂ ਜੋ ਖਰੜ ਨਿਵਾਸੀਆਂ ਨੂੰ ਇੱਕ ਵਧੀਆ ਸਹੂਲਤ ਮਿਲ ਸਕੇ ।

ਆਈਡੈਕ ਚੰਡੀਗੜ੍ਹ 2026 ਵਿੱਚ ਡੋਰਮਾਕਾਬਾ ਦੀ ਪ੍ਰਭਾਵਸ਼ਾਲੀ ਭਾਗੀਦਾਰੀ

ਆ ਜ਼ਾਦ ਸੋਚ
ਅਮਰਪਾਲ ਨੂਰਪੁਰੀ
ਚੰਡੀਗੜ੍ਹ , 17 ਜੂਨ

ਭਰੋਸੇਮੰਦ ਐਂਟਰੀ ਅਤੇ ਸੁਰੱਖਿਆ ਹੱਲ ਪ੍ਰਦਾਨ ਕਰਨ ਵਾਲੀ ਕੰਪਨੀ ਡੋਰਮਾਕਾਬਾ ਨੇ ਆਈਡੈਕ ਚੰਡੀਗੜ੍ਹ 2026 ਵਿੱਚ ਆਪਣੀ ਪ੍ਰਭਾਵਸ਼ਾਲੀ ਮੌਜੂਦਗੀ ਦਰਜ ਕਰਵਾਈ। ਇਸ ਮੌਕੇ 'ਤੇ ਕੰਪਨੀ ਨੇ ਆਰਕੀਟੈਕਟਾਂ, ਇੰਟੀਰੀਅਰ ਡਿਜ਼ਾਈਨਰਾਂ, ਬਿਲਡਰਾਂ, ਹੋਸਪਿਟੈਲਿਟੀ ਖੇਤਰ ਦੇ ਮਾਹਿਰਾਂ ਅਤੇ ਉਦਯੋਗ ਨਾਲ ਜੁੜੇ ਪੇਸ਼ੇਵਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਪ੍ਰਦਰਸ਼ਨੀ ਦੌਰਾਨ ਡੋਰਮਾਕਾਬਾ ਨੇ ਐਂਟਰੀ, ਸੁਰੱਖਿਆ ਅਤੇ ਬਿਲਡਿੰਗ ਸਲੂਸ਼ਨਜ਼ ਦੀ ਆਪਣੀ ਵਿਸਤ੍ਰਿਤ ਰੇਂਜ ਪੇਸ਼ ਕੀਤੀ।

ਇਨ੍ਹਾਂ ਵਿੱਚ ਮਕੈਨਿਕਲ ਕੀ ਸਿਸਟਮ, ਡਿਜ਼ਿਟਲ ਲੌਕ ਸਿਲੰਡਰ, ਸੀ-ਲੀਵਰ, ਲੀਵਰ ਹੈਂਡਲ, ਅਤੇ ਆਈਡੋ ਦੀ ਸਲਿੰਕ ਪ੍ਰੋਫਾਈਲਡ ਡੋਰ ਸਿਸਟਮ ਅਤੇ ਹੋਟਲ ਲੌਕ ਸ਼ਾਮਲ ਸਨ। ਇਸ ਤੋਂ ਇਲਾਵਾ, ਆਈਡੋ ਦੇ ਉਤਪਾਦਾਂ ਨੇ ਡੋਰਮਾਕਾਬਾ ਦੀ ਪੇਸ਼ਕਾਰੀ ਨੂੰ ਹੋਰ ਮਜ਼ਬੂਤ ਬਣਾਇਆ ਅਤੇ ਡਿਜ਼ਾਈਨ-ਕੇਂਦਰਿਤ ਬਿਲਡਿੰਗ ਅਤੇ ਹੋਸਪਿਟੈਲਿਟੀ ਹੱਲਾਂ ਦੀ ਵਿਲੱਖਣ ਝਲਕ ਪੇਸ਼ ਕੀਤੀ। ਇਸ ਨਾਲ ਪ੍ਰੋਗਰਾਮ ਵਿੱਚ ਕੰਪਨੀ ਦੀ ਮੌਜੂਦਗੀ ਹੋਰ ਵੀ ਪ੍ਰਭਾਵਸ਼ਾਲੀ ਬਣੀ।

ਸਲਿੰਕ ਪ੍ਰੋਫਾਈਲਡ ਡੋਰ ਸਿਸਟਮ ਨੇ ਖਾਸ ਧਿਆਨ ਖਿੱਚਿਆ, ਕਿਉਂਕਿ ਇਹ ਆਧੁਨਿਕ ਇੰਟੀਰੀਅਰ ਡਿਜ਼ਾਈਨ ਦੀਆਂ ਲੋੜਾਂ ਨੂੰ ਬਿਹਤਰੀਨ ਢੰਗ ਨਾਲ ਪੂਰਾ ਕਰਦਾ ਹੈ। ਅੱਜ ਦੇ ਇੰਟੀਰੀਅਰ ਡਿਜ਼ਾਈਨ ਵਿੱਚ ਲਚਕਤਾ, ਸੁੰਦਰ ਦਿੱਖ ਅਤੇ ਜਗ ?ਹਾ ਦਾ ਪ੍ਰਭਾਵਸ਼ਾਲੀ ਇਸਤੇਮਾਲ ਸਭ ਤੋਂ ਮਹੱਤਵਪੂਰਨ ਮੰਨੇ ਜਾਂਦੇ ਹਨ। ਵੱਖ-ਵੱਖ ਡਿਜ਼ਾਈਨ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਇਹ ਪ੍ਰਣਾਲੀ ਵੱਖਰੇ ਖੇਤਰਾਂ ਵਿਚਕਾਰ ਸੁਚੱਜੀ ਆਵਾਜਾਈ ਯਕੀਨੀ ਬਣਾਉਂਦੀ ਹੈ ਅਤੇ ਨਾਲ ਹੀ ਸਾਦਗੀਪੂਰਨ ਤੇ ਆਕਰਸ਼ਕ ਦਿੱਖ ਵੀ ਕਾਇਮ ਰੱਖਦੀ ਹੈ। ਇਸ ਦੀ ਬਹੁ-ਉਦੇਸ਼ੀ ਬਣਤਰ ਇਸਨੂੰ ਰਿਹਾਇਸ਼ੀ ਅਤੇ ਵਪਾਰਕ ਦੋਵੇਂ ਕਿਸਮ ਦੇ ਪ੍ਰੋਜੈਕਟਾਂ ਲਈ ਉਚਿਤ ਬਣਾਉਂਦੀ ਹੈ। ਇਸ ਨਾਲ ਆਰਕੀਟੈਕਟਾਂ ਅਤੇ ਡਿਜ਼ਾਈਨਰਾਂ ਨੂੰ ਹੋਰ ਨਵੀਨਤਮ ਅਤੇ ਗਤੀਸ਼ੀਲ ਥਾਵਾਂ ਤਿਆਰ ਕਰਨ ਦੀ ਵੱਧ ਆਜ਼ਾਦੀ ਮਿਲਦੀ ਹੈ।